2-SEP-PAGE-1.qxd 9/1/2024 9:25 PM Page 1

ਸੋਮਵਾਰ, 2 ਸਤੰਬਰ, 2024
18 ਭਾਦੋਂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 92

ਨਵਾਂ ਜ਼ਮਾਨਾ

DAILY NAWAN ZAMANA • MONDAY, 2 SEPTEMBER, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਮੋਦੀ ਦੀਆਂ ਉਸਾਰੀਆਂ ਘਟੀਆ ਹੀ ਨਿਕਲੀਆਂ : ਠਾਕਰੇ

ਮੁੰਬਈ : ਮਹਾਰਾਸ਼ਟਰ ਦੇ ਸਿੰਧੂਦੁਰਗ ਜ਼ਿਲ੍ਹੇ ਵਿਚ ਸਥਿਤ ਛਤਰਪਤੀ ਸ਼ਿਵਾ ਜੀ ਮਹਾਰਾਜ ਦਾ ਬੁੱਤ ਡਿੱਗ ਪੈਣ ਖਿਲਾਫ ਆਪੋਜ਼ੀਸ਼ਨ ਮਹਾ ਵਿਕਾਸ ਅਘਾੜੀ (ਐੱਮ ਵੀ ਏ) ਦੇ ਆਗੂਆਂ ਨੇ ਐਤਵਾਰ ਦੱਖਣੀ ਮੁੰਬਈ ਵਿਚ ਮਸ਼ਹੂਰ ਹੁਤਾਤਮਾ ਚੌਕ ਤੋਂ ਗੇਟਵੇਅ ਆਫ ਇੰਡੀਆ ਤੱਕ ਰੋਸ ਮਾਰਚ ਕੱਢਿਆ। ਇਸ ਨੂੰ ਜੋੜੇ ਮਾਰੋ (ਜੁੱਤੀ ਮਾਰੋ) ਦਾ ਨਾਂਅ ਦਿੱਤਾ ਗਿਆ।

ਸਤਾਰ੍ਹਵੀਂ ਸਦੀ ਦੇ ਯੋਧੇ ਸ਼ਿਵਾ ਜੀ ਮਹਾਰਾਜ ਦੇ ਰਾਜਕੋਟ ਕਿਲ੍ਹੇ ਵਿਚ ਲਾਏ ਗਏ ਇਸ ਬੁੱਤ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੀਤੇ ਸਾਲ 4 ਦਸੰਬਰ ਨੂੰ ਨੇਵੀ ਡੇਅ ਦੇ ਮੌਕੇ ਉਦਘਾਟਨ ਕੀਤਾ ਸੀ, ਜਿਹੜਾ ਪਿਛਲੇ ਦਿਨੀਂ ਡਿੱਗ ਪਿਆ। ਇਸ ਖਿਲਾਫ ਮਹਾਰਾਸ਼ਟਰ ਵਾਸੀਆਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਐੱਨ ਸੀ ਪੀ (ਐੱਸ ਪੀ) ਮੁਖੀ ਸ਼ਰਦ ਪਵਾਰ, ਸ਼ਿਵ ਸੈਨਾ (ਯੂ ਬੀ ਟੀ) ਮੁਖੀ ਊਧਵ ਠਾਕਰੇ, ਕਾਂਗਰਸ ਦੇ ਸੂਬਾਈ ਪ੍ਰਧਾਨ ਨਾਨਾ ਪਟੋਲੇ ਅਤੇ ਪਾਰਟੀ ਦੀ ਮੁੰਬਈ ਇਕਾਈ ਦੀ ਪ੍ਰਧਾਨ ਵਰਸ਼ਾ ਗਾਇਕਵਾੜ ਨੇ ਹੁਤਾਤਮਾ ਚੌਕ ਵਿਖੇ 'ਸੰਯੁਕਤ ਮਹਾਰਾਸ਼ਟਰ' ਅੰਦੋਲਨ ਦੇ ਸ਼ਹੀਦਾਂ ਦੀ ਯਾਦਗਾਰ ਉਤੇ ਫੁੱਲਮਾਲਾਵਾਂ ਚੜ੍ਹਾ ਕੇ ਰੋਸ ਮਾਰਚ ਦੀ ਸ਼ੁਰੂਆਤ ਕੀਤੀ। ਇਸ ਮੌਕੇ ਠਾਕਰੇ ਨੇ ਕਿਹਾ ਕਿ ਹਾਲਾਂਕਿ ਮਹਾਰਾਸ਼ਟਰ ਦੌਰੇ ਦੌਰਾਨ ਮੋਦੀ ਨੇ ਬੁੱਤ ਡਿੱਗਣ 'ਤੇ ਮੁਆਫੀ ਮੰਗੀ, ਪਰ ਉਨ੍ਹਾ ਦੇ ਚਿਹਰੇ 'ਤੇ ਹੰਕਾਰ ਨਜ਼ਰ ਆ ਰਿਹਾ ਸੀ। ਇਹ ਮੁਆਫੀ ਉਨ੍ਹਾ ਕੁਰੱਪਸ਼ਨ ਲੁਕੋਣ ਲਈ ਮੰਗੀ, ਜਿਹਦੇ ਕਰਕੇ ਬੁੱਤ ਡਿੱਗਿਆ। ਮੋਦੀ ਨੇ ਰਾਮ ਮੰਦਰ, ਪਾਰਲੀਮੈਂਟ ਹਾਊਸ ਤੇ ਛਤਰਪਤੀ ਸ਼ਿਵਾ ਜੀ ਮਹਾਰਾਜ ਦੇ ਬੁੱਤ ਸਣੇ ਜਿਹੜੀਆਂ ਉਸਾਰੀਆਂ ਨੂੰ ਹੱਥ ਪਾਇਆ, ਸਭ ਘਟੀਆ ਕੁਆਲਿਟੀ ਦੀਆਂ ਸਾਬਤ ਹੋਈਆਂ। ਮਹਾਰਾਸ਼ਟਰ ਦੇ ਲੋਕ ਮੋਦੀ ਦੀ ਮੁਆਫੀ ਨਹੀਂ ਮੰਨਣਗੇ ਤੇ ਹੁਕਮਰਾਨ ਪਾਰਟੀ ਨੂੰ ਸਬਕ ਸਿਖਾਉਣਗੇ।

ਠਾਕਰੇ ਨੇ ਅੱਗੇ ਕਿਹਾ—ਮਹਾਰਾਸ਼ਟਰ ਵਿਚ ਜੋ ਹੋ ਰਿਹਾ ਹੈ, ਉਹ ਸਿਆਸਤ ਨਹੀਂ। ਅੱਜ ਹੀ ਸ਼ਿਵਾ ਜੀ ਵਿਰੋਧੀ ਲੋਕ (ਭਾਜਪਾ) ਮਹਾ ਵਿਕਾਸ ਅਘਾੜੀ ਖਿਲਾਫ ਪ੍ਰੋਟੈਸਟ ਕਰ ਰਹੇ ਹਨ। ਕਰਨ ਦਿਓ। ਅਸੀਂ ਉਨ੍ਹਾਂ ਨੂੰ ਕਹਿਣਾ ਚਾਹੁੰਦੇ ਹਾਂ ਕਿ ਅਸੀਂ ਗੇਟਵੇਅ ਆਫ ਇੰਡੀਆ ਦੀ ਚੋਣ ਇਸ ਕਰਕੇ ਕੀਤੀ ਹੈ ਕਿ ਭਾਜਪਾ ਦਾ ਗੈੱਟ ਆਊਟ ਆਫ ਇੰਡੀਆ ਕਰਨਾ ਹੈ।

ਠਾਕਰੇ ਨੇ ਮਾਰਚ ਦੌਰਾਨ ਮੁੱਖ ਮੰਤਰੀ ਸ਼ਿੰਦੇ, ਉਪ ਮੁੱਖ ਮੰਤਰੀ ਦਵਿੰਦਰ ਫੜਨਵੀਸ ਤੇ ਉਪ ਮੁੱਖ ਮੰਤਰੀ ਅਜੀਤ ਪਵਾਰ ਦੇ ਪੋਸਟਰ 'ਤੇ ਚੱਪਲ ਮਾਰੀ।

ਪਵਾਰ ਨੇ ਕਿਹਾ ਕਿ ਹੁਕਮਰਾਨ ਪਾਰਟੀ ਦੇ ਸਟੈਂਡ ਨੇ ਸ਼ਿਵਾ ਜੀ ਮਹਾਰਾਜ ਦੀ ਬੇਇੱਜ਼ਤੀ ਕੀਤੀ ਹੈ। ਮਹਾਰਾਸ਼ਟਰ ਵਿਚ ਸ਼ਿਵਾ ਜੀ ਮਹਾਰਾਜ ਦੇ ਕਈ ਬੁੱਤ ਹਨ, ਪਰ ਮਲਵਾਨ ਵਾਲਾ ਹੀ ਡਿੱਗਿਆ। ਲੋਕਾਂ ਵਿਚ ਆਮ ਭਾਵਨਾ ਹੈ ਕਿ ਪ੍ਰੋਜੈਕਟ ਵਿਚ ਕੁਰੱਪਸ਼ਨ ਹੋਈ, ਜੋ ਕਿ ਸ਼ਿਵਾ ਜੀ ਮਹਾਰਾਜ ਦੀ ਬੇਇੱਜ਼ਤੀ ਹੈ।

ਪਟੋਲੇ ਨੇ ਕਿਹਾ ਕਿ ਸਿਹਤ ਠੀਕ ਨਾ ਹੋਣ ਦੇ ਬਾਵਜੂਦ ਪਵਾਰ ਮਾਰਚ ਵਿਚ ਸ਼ਾਮਲ ਹੋਏ। ਸਭ ਇਹ ਸੰਕਲਪ ਲੈ ਕੇ ਜਾਣਗੇ ਕਿ ਮੁਆਫੀਵੀਰਾਂ ਨੂੰ ਘਰ ਦਾ ਰਾਹ ਦਿਖਾਉਣਾ ਹੈ। ਇਸੇ ਦੌਰਾਨ ਮੁੱਖ ਮੰਤਰੀ ਏਕਨਾਥ ਸ਼ਿੰਦੇ ਨੇ ਕਿਹਾ ਹੈ ਕਿ ਬੁੱਤ ਦਾ ਡਿੱਗਣਾ ਮੰਦਭਾਗਾ ਹੈ, ਪਰ ਆਪੋਜ਼ੀਸ਼ਨ ਵਾਲੇ ਸਿਆਸਤ ਕਰ ਰਹੇ ਹਨ। ਮਹਾਰਾਸ਼ਟਰ ਦੇ ਲੋਕ ਇਨ੍ਹਾਂ ਨੂੰ ਜੁੱਤੀਆਂ ਮਾਰਨਗੇ।

ਬਿਜਲੀ ਕਾਮਿਆਂ ਵੱਲੋਂ ਮੰਤਰੀ ਦੀ ਰਿਹਾਇਸ਼ ਅੱਗੇ ਲਾਮਿਸਾਲ ਧਰਨਾ ਤੇ ਝੰਡਾ ਮਾਰਚ

10 ਤੋਂ 12 ਸਤੰਬਰ ਤੱਕ 3 ਦਿਨ ਦੀ ਸਮੂਹਿਕ ਛੁੱਟੀ 'ਤੇ ਜਾਣ ਦਾ ਐਲਾਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)

ਬਿਜਲੀ ਕਾਮਿਆਂ ਦੀ ਪ੍ਰਤੀਨਿਧਤਾ ਕਰ ਰਹੀਆਂ ਵੱਖ-ਵੱਖ ਜਥੇਬੰਦੀਆਂ ਦੇ ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਤੋਂ ਇਲਾਵਾ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਦੇ ਸੱਦੇ 'ਤੇ ਹਜ਼ਾਰਾਂ ਬਿਜਲੀ ਕਾਮਿਆਂ ਨੇ ਐਤਵਾਰ ਬਿਜਲੀ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ ਦੀ ਵਾਅਦਾ-ਖਿਲਾਫੀ ਵਿਰੁੱਧ ਉਨ੍ਹਾਂ ਦੀ ਅੰਮ੍ਰਿਤਸਰ ਰਿਹਾਇਸ਼ ਵਿਖੇ ਲਾਮਿਸਾਲ ਸੂਬਾਈ ਰੋਸ ਧਰਨਾ ਦੇਣ ਉਪਰੰਤ ਝੰਡਾ ਮਾਰਚ ਕਰਕੇ ਆਪਣੇ ਰੋਹ ਦਾ ਪ੍ਰਗਟਾਵਾ ਕੀਤਾ।ਸੂਬਾਈ ਆਗੂਆਂ ਰਤਨ ਸਿੰਘ ਮਜਾਰੀ, ਗੁਰਪ੍ਰੀਤ ਸਿੰਘ ਗੰਡੀਵਿੰਡ, ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਰਣਜੀਤ ਸਿੰਘ ਢਿੱਲੋਂ ਨੇ ਠਾਠਾਂ ਮਾਰਦੇ ਵੱਡੇ ਇਕੱਠ ਵਿੱਚ ਕਿਹਾ ਕਿ 31 ਜੁਲਾਈ ਨੂੰ ਬਿਜਲੀ ਮੰਤਰੀ ਦੀ ਪ੍ਰਧਾਨਗੀ ਹੇਠ ਪਾਵਰ ਸਕੱਤਰ ਦੀ ਮੌਜੂਦਗੀ ਵਿੱਚ ਬਿਜਲੀ ਨਿਗਮ ਦੀ ਮੈਨੇਜਮੈਂਟ ਨਾਲ ਚੰਡੀਗੜ੍ਹ ਵਿਖੇ ਮੁਲਾਜ਼ਮ ਮਸਲਿਆਂ 'ਤੇ ਤਿੰਨ ਘੰਟੇ ਮੀਟਿੰਗ ਹੋਈ ਸੀ।ਇਸ ਮੀਟਿੰਗ ਵਿੱਚ ਹੋਈਆਂ ਸਹਿਮਤੀਆਂ ਅਨੁਸਾਰ ਘਾਤਕ ਹਾਦਸੇ ਦਾ ਸ਼ਿਕਾਰ ਹੋਏ ਬਿਜਲੀ ਕਾਮਿਆਂ ਦੇ ਪੀੜਤ ਪਰਵਾਰਾਂ ਨੂੰ ਇਕ ਕਰੋੜ ਮੁਆਵਜ਼ਾ ਰਾਸ਼ੀ ਦੇਣ ਸਮੇਤ ਕਾਮੇ ਨੂੰ ਸ਼ਹੀਦ ਦਾ ਦਰਜਾ ਦੇਣ, ਹਾਦਸੇ ਦਾ ਸ਼ਿਕਾਰ ਹੋਏ ਕਾਮੇ ਨੂੰ ਕੈਸ਼ ਲੈਸ ਇਲਾਜ ਦੀ ਸੁਵਿਧਾ, ਅਣਸੁਖਾਵੀਂ ਘਟਨਾ ਵਾਪਰਨ ਦੀ ਸੂਰਤ ਵਿੱਚ ਸੰਬੰਧਤ ਕਰਮਚਾਰੀ (ਜੇ ਈ, ਲਾਈਨਮੈਨ, ਸਹਾਇਕ ਲਾਈਨਮੈਨ ਆਦਿ) ਦੇ ਨਾਂਅ ਉੱਪਰ ਐੱਫ ਆਈ ਆਰ ਨਾ ਦਰਜ ਕਰਨ, ਆਰ ਟੀ ਐੱਮ ਦੀ ਤਰੱਕੀ ਤੁਰੰਤ ਕਰਨ, ਓ ਸੀ ਕੈਟਾਗਰੀ ਨੂੰ ਪੇ ਬੈਂਡ ਦੇਣ, ਸਲਮ ਤੋਂ ਲ ਮ ਦੀ ਤਰੱਕੀ ਕਰਨ, ਬਾਕੀ ਸਾਰੀਆਂ ਕੈਟੇਗਰੀਆਂ ਦੀਆਂ ਤਰੱਕੀਆਂ ਵਿੱਚ ਆਈ ਖੜੋਤ ਦੂਰ ਕਰਨ, ਇਨ ਹਾਊਸ ਕਾਂਟ੍ਰੈਕਟ ਕਾਮਿਆਂ ਨੂੰ ਰੈਗੂਲਰ ਕਰਨ, ਸੋਧੇ ਭੱਤਿਆਂ ਦਾ 32 ਮਹੀਨੇ ਦਾ ਬਕਾਇਆ ਜਾਰੀ ਕਰਨ, ਰਹਿੰਦੇ ਭੱਤੇ ਜਿਵੇਂ ਹਾਰਡਸ਼ਿਪ ਭੱਤਾ ਆਦਿ ਨੂੰ ਸੋਧ ਕੇ ਲਾਗੂ ਕਰਨ, ਪੁਨਰਗਠਨ ਦੇ ਨਾਂਅ 'ਤੇ ਖਤਮ ਕੀਤੀਆਂ ਅਸਾਮੀਆਂ ਨੂੰ ਮੁੜ ਤੋਂ ਬਹਾਲ ਕਰਨ, 17 ਜੁਲਾਈ 2020 ਤੋਂ ਪਹਿਲਾਂ ਤਰਸ ਦੇ ਆਧਾਰ 'ਤੇ ਪ੍ਰਤੀ ਬੇਨਤੀ ਦੇਣ ਵਾਲੇ ਕਰਮਚਾਰੀਆਂ ਉੱਪਰ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ ਅਤੇ ਵਿੱਤ ਵਿਭਾਗ ਪੰਜਾਬ ਸਰਕਾਰ ਨਾਲ ਸੰਬੰਧਤ ਮਸਲੇ ਜਿਵੇਂ 23 ਸਾਲਾ ਅਡਵਾਂਸ ਤਰੱਕੀ ਦਾ ਮਿਲਾਨ ਤੀਸਰੀ ਤਰੱਕੀ ਸਮੇਂ ਕਰਨ, 1 ਨਵੰਬਰ 2021 ਤੋਂ ਬਾਅਦ ਸਮਾਂਬੱਧ ਸਕੇਲ ਲਾਗੂ ਕਰਨ, 17 ਜੁਲਾਈ 2020 ਤੋਂ ਬਾਅਦ ਭਰਤੀ ਕੀਤੇ ਕਰਮਚਾਰੀਆਂ ਉੱਪਰ ਕੇਂਦਰੀ ਤਨਖਾਹ ਸਕੇਲਾਂ ਦੀ ਥਾਂ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਸੋਧੇ ਸਕੇਲਾਂ ਦੀ ਨੋਟੀਫਿਕੇਸ਼ਨ ਜਾਰੀ ਹੋਣ ਤੋਂ ਬਾਅਦ ਤਰੱਕੀ ਵਾਲੇ ਕਰਮਚਾਰੀਆਂ ਦੀ ਤਨਖਾਹ ਵਿੱਚ ਆਈਆਂ ਤਰੁੱਟੀਆਂ ਦੂਰ ਕਰਨ ਆਦਿ ਮੰਗਾਂ ਲਈ 15 ਅਗਸਤ ਤੱਕ ਵਿੱਤ ਮੰਤਰੀ ਅਤੇ ਮੁੱਖ ਮੰਤਰੀ ਨਾਲ ਗੱਲ ਕਰਕੇ ਮੰਨੀਆਂ ਮੰਗਾਂ ਲਾਗੂ ਕਰਨ ਦਾ ਵਾਅਦਾ ਕੀਤਾ ਸੀ, ਪਰ ਹੁਣ ਪਾਵਰ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਮੰਗਾਂ ਮੰਨਣ ਤੋਂ ਮੁਨਕਰ ਹੋ ਗਏ ਹਨ, ਮੰਗਾਂ ਲਾਗੂ ਕਰਨ ਦੀ ਥਾਂ ਵਰਕ ਟੂ ਰੂਲ ਅਨੁਸਾਰ ਡਿਊਟੀ ਕਰ ਰਹੇ ਮੁਲਾਜ਼ਮਾਂ ਨੂੰ ਐਸਮਾ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ, ਜਿਸ ਕਰਕੇ ਬਿਜਲੀ ਮੁਲਾਜ਼ਮਾਂ ਵਿਚ ਭਾਰੀ ਰੋਸ ਹੈ ਅਤੇ ਮੈਨੇਜਮੈਂਟ/ਪੰਜਾਬ ਸਰਕਾਰ ਪ੍ਰਤੀ ਬੇਵਿਸ਼ਵਾਸੀ ਦਾ ਮਾਹੌਲ ਹੈ, ਇਸ ਲਈ ਬਿਜਲੀ ਕਾਮੇ 21 ਅਗਸਤ ਤੋਂ ਵਰਕ ਟੂ ਰੂਲ ਤਹਿਤ ਆਪਣੀ ਬਣਦੀ ਡਿਊਟੀ ਹੀ ਕਰ ਰਹੇ ਹਨ ਅਤੇ 30 ਸਤੰਬਰ ਤੱਕ ਵਰਕ ਟੂ ਰੂਲ ਜਾਰੀ ਰੱਖਿਆ ਜਾਵੇਗਾ।10 ਸਤੰਬਰ ਤੋਂ 12 ਸਤੰਬਰ ਤੱਕ ਤਿੰਨ ਦਿਨ ਦੀ ਸਮੂੱਚੇ ਬਿਜਲੀ ਮੁਲਾਜ਼ਮ ਸਮੂਹਿਕ ਛੁੱਟੀ ਲੈ ਕੇ ਮੰਡਲ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਕਰਨਗੇ।ਸੰਘਰਸ਼ ਦੌਰਾਨ ਸਾਰੇ ਜੇ ਈ ਵੱਲੋਂ ਈ ਆਰ ਪੀ ਲਾਗੂ ਨਹੀਂ ਕਰਨਗੇ। ਇਸ ਤੋਂ ਇਲਾਵਾ ਫੀਲਡ ਦੌਰੇ ਦੌਰਾਨ ਬਿਜਲੀ ਮੰਤਰੀ ਸਮੇਤ ਪੂਰੀ ਮੈਨੇਜਮੈਂਟ/ਡਾਇਰੈਕਟਰਾਂ ਖਿਲਾਫ਼ ਕਾਲੇ ਝੰਡਿਆਂ ਨਾਲ ਰੋਸ ਵਿਖਾਵੇ ਕੀਤੇ ਜਾਣਗੇ।ਧਰਨੇ ਦੌਰਾਨ ਸੰਬੋਧਨ ਕਰਦਿਆਂ ਸਰਵਸਾਥੀ ਬਲਦੇਵ ਸਿੰਘ ਮੰਢਾਲੀ, ਸਰਬਜੀਤ ਸਿੰਘ ਭਾਣਾ, ਅਵਤਾਰ ਸਿੰਘ ਸ਼ੇਰਗਿੱਲ, ਸੁਰਿੰਦਰ ਪਾਲ ਲਾਹੌਰੀਆ, ਬਲਜੀਤ ਸਿੰਘ ਮੋਦਲਾ, ਰਵੇਲ ਸਿੰਘ ਸਹਾਏਪੁਰ, ਦਵਿੰਦਰ ਸਿੰਘ ਪਿਸੋਰ, ਸੁਖਵਿੰਦਰ ਸਿੰਘ ਚਾਹਲ, ਮਨਜੀਤ ਸਿੰਘ ਚਾਹਲ, ਜਗਜੀਤ ਸਿੰਘ ਕੋਟਲੀ, ਕੌਰ ਸਿੰਘ ਸੋਹੀ, ਦਲੀਪ ਕੁਮਾਰ, ਹਰਮਨਦੀਪ, ਗੁਰਵਿੰਦਰ ਸਿੰਘ ਹਜਾਰਾ ਆਦਿ ਤੋਂ ਇਲਾਵਾ ਪਾਵਰਕਾਮ/ਟ੍ਰਾਂਸਕੋ ਪੈਨਸ਼ਨ ਯੂਨੀਅਨ ਦੇ ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾਂ, ਪੈਨਸ਼ਨ ਐਸੋਸੀਏਸ਼ਨ ਦੇ ਸੂਬਾ ਆਗੂ ਸਵਿੰਦਰਪਾਲ ਸਿੰਘ ਮੋਲੋਵਾਲੀ ਨੇ ਬਿਜਲੀ ਨਿਗਮ ਦੀ ਮੈਨੇਜਮੈਂਟ/ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਜਲਦੀ ਨਾ ਲਾਗੂ ਕੀਤੀਆਂ ਗਈਆਂ ਤਾਂ ਇਸ ਸੰਘਰਸ਼ ਵਿੱਚ ਹੋਰ ਵਾਧਾ ਕੀਤਾ ਜਾਵੇਗਾ, ਜਿਸ ਨਾਲ ਸਮੂੱਚਾ ਬਿਜਲੀ ਤੰਤਰ ਪ੍ਰਭਾਵਿਤ ਹੋਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਦੀ ਆਪਣੀ ਹੋਵੇਗੀ।ਸਾਂਝਾ ਫੋਰਮ ਅਤੇ ਏਕਤਾ ਮੰਚ ਦੇ ਆਗੂਆਂ ਨੇ ਧਰਨੇ ਵਿੱਚ ਸ਼ਾਮਲ ਹੋਏ ਬਿਜਲੀ ਨਿਗਮ ਦੀਆਂ ਪੈਨਸ਼ਨਰ ਜਥੇਬੰਦੀਆਂ ਦੇ ਆਗੂਆਂ ਅਤੇ ਵਰਕਰਾਂ ਸਮੇਤ ਸਮੂੱਚੇ ਮੁਲਾਜ਼ਮ ਵਰਗ ਦਾ ਸੰਘਰਸ਼ ਵਿੱਚ ਭਰਵੀਂ ਸ਼ਮੂਲੀਅਤ ਕਰਨ ਲਈ ਧੰਨਵਾਦ ਕੀਤਾ।

ਤੇਜਿੰਦਰ ਸਿੰਘ ਨੇ ਹਵਾਈ ਫੌਜ ਦੇ ਉਪ ਮੁਖੀ ਦਾ ਅਹੁਦਾ ਸੰਭਾਲਿਆ

ਨਵੀਂ ਦਿੱਲੀ : ਏਅਰ ਮਾਰਸ਼ਲ ਤੇਜਿੰਦਰ ਸਿੰਘ ਨੇ ਐਤਵਾਰ ਭਾਰਤੀ ਹਵਾਈ ਫੌਜ ਦੇ ਉਪ ਮੁਖੀ ਦਾ ਅਹੁਦਾ ਸੰਭਾਲ ਲਿਆ। ਰੱਖਿਆ ਮੰਤਰਾਲੇ ਨੇ ਇਕ ਬਿਆਨ ਵਿਚ ਦੱਸਿਆ ਕਿ ਹਵਾਈ ਫੌਜ ਦੇ ਹੈੱਡ ਕੁਆਰਟਰ (ਵਾਯੂ ਭਵਨ) ਵਿਚ ਅਹੁਦੇ ਦਾ ਚਾਰਜ ਲੈਣ ਤੋਂ ਬਾਅਦ ਏਅਰ ਮਾਰਸ਼ਲ ਤੇਜਿੰਦਰ ਸਿੰਘ ਨੇ ਨੈਸ਼ਨਲ ਵਾਰ ਮੈਮੋਰੀਅਲ ਵਿਖੇ ਦੇਸ਼ ਦੇ ਸ਼ਹੀਦ ਫੌਜੀ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਕਮਰਸ਼ੀਅਲ ਸਿਲੰਡਰ 39 ਰੁਪਏ ਮਹਿੰਗਾ

ਨਵੀਂ ਦਿੱਲੀ : ਤੇਲ ਮਾਰਕੀਟਿੰਗ ਕੰਪਨੀਆਂ ਨੇ ਐਤਵਾਰ ਤੋਂ ਕਮਰਸ਼ੀਅਲ ਐੱਲ ਪੀ ਜੀ ਸਿਲੰਡਰ ਦੀ ਕੀਮਤ 39 ਰੁਪਏ ਵਧਾ ਦਿੱਤੀ। ਦਿੱਲੀ ਵਿਚ 19 ਕਿਲੋ ਦੇ ਸਿਲੰਡਰ ਦੀ ਕੀਮਤ ਵਧ ਕੇ 1691.50 ਰੁਪਏ ਹੋ ਗਈ ਹੈ। ਇਸ ਤੋਂ ਪਹਿਲਾਂ 1 ਜੁਲਾਈ ਨੂੰ ਕਾਰੋਬਾਰੀਆਂ ਅਤੇ ਵਪਾਰੀਆਂ ਨੂੰ ਰਾਹਤ ਦੇਣ ਦੇ ਮਨਸ਼ੇ ਨਾਲ ਤੇਲ ਕੰਪਨੀਆਂ ਨੇ ਕੀਮਤ 30 ਰੁਪਏ ਘਟਾਈ ਸੀ।

ਹੰਗਾਮੀ ਉਤਾਰਾ

ਨਾਗਪੁਰ : ਜਬਲਪੁਰ ਤੋਂ ਹੈਦਰਾਬਾਦ ਜਾ ਰਹੇ ਇੰਡੀਗੋ ਏਅਰਵੇਜ਼ ਦੇ ਜਹਾਜ਼ ਨੂੰ ਐਤਵਾਰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਕਾਰਨ ਨਾਗਪੁਰ ਵਿਖੇ ਉਤਾਰਨਾ ਪਿਆ। ਲੋੜੀਂਦੀ ਜਾਂਚ ਕੀਤੀ ਗਈ, ਪਰ ਕੁਝ ਵੀ ਸ਼ੱਕੀ ਨਹੀਂ ਮਿਲਿਆ।

'ਐਮਰਜੈਂਸੀ' ਸ਼੍ਰੋਮਣੀ ਕਮੇਟੀ ਦੀ ਮਨਜ਼ੂਰੀ ਦੇ ਬਾਅਦ ਹੀ ਰਿਲੀਜ਼ ਹੋਵੇ : ਚੰਨੀ

ਨਵੀਂ ਦਿੱਲੀ : ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਐਤਵਾਰ ਕਿਹਾ ਕਿ ਭਾਜਪਾ ਸੰਸਦ ਮੈਂਬਰ ਕੰਗਣਾ ਰਣੌਤ ਦੀ ਫਿਲਮ 'ਐਮਰਜੈਂਸੀ' ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮਨਜ਼ੂਰੀ ਤੋਂ ਬਿਨਾਂ ਰਿਲੀਜ਼ ਨਹੀਂ ਕੀਤਾ ਜਾਣਾ ਚਾਹੀਦਾ। ਉਨ੍ਹਾ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਭਾਈਚਾਰੇ ਦੀ ਨੁਮਾਇੰਦਾ ਸੰਸਥਾ ਹੈ ਅਤੇ ਫਿਲਮ ਵਿਚ ਸਿੱਖ ਇਤਿਹਾਸ ਦੀ ਕੀਤੀ ਗਈ ਪੇਸ਼ਕਾਰੀ ਨੂੰ ਲਾਜ਼ਮੀ ਤੌਰ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਘੋਖ ਕੇ ਮਨਜ਼ੂਰੀ ਦਿੱਤੇ ਜਾਣ ਤੋਂ ਬਾਅਦ ਹੀ ਫਿਲਮ ਨੂੰ ਰਿਲੀਜ਼ ਕੀਤਾ ਜਾਣਾ ਚਾਹੀਦਾ ਹੈ। ਚੰਨੀ ਨੇ ਕਿਹਾ—ਕੰਗਣਾ ਰਣੌਤ ਦੀ ਫਿਲਮ ਵਿਚ ਸਿੱਖ ਇਤਿਹਾਸ ਨੂੰ ਸਹੀ ਤਰੀਕੇ ਨਾਲ ਹੀ ਦਿਖਾਇਆ ਜਾਣਾ ਚਾਹੀਦਾ ਹੈ ਅਤੇ ਇਸ ਮਾਮਲੇ ਵਿਚ ਐੱਸ ਜੀ ਪੀ ਸੀ ਦੀ ਗੱਲ ਸੁਣੀ ਜਾਣੀ ਚਾਹੀਦੀ ਹੈ।

ਜਬਰ-ਜ਼ਨਾਹ ਦੇ ਦੋ ਮੁਲਜ਼ਮਾਂ ਦੀ ਜ਼ਮਾਨਤ 'ਤੇ ਅਖਿਲੇਸ਼ ਨੇ ਯੋਗੀ ਸਰਕਾਰ ਘੇਰੀ

ਲਖਨਊ : ਇੰਡੀਅਨ ਇੰਸਟੀਚਿਊਟ ਆਫ ਟੈਕਨਾਲੋਜੀ-ਬਨਾਰਸ ਹਿੰਦੂ ਯੂਨੀਵਰਸਿਟੀ (ਆਈ ਆਈ

2-SEP-PAGE-1.qxd 9/1/2024 9:27 PM Page 2

ਸਾਉਣੀ ਦੀਆਂ ਫਸਲਾਂ ਸੰਬੰਧੀ ਕਿਸਾਨ ਸਿਖਲਾਈ ਕੈਂਪ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਮੁੱਖ ਖੇਤੀਬਾੜੀ ਅਫਸਰ ਡਾ. ਜਗਸੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਖੇਤੀਬਾੜੀ ਅਫਸਰ ਰਾਮਪੁਰਾ ਡਾ. ਮੁਖਤਿਆਰ ਬਰਾੜ ਦੀ ਦੇਖ-ਰੇਖ 'ਚ ਪਿੰਡ ਚਾਉਕੇ ਵਿਖੇ ਸਾਉਣੀ ਦੀਆਂ ਫਸਲਾਂ ਸਬੰਧੀ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ।ਕੈਂਪ ਦੌਰਾਨ ਖੇਤੀਬਾੜੀ ਵਿਕਾਸ ਅਫਸਰ ਜਗਪਾਲ ਸਿੰਘ ਨੇ ਕਿਸਾਨਾਂ ਨੂੰ ਝੋਨੇ ਦੀ ਫਸਲ ਦੇ ਕੀੜੇ-ਮਕੌੜਿਆਂ ਤੇ ਬਿਮਾਰੀਆਂ ਸਬੰਧੀ ਜਾਗਰੂਕ ਕੀਤਾ ਅਤੇ ਪਰਾਲੀ ਪ੍ਰਬੰਧਨ ਸਬੰਧੀ ਜਾਣਕਾਰੀ ਦਿੱਤੀ।ਇਸ ਦੌਰਾਨ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਰਮਨਦੀਪ ਸਿੰਘ ਸਿੱਧੂ ਨੇ ਕਿਸਾਨਾਂ ਨੂੰ ਨਰਮੇ ਦੀ ਫਸਲ ਬਾਰੇ ਵਡਮੁੱਲੀ ਜਾਣਕਾਰੀ ਦਿੱਤੀ।ਇਸ ਮੌਕੇ ਰਾਜਨ ਕੁਮਾਰ, ਸ਼੍ਰੀਮਤੀ ਦੀਕਸ਼ਾ ਵੱਲੋਂ ਕਿਸਾਨਾਂ ਦੀ ਪੀ ਐੱਮ ਕਿਸਾਨ ਸਨਮਾਨ ਨਿਧੀ ਸਕੀਮ ਤਹਿਤ ਈ ਕੇਵਾਈਸੀ ਵੀ ਕੀਤੀ ਗਈ।ਇਸ ਮੌਕੇ ਕਿਸਾਨਾਂ ਨੂੰ ਬਾਗਬਾਨੀ ਵਿਭਾਗ ਵੱਲੋਂ ਫਲਦਾਰ ਤੇ ਛਾਂਦਾਰ ਬੂਟੇ ਵੀ ਵੰਡੇ ਗਏ।ਇਸ ਤੋਂ ਇਲਾਵਾ ਬਲਾਕ ਰਾਮਪੁਰਾ 'ਚ ਸੁਰੇਸ਼ ਕੁਮਾਰ, ਕੰਵਲਜੀਤ ਸਿੰਘ, ਅਰੁਣਦੀਪ ਸਿੰਘ, ਮਨਪ੍ਰੀਤ ਸਿੰਘ ਵੱਲੋਂ ਬਾਕੀ ਪਿੰਡਾਂ ਵਿੱਚ ਵੀ ਕਿਸਾਨਾਂ ਨੂੰ ਫਸਲਾਂ ਤੇ ਪਾਣੀ ਦੀ ਬੱਚਤ ਸਬੰਧੀ ਲਗਾਤਾਰ ਕੈਂਪ ਲਗਾਏ ਜਾ ਰਹੇ ਹਨ।

ਵਿਵੇਕਾਨੰਦ ਵਰਲਡ ਸਕੂਲ ਵਿਖੇ ਜ਼ਿਲ੍ਹਾ ਪੱਧਰੀ ਸ਼ੂਟਿੰਗ ਮੁਕਾਬਲੇ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਫਿਰੋਜ਼ਪੁਰ ਵੱਲੋਂ ਵਿਵੇਕਾਨੰਦ ਵਰਲਡ ਸਕੂਲ ਵਿਖੇ ਜ਼ਿਲ੍ਹਾ ਪੱਧਰੀ ਏਅਰ ਪਿਸਟਲ/ਰਾਈਫ਼ਲ ਸ਼ੂਟਿੰਗ ਮੁਕਾਬਲੇ ਕਰਵਾਏ ਗਏ। ਸਮਾਗਮ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਸਕੂਲ ਦੇ ਡਾਇਰੈਕਟਰ ਐੱਸ. ਐੱਨ. ਰੁਦਰਾ, ਪ੍ਰਿੰਸੀਪਲ ਤਜਿੰਦਰ ਪਾਲ ਕੌਰ ਤੇ ਉੱਘੇ ਸਿੱਖਿਆ ਸ਼ਾਸਤਰੀ ਵਿਪਨ ਕੁਮਾਰ ਸ਼ਰਮਾ ਵੱਲੋਂ ਕੀਤਾ ਗਿਆ। ਮੁਕਾਬਲੇ ਦੀ ਅਗਵਾਈ ਵੀ.ਡਬਲਿਊ. ਐੱਸ. ਈਗਲ ਆਈ ਸ਼ੂਟਿੰਗ ਰੇਂਜ ਦੇ ਕੋਚ ਦਰਸ਼ਨ ਸਿੰਘ ਸਿੱਧੂ ਵੱਲੋਂ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਵਿੱਚ ਮੁੱਖ ਤੇ ਵਿਸ਼ੇਸ਼ ਮਹਿਮਾਨਾਂ ਦਾ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਸਵਾਗਤ ਕੀਤਾ ਗਿਆ। ਮੁੱਖ ਮਹਿਮਾਨ ਐੱਸ. ਐੱਨ. ਰੁਦਰਾ ਨੇ ਉਦਘਾਟਨੀ ਸਮਾਰੋਹ ਵਿੱਚ ਕਿਹਾ ਕਿ ਖੇਡਾਂ ਜੀਵਨ ਦਾ ਇੱਕ ਅਨਿੱਖੜਵਾਂ ਅੰਗ ਹਨ ਤੇ ਨਾ ਸਿਰਫ਼ ਸਰੀਰਕ ਬਲਕਿ ਮਾਨਸਿਕ ਅਤੇ ਭਾਵਨਾਤਮਕ ਵਿਕਾਸ ਵਿੱਚ ਵੀ ਸਹਾਇਕ ਹੁੰਦੀਆਂ ਹਨ। ਵਿਸ਼ੇਸ਼ ਮਹਿਮਾਨ ਵਿਪਨ ਕੁਮਾਰ ਸ਼ਰਮਾ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਨੌਜਵਾਨਾਂ ਵਿੱਚ ਆਤਮ-ਵਿਸ਼ਵਾਸ ਤੇ ਅਨੁਸ਼ਾਸਨ ਨੂੰ ਵਧਾਉਂਦੇ ਹਨ। ਸਕੂਲ ਪ੍ਰਿੰਸੀਪਲ ਤਜਿੰਦਰ ਪਾਲ ਕੌਰ ਨੇ ਕਿਹਾ ਕਿ ਇਸ ਮੁਕਾਬਲੇ ਰਾਹੀਂ ਅਸੀਂ ਨੌਜਵਾਨ ਖਿਡਾਰੀਆਂ ਨੂੰ ਇੱਕ ਪਲੇਟਫਾਰਮ ਪ੍ਰਦਾਨ ਕਰ ਰਹੇ ਹਾਂ, ਜਿੱਥੇ ਉਹ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕਰ ਸਕਦੇ ਹਨ। ਮੈਨੂੰ ਮਾਣ ਹੈ ਕਿ ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਸਾਡੇ ਵਿਦਿਆਰਥੀਆਂ ਨੇ ਅਹਿਮ ਭੂਮਿਕਾ ਨਿਭਾਈ।

ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਪਿੰਡ ਦੁੱਨੇਕੇ ਇਕਾਈ ਦਾ ਗਠਨ

ਮੋਗਾ (ਇਕਬਾਲ ਸਿੰਘ ਖਹਿਰਾ)-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ ਪਿੰਡ ਦੁੱਨੇਕੇ ਵਿਖੇ ਹੋਈ ਮੀਟਿੰਗ ਦੌਰਾਨ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੀਨੀਅਰ ਆਗੂ ਦਰਸ਼ਨ ਸਿੰਘ ਦੀ ਪ੍ਰੇਰਨਾ ਸਦਕਾ ਪਿੰਡ ਦੁੱਨੇਕੇ ਵਿਖੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਸੂਬਾ ਮੀਤ ਪ੍ਰਧਾਨ ਗੁਲਜ਼ਾਰ ਸਿੰਘ ਘੱਲ ਕਲਾਂ ਦੀ ਅਗਵਾਈ ਹੇਠ ਇਕਾਈ ਦਾ ਗਠਨ ਕਰਨ ਉਪਰੰਤ ਪ੍ਰਕਾਸ਼ ਸਿੰਘ ਇਕਾਈ ਪ੍ਰਧਾਨ, ਕੁਲਜਿੰਦਰ ਸਿੰਘ ਇਕਾਈ ਮੀਤ ਪ੍ਰਧਾਨ, ਬਲਜਿੰਦਰ ਸਿੰਘ ਇਕਾਈ ਜਰਨਲ ਸਕੱਤਰ, ਹਰਪ੍ਰੀਤ ਸਿੰਘ ਇਕਾਈ ਕੈਸ਼ੀਅਰ, ਜਸਕਰਨ ਸਿੰਘ ਇਕਾਈ ਪ੍ਰਚਾਰ ਸਕੱਤਰ, ਸੁਖਵੀਰ ਸਿੰਘ ਮੈਂਬਰ, ਸ਼ਿਵਕਰਨ ਸਿੰਘ ਮੈਂਬਰ ਨੂੰ ਹਾਰ ਪਾ ਕੇ ਅਹੁਦੇਦਾਰੀਆਂ ਸੌਂਪੀਆਂ ਗਈਆਂ। ਇਸ ਸਮੇਂ ਨਵੇਂ ਚੁਣੇ ਇਕਾਈ ਪ੍ਰਧਾਨ ਪ੍ਰਕਾਸ਼ ਸਿੰਘ ਨੇ ਕਿਹਾ ਅਸੀਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਮੋਢੇ ਨਾਲ ਮੋਢਾ ਜੋੜ ਕੇ ਕਿਸਾਨੀ ਹੱਕੀ ਮੰਗਾਂ ਅਤੇ ਚੱਲ ਰਹੇ ਸੰਘਰਸ਼ਾਂ ਵਿੱਚ ਮੋਹਰੀ ਹੋ ਕੇ ਲੜਨ ਦਾ ਭਰੋਸਾ ਦਿਵਾਇਆ। ਇਸ ਸਮੇਂ ਗੁਰਮੇਲ ਸਿੰਘ ਡਰੋਲੀ ਭਾਈ, ਮੰਦਰਜੀਤ ਸਿੰਘ ਮਨਾਵਾਂ, ਜਗਸੀਰ ਸਿੰਘ ਜੱਗੀ ਬਾਘਾ ਪੁਰਾਣਾ, ਜਗਤਾਰ ਸਿੰਘ ਚੋਟੀਆਂ, ਮੇਜਰ ਸਿੰਘ ਡਰੋਲੀ, ਦਰਸ਼ਨ ਸਿੰਘ, ਮੋਦਨ ਸਿੰਘ ਨਿਧਾਨ ਵਾਲਾ, ਜਸਕਰਨ ਸਿੰਘ ਨਿਧਾ ਵਾਲਾ, ਬਲਕਰਨ ਸਿੰਘ ਢਿੱਲੋਂ, ਜੋਗਿੰਦਰ ਸਿੰਘ ਆਦਿ ਹਾਜ਼ਰ ਸਨ।

ਹਾਰਵਰਡ ਸਕੂਲ ਦੀਆਂ ਵਿਦਿਆਰਥਣਾਂ ਨੇ ਬਾਸਕਟਬਾਲ 'ਚ ਗੱਡੇ ਝੰਡੇ

ਬਾਘਾ ਪੁਰਾਣਾ (ਮਨੀ ਸਿੰਗਲਾ)-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਮੀਲ ਪੱਥਰ ਸਥਾਪਤ ਕਰ ਰਿਹਾ ਹੈ।ਇਸ ਦੀ ਜਾਣਕਾਰੀ ਦਿੰਦੇ ਹੋਏ ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ ਨੇ ਦੱਸਿਆ ਕਿ ਬੀਤੇ ਦਿਨ ਜ਼ੋਨ ਪੱਧਰ ਦੇ ਬਾਸਕਟ ਬਾਲ ਮੁਕਾਬਲਿਆਂ ਵਿੱਚ ਸਕੂਲ ਦੀਆਂ ਵਿਦਿਆਰਥਣਾਂ ਨੇ ਮਾਣ ਮੱਤੀਆਂ ਪ੍ਰਾਪਤੀਆਂ ਹਾਸਲ ਕੀਤੀਆਂ।ਉਨ੍ਹਾ ਦੱਸਿਆ ਕਿ ਸਕੂਲ ਦੀ ਅੰਡਰ-19 ਬਾਸਕਟ ਬਾਲ ਟੀਮ (ਲੜਕੀਆਂ) ਨੇ ਪਹਿਲਾ, ਅੰਡਰ-17 ਬਾਸਕਟ ਬਾਲ ਟੀਮ ਲੜਕੀਆਂ ਨੇ ਪਹਿਲਾ ਤੇ ਅੰਡਰ-16 ਬਾਸਕਟ ਬਾਲ ਟੀਮ ਲੜਕੀਆਂ ਨੇ ਜ਼ੋਨ ਪੱਧਰ 'ਤੇ ਦੂਜਾ ਸਥਾਨ ਹਾਸਲ ਕਰ ਕੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ।ਉਨ੍ਹਾ ਦੱਸਿਆ ਕਿ ਸਾਡੇ ਬੱਚੇ ਆਪਣੇ ਡੀ ਪੀ ਅਧਿਆਪਕ ਸੰਜੀਵ ਕੁਮਾਰ ਤੇ ਜਗਦੀਸ਼ ਸਿੰਘ ਦੀ ਯੋਗ ਅਗਵਾਈ ਹੇਠ ਲਗਾਤਾਰ ਅਭਿਆਨ ਕਰ ਰਹੇ ਸਨ ਅਤੇ ਉਨ੍ਹਾਂ ਤੋਂ ਖੇਡ ਦੀਆਂ ਬਾਰੀਕੀਆਂ ਨੂੰ ਸਮਝਿਆ ਤੇ ਸਿੱਖਿਆ।ਇਸ ਸਮੇਂ ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ ਤੇ ਪ੍ਰਿੰਸੀਪਲ ਮੈਡਮ ਅਨੀਨਾ ਨੇ ਜੇਤੂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਅਤੇ ਇਨ੍ਹਾਂ ਨੂੰ ਵਧਾਈ ਦਿੱਤੀ।

ਡੈਮੋਕਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਮੋਗਾ ਰੇਂਜ ਦੀ ਚੋਣ

ਮੋਗਾ (ਇਕਬਾਲ ਸਿੰਘ ਖਹਿਰਾ)-ਡੈਮੋਕਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਮੋਗਾ ਰੇਂਜ ਦੀ ਇਕੱਤਰਤਾ ਸਮਾਲਸਰ ਨਰਸਰੀ ਵਿਖੇ ਹੋਈ । ਜਿਸ ਵਿੱਚ ਬਲਵੀਰ ਸਿੰਘ ਸਿਵੀਆ ਸੂਬਾ ਜਨਰਲ ਸਕੱਤਰ ਵੱਲੋਂ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ ਗਈ, ਉਪਰੰਤ ਬਲਵੀਰ ਸਿੰਘ ਦੀ ਹਾਜ਼ਰੀ ਵਿੱਚ ਮੋਗਾ ਰੇਂਜ ਕਮੇਟੀ ਦੀ ਚੋਣ ਕਰਵਾਈ ਗਈ। ਇਸ ਚੋਣ ਦੌਰਾਨ ਮਨਜੀਤ ਕੌਰ ਰੰਡਿਆਲਾ ਨੂੰ ਪ੍ਰਧਾਨ, ਰਾਮ ਸਿੰਘ ਲੰਗੇਆਣਾ ਨੂੰ ਸੀਨੀਅਰ ਮੀਤ ਪ੍ਰਧਾਨ, ਲਾਲ ਸਿੰਘ ਵੈਰੋਕੇ ਨੂੰ ਮੀਤ ਪ੍ਰਧਾਨ, ਸੇਵਕ ਸਿੰਘ ਮੱਲਕੇ ਨੂੰ ਚੇਅਰਮੈਨ, ਗੁਰਪ੍ਰੀਤ ਲੰਗੇਆਣਾ ਨੂੰ ਜਨਰਲ ਸਕੱਤਰ, ਕੁਲਵੰਤ ਸਿੰਘ ਸੇਖਾ ਨੂੰ ਖਜ਼ਾਨਚੀ, ਵੀਰਪਾਲ ਕੌਰ ਨੂੰ ਉਪ ਸਕਤਰ, ਨਿਰਮਲ ਸਿੰਘ ਨੂੰ ਪ੍ਰੈੱਸ ਸਕੱਤਰ, ਰਾਮ ਸਿੰਘ ਸੇਖਾ ਨੂੰ ਮੁੱਖ ਸਲਾਹਕਾਰ, ਅਮਨਦੀਪ ਸਿੰਘ ਨੂੰ ਪ੍ਰਬੰਧਕ, ਲਖਵੀਰ ਸਿੰਘ ਰੱਖਾ ਨੂੰ ਜੁਆਇੰਟ ਸਕੱਤਰ ਚੁਣਿਆ ਗਿਆ। ਇਹ ਚੋਣ ਮੋਗਾ ਰੇਂਜ ਦੇ ਸਾਰੇ ਹੀ ਬਲਾਕਾਂ ਦੇ ਵਰਕਰਾਂ ਦੀ ਸਹਿਮਤੀ ਨਾਲ ਹੋਈ। ਇਸ ਸਮੇਂ ਹਰਪ੍ਰੀਤ ਸਿੰਘ ਘੋਲੀਆ, ਜਸਕਰਨ ਸਿੰਘ ਬਾਂਦਰ, ਬਲਵਿੰਦਰ ਸਿੰਘ ਕੋਟ ਇਸੇ ਖਾਂ, ਹਰਦੀਪ ਸਿੰਘ ਫੂਲੇਵਾਲਾ ਸਮੇਤ ਰੇਂਜ ਦੇ ਬਹੁਤ ਸਾਰੇ ਵਰਕਰ ਹਾਜ਼ਰ ਸਨ।

ਪ੍ਰੈੱਸ ਕਲੱਬ ਵੱਲੋਂ ਹੱਕੀ ਮੰਗਾਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪ੍ਰੈੱਸ ਕਲੱਬ ਮਹਿਲ ਕਲਾਂ (ਬਰਨਾਲਾ) ਦੀ ਵਿਸ਼ੇਸ਼ ਮੀਟਿੰਗ ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਕਲੱਬ ਦੀਆਂ ਸਰਗਰਮੀਆਂ ਨੂੰ ਹੋਰ ਤੇਜ਼ ਕਰਨ ਤੇ ਦਰਪੇਸ਼ ਮੁਸ਼ਕਲਾਂ ਸਬੰਧੀ ਗੰਭੀਰਤਾ ਨਾਲ ਵਿਚਾਰ ਚਰਚਾ ਹੋਈ। ਇਸ ਮੌਕੇ ਬੋਲਦਿਆਂ ਕਲੱਬ ਦੇ ਸਰਪ੍ਰਸਤ ਅਵਤਾਰ ਸਿੰਘ ਅਣਖੀ, ਜਨਰਲ ਸਕੱਤਰ ਮੇਘ ਰਾਜ ਜੋਸ਼ੀ ਨੇ ਦੱਸਿਆ ਕਿ ਕਲੱਬ ਦੀ 19ਵੀਂ ਵਰ੍ਹੇਗੰਢ ਨੂੰ ਸਮਰਪਤ ਵਿਸ਼ਾਲ ਸਮਾਗਮ ਸਤੰਬਰ ਮਹੀਨੇ ਵਿੱਚ ਕਰਵਾਇਆ ਜਾਵੇਗਾ।ਉਨ੍ਹਾਂ ਫੀਲਡ ਵਿੱਚ ਕੰਮ ਕਰਦੇ ਸਮੂਹ ਪੱਤਰਕਾਰਾਂ ਦੀਆਂ ਭਖਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਲਾਗੂ ਕਰਨ ਦੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਪਾਸੋਂ ਮੰਗ ਕੀਤੀ।ਵਿੱਤ ਸਕੱਤਰ ਬਲਵਿੰਦਰ ਸਿੰਘ ਵਜੀਦਕੇ, ਜਥੇਬੰਦਕ ਸਕੱਤਰ ਬਲਵੰਤ ਸਿੰਘ ਚੁਹਾਣਕੇ ਨੇ ਪੱਤਰਕਾਰ ਭਾਈਚਾਰੇ ਨੂੰ ਪਹਿਲਾਂ ਮਿਲਦੀ ਸਹੂਲਤ ਪੀਲਾ ਕਾਰਡ ਬਣਾਉਣ ਉੱਪਰ ਆਪ ਸਰਕਾਰ ਵੱਲੋਂ ਕੱਟ ਲਗਾਉਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਫੀਲਡ ਵਿੱਚ ਕੰਮ ਕਰਦੇ ਸਾਰੇ ਪੱਤਰਕਾਰਾਂ ਦੇ ਬਿਨਾਂ ਕਿਸੇ ਵਿਤਕਰੇ ਤੋਂ ਪੀਲੇ ਕਾਰਡ ਬਣਾਉਣ ਦੀ ਮੰਗ ਕੀਤੀ।ਇਸ ਮੌਕੇ ਰਮਨਦੀਪ ਸਿੰਘ ਠੁੱਲੀਵਾਲ, ਸੋਨੀ ਮਾਂਗੇਵਾਲ, ਜਗਸੀਰ ਸਿੰਘ ਧਾਲੀਵਾਲ, ਸੁਖਵੀਰ ਸਿੰਘ ਜਗਦੇ, ਪ੍ਰਦੀਪ ਸਿੰਘ ਲੋਹਗੜ੍ਹ, ਗੁਰਪ੍ਰੀਤ ਸਿੰਘ ਅਣਖੀ, ਜਗਰਾਜ ਸਿੰਘ ਮੂੰਮ, ਰਾਜਵਿੰਦਰ ਸਿੰਘ ਕਲਾਲ ਮਾਜਰਾ, ਜਗਮੋਹਣ ਸ਼ਾਹ ਰਾਏਸਰ ਹਾਜ਼ਰ ਸਨ।

ਸਿਵਲ ਸਰਜਨ ਡਾ. ਮਨਿੰਦਰ ਪਾਲ ਸਿੰਘ ਦੀ ਸੇਵਾ ਮੁਕਤੀ ਸਮੇਂ ਸਮਾਰੋਹ ਆਯੋਜਤ

ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)

ਸਿਵਲ ਸਰਜਨ ਡਾ. ਮਨਿੰਦਰ ਪਾਲ ਸਿੰਘ ਦੀ ਸੇਵਾਮੁਕਤੀ ਮੌਕੇ ਸਥਾਨਕ ਬਲਬੀਰ ਐਵਨਿਊ ਦੀ ਸ੍ਰੀ ਗੁਰੂ ਰਵਿਦਾਸ ਸੁਸਾਇਟੀ (ਰਜਿ.) ਵੱਲੋਂ ਆਫ਼ੀਸਰ ਕਲੱਬ ਵਿਖੇ ਸ਼ਾਨਦਾਰ ਤੇ ਪ੍ਰਭਾਵਸ਼ਾਲੀ ਸਮਾਰੋਹ ਆਯੋਜਤ ਕੀਤਾ ਗਿਆ।ਸੁਸਾਇਟੀ ਦੇ ਸੀਨੀਅਰ ਆਗੂ ਜਗਦੀਸ਼ ਰਾਜ ਭਾਰਤੀ ਦੀ ਪ੍ਰਧਾਨਗੀ ਹੇਠ ਹੋਏ ਇਸ ਸਮਾਰੋਹ ਦੌਰਾਨ ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਰਾਸ਼ਟਰੀ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ, ਬਾਬਾ ਫ਼ਰੀਦ ਯੂਨੀਵਰਸਿਟੀ ਦੇ ਮੁਲਾਜ਼ਮ ਆਗੂ ਯਸ਼ਪਾਲ ਸਾਂਬਰੀਆ, ਕਈ ਸਮਾਜ ਸੇਵੀ ਸੰਸਥਾਵਾਂ ਨਾਲ ਜੁੜੇ ਪ੍ਰਿੰ. ਕ੍ਰਿਸ਼ਨ ਲਾਲ, ਜਗਦੀਸ਼ ਕੁਮਾਰ ਕਾਨੂੰਗੋ, ਸੇਵਾ ਮੁਕਤ ਨਾਇਬ ਤਹਿਸੀਲਦਾਰ ਹੀਰਾਵਤੀ, ਸੇਵਾਮੁਕਤ ਸੁਪਰਡੈਂਟ ਸ਼ਾਂਤੀ ਦੇਵੀ ਅਤੇ ਸਮਾਜ ਸੇਵਕ ਨਰਸਿੰਗ ਸਿਸਟਰ ਰਵਿੰਦਰ ਕੌਰ ਸਮੇਤ ਵੱਡੀ ਗਿਣਤੀ ਵਿਚ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।

ਸਮਾਰੋਹ ਦੌਰਾਨ ਸ੍ਰੀ ਭਾਰਤੀ ਨੇ ਸਟੇਜ ਸਕੱਤਰ ਦੀ ਡਿਊਟੀ ਬਾਖੂਬੀ ਨਿਭਾਉਂਦੇ ਹੋਏ ਸਿਵਲ ਸਰਜਨ ਦੇ ਪਰਵਾਰਕ ਪਿਛੋਕੜ ਅਤੇ ਸਰਕਾਰੀ ਸੇਵਾਵਾਂ ਦੌਰਾਨ ਵਧੀਆ ਕਾਰਗੁਜ਼ਾਰੀ ਦੀ ਜਾਣਕਾਰੀ ਦਿੰਦੇ ਹੋਏ ਸਮੁੱਚੇ ਹਾਊਸ ਵੱਲੋਂ ਡਾ. ਮਨਿੰਦਰ ਪਾਲ ਸਿੰਘ ਨੂੰ ਵਧਾਈ ਦਿੱਤੀ। ਸੁਸਾਇਟੀ ਦੇ ਪ੍ਰਧਾਨ ਮਨਜੀਤ ਖਿੱਚੀ, ਚੇਅਰਮੈਨ ਰਵੀ ਕੁਮਾਰ ਤੇ ਕੈਸ਼ੀਅਰ ਸੋਨੂੰ ਕੁਮਾਰ ਸਮੇਤ ਰਣਜੀਤ ਖਿੱਚੀ, ਲੈਕਚਰਾਰ ਮਲਕੀਤ ਸਿੰਘ, ਸ੍ਰੀ ਕ੍ਰਿਸ਼ਨ ਆਰ.ਏ. ਗੋਬਿੰਦ ਰਾਮ, ਪੂਰਨ ਨਾਥ ਹੈਡਮਾਸਟਰ, ਰਾਜ ਕੁਮਾਰ, ਹਰਬੰਸ ਲਾਲ, ਨੰਦ ਕਿਸ਼ੋਰ, ਹਰਜਿੰਦਰ ਸਿੰਘ, ਧਰਮਪਾਲ, ਨੰਦ ਲਾਲ, ਬਿੰਦਰ ਕੁਮਾਰ, ਗੁਰਪ੍ਰੀਤ ਅਤੇ ਰਵਿੰਦਰ ਕੁਮਾਰ ਆਦਿ ਨੇ ਡਾ. ਮਨਿੰਦਰ ਪਾਲ ਸਿੰਘ ਨੂੰ ਹਾਰ ਪਾ ਕੇ ਉਹਨਾਂ ਦੀ ਸੇਵਾਮੁਕਤੀ ਦੀ ਵਧਾਈ ਦਿੱਤੀ।ਮੈਡਮ ਪਰਵੰਤਾ ਦੇਵੀ, ਮੈਡਮ ਦਰਸ਼ਨ ਤੇ ਮੈਡਮ ਪ੍ਰੇਮ ਲਤਾ ਨੇ ਡਾਕਟਰ ਸਾਹਿਬ ਨੂੰ ਸ਼ਾਨਦਾਰ ਲੋਈ ਭੇਟ ਕੀਤੀ।ਸਮਾਰੋਹ ਦੌਰਾਨ ਆਪਣੇ ਸੰਬੋਧਨ ਵਿੱਚ ਪ੍ਰਿੰ. ਕ੍ਰਿਸ਼ਨ ਲਾਲ ਨੇ ਸਿਵਲ ਸਰਜਨ ਵੱਲੋਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਅੱਗੇ ਕਿਹਾ ਕਿ ਸਿਵਲ ਸਰਜਨ ਡਾ. ਮਨਿੰਦਰ ਪਾਲ ਸਿੰਘ ਸਮੁੱਚੀ ਕੌਮ ਦਾ ਹੀਰਾ ਹਨ।ਇਸ ਮੌਕੇ ਡਾ. ਯਸ਼ਪਾਲ ਸਾਂਬਰੀਆ ਤੇ ਜਗਦੀਸ਼ ਕੁਮਾਰ ਕਾਨੂੰਗੋ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਜੋ ਕਰਮਚਾਰੀ ਆਪਣੀ ਸਰਕਾਰੀ ਡਿਊਟੀ ਸਹੀ ਢੰਗ ਨਾਲ ਨਿਭਾਉਂਦੇ ਹਨ, ਉਹ ਸਮੁੱਚੇ ਸਮਾਜ ਵਿਚ ਉੱਚਾ ਰੁਤਬਾ ਰੱਖਦੇ ਹਨ।ਸਮਾਰੋਹ ਦੌਰਾਨ ਆਪਣੇ ਸੰਖੇਪ ਸੰਬੋਧਨ ਦੌਰਾਨ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ ਨੇ ਇਸ ਸ਼ਾਨਦਾਰ ਸਮਾਰੋਹ ਲਈ ਸ੍ਰੀ ਗੁਰੂ ਰਵਿਦਾਸ ਸੁਸਾਇਟੀ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਵਧਾਈ ਦਿੱਤੀ। ਸਮਾਰੋਹ ਦੌਰਾਨ ਸੁਸਾਇਟੀ ਵੱਲੋਂ ਡਾ. ਮਨਿੰਦਰ ਪਾਲ ਸਿੰਘ ਨੂੰ ਸ਼ਾਨਦਾਰ ਸਨ

2-SEP-PAGE-3.qxd 9/1/2024 9:44 PM Page 1

ਦਿ ਵਰਕਿੰਗ ਜਰਨਲਿਸਟ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਦੇ ਨਵੇਂ ਅਹੁਦੇਦਾਰਾਂ ਦਾ ਐਲਾਨ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਦਿ ਵਰਕਿੰਗ ਜਰਨਲਿਸਟ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਦੀ ਮੀਟਿੰਗ ਪ੍ਰਧਾਨ ਸੁਰਿੰਦਰ ਪਾਲ ਸਿੰਘ ਸੋਢੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਰਬ ਸੰਮਤੀ ਨਾਲ ਸਮੂਹ ਪੱਤਰਕਾਰ ਸਾਹਿਬਾਨ ਨਾਲ ਸਲਾਹ ਮਸ਼ਵਰਾ ਕਰਕੇ ਦਿ ਵਰਕਿੰਗ ਜਰਨਲਿਸਟ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਦੀ ਨਵੀਂ ਬਾਡੀ ਦੀ ਚੋਣ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰੈਸ ਕਲੱਬ ਵਿਖੇ ਕੀਤੀ ਗਈ।ਜਿਸ ਵਿਚ ਸਮੁੱਚੇ ਪੱਤਰਕਾਰ ਭਾਈਚਾਰੇ ਦੇ ਦਿੱਤੇ ਸੁਝਾਅ ਅਨੁਸਾਰ 27 ਨਵੇਂ ਮੈਬਰ ਤੇ 12 ਪੁਰਾਣੇ ਆਹੁਦੇਦਾਰ ਸ਼ਾਮਲ ਕੀਤੇ ਗਏ।ਇਸ ਸਮੇਂ ਸੀਨੀਅਰ ਮੀਤ ਪ੍ਰਧਾਨ ਦੀਪਕ ਧੀਰ ਤੇ ਬਲਵਿੰਦਰ ਸਿੰਘ ਲਾਡੀ ਨੂੰ ਬਣਾਇਆ ਗਿਆ। ਜਨਰਲ ਸਕੱਤਰ ਲਕਸ਼ਮੀ ਨੰਦਨ, ਸਕੱਤਰ ਜਗਮੋਹਨ ਸਿੰਘ ਜਾਂਗਲਾ ਤੇ ਜੁਆਇੰਟ ਸਕੱਤਰ ਅਰਵਿੰਦ ਪਾਠਕ ਨੂੰ ਬਣਾਇਆ ਗਿਆ।ਜਥੇਬੰਦੀ ਦੇ ਸਰਪ੍ਰਸਤ ਨਰਿੰਦਰ ਸਿੰਘ ਸੋਨੀਆਂ, ਬਲਬੀਰ ਸਿੰਘ ਧੰਜੂ, ਨਰਿੰਦਰ ਹਨੀ ਤੇ ਮਾਸਟਰ ਜਗੀਰ ਸਿੰਘ ਬਾਜਵਾ ਬਣਾਏ ਗਏ।ਐਸੋਸੀਏਸ਼ਨ ਦੇ ਪ੍ਰੈਸ ਸਕੱਤਰ ਬਲਵਿੰਦਰ ਸਿੰਘ ਧਾਲੀਵਾਲ ਅਤੇ ਸਹਾਇਕ ਪ੍ਰੈਸ ਸਕੱਤਰ ਨਿਰਮਲ ਸਿੰਘ ਹੈਪੀ ਬਣਾਏ ਗਏ।ਐਸੋਸੀਏਸ਼ਨ ਦੇ ਮੀਤ ਪ੍ਰਧਾਨ ਵਰੁਣ ਸ਼ਰਮਾ, ਕੰਵਲਪ੍ਰੀਤ ਸਿੰਘ ਕੌੜਾ, ਜਤਿੰਦਰ ਸੇਠੀ, ਰਣਜੀਤ ਸਿੰਘ ਚੰਦੀ, ਦਿਲਬਾਗ ਸਿੰਘ (ਡਡਵਿੰਡੀ), ਮਲਕੀਤ ਕੌਰ ਬਣਾਏ ਗਏ।ਖਜਾਨਚੀ ਰਾਕੇਸ਼ ਕੁਮਾਰ ਤੇ ਸਿਮਰਨ ਸਿੰਘ ਸੰਧੂ, ਲੀਗਲ ਐਡਵਾਈਜਰ ਐਡ. ਰਾਜਿੰਦਰ ਸਿੰਘ ਰਾਣਾ, ਐਸੋਸੀਏਸ਼ਨ ਦੇ ਮੁੱਖ ਸਲਾਹਕਾਰ ਨਰੇਸ਼ ਹੈਪੀ ਤੇ ਸਹਾਇਕ ਸਲਾਹਕਾਰ ਮਾਸਟਰ ਮਨੋਜ ਸ਼ਰਮਾ, ਪ੍ਰੈਸ ਕਲੱਬ ਦੇ ਲਾਇਬ੍ਰੇਰੀ ਇੰਚਾਰਜ ਮਾਸਟਰ ਦੇਸ ਰਾਜ ਬੂਲਪੁਰ ਤੇ ਸਹਾਇਕ ਲਾਇਬ੍ਰੇਰੀ ਇੰਚਾਰਜ ਲਖਵੀਰ ਸਿੰਘ ਲੱਖੀ ਬਣਾਏ ਗਏ।ਇਸ ਸਮੇਂ ਦਿ ਵਰਕਿੰਗ ਜਰਨਲਿਸਟ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਦੀ 7 ਮੈਂਬਰੀ ਕਾਰਜਕਾਰਨੀ ਕਮੇਟੀ ਬਣਾਈ ਗਈ।ਜਿਸਦੇ ਚੇਅਰਮੈਨ ਜਗਜੀਤ ਸਿੰਘ ਧੰਜੂ, ਵਾਈਸ ਚੇਅਰਮੈਨ ਗੌਰਵ ਧੀਰ, ਕਾਰਜਕਾਰੀ ਮੈਂਬਰ ਮਾਸਟਰ ਪਰਸਨ ਲਾਲ ਭੋਲਾ ਤਲਵੰਡੀ ਚੌਧਰੀਆਂ, ਅਸ਼ਵਨੀ ਜੋਸ਼ੀ ਸੁਲਤਾਨਪੁਰ ਲੋਧੀ, ਬਿਕਰਮਪਾਲ ਵਿਕੀ ਤਲਵੰਡੀ ਚੌਧਰੀਆਂ, ਕੁਲਬੀਰ ਸਿੰਘ ਮਿੱਟੂ ਤੇ ਸ੍ਰੀ ਚੰਦਰ ਮੜ੍ਹੀਆ ਬਣਾਏ ਗਏ ।ਇਸ ਤੋਂ ਇਲਾਵਾ 7 ਮੈਂਬਰੀ ਅਨੁਸ਼ਾਸ਼ਨੀ ਕਮੇਟੀ ਦੇ ਚੇਅਰਮੈਨ ਸਤਪਾਲ ਕਾਲਾ, ਵਾਈਸ ਚੇਅਰਮੈਨ ਸੰਤੋਖ ਸਿੰਘ ਪੰਨੂ, ਕਮੇਟੀ ਮੈਂਬਰ ਤਰਸੇਮ ਸਿੰਘ ਥਿੰਦ, ਕੁਲਵਿੰਦਰ ਸਿੰਘ ਲਾਡੀ, ਜਰਨੈਲ ਸਿੰਘ ਗਿੱਲ, ਅਮਰਜੀਤ ਸਿੰਘ (ਪੁਲਸ ਦਰਪਨ) ਤੇ ਗੁਰਮਿੰਦਰ ਪਾਲ ਸਿੰਘ ਕੰਡਾ ਬਣਾਏ ਗਏ ।

ਪ੍ਰਧਾਨ ਸੁਰਿੰਦਰਪਾਲ ਸਿੰਘ ਸੋਢੀ ਤੇ ਹੋਰ ਮੈਂਬਰਾਂ ਨੇ ਸਮੂਹ ਨਵੇ ਆਹੁਦੇਦਾਰਾਂ ਦਾ ਹਾਰ ਪਹਿਨਾ ਕੇ ਸਨਮਾਨ ਕੀਤਾ ਤੇ ਵਧਾਈ ਦਿੱਤੀ।ਸਾਰੇ ਪੱਤਰਕਾਰ ਭਾਈਚਾਰੇ ਵੱਲੋਂ ਮਿਲ ਕੇ ਕੰਮ ਕਰਨ ਦਾ ਪ੍ਰਣ ਕੀਤਾ।ਉਨ੍ਹਾਂ ਕਿਹਾ ਕਿ ਮੈਨੂੰ ਇਸ ਗੱਲ ਦੀ ਵੱਡੀ ਖੁਸ਼ੀ ਹੋਈ ਹੈ ਕਿ ਸਾਰੇ ਹੀ ਪੱਤਰਕਾਰ ਸਾਹਿਬਾਨ ਵੱਲੋਂ ਮਿਲ ਕੇ ਸਰਬ ਸੰਮਤੀ ਨਾਲ ਮੈਨੂੰ ਸਰਬ ਸੰਮਤੀ ਨਾਲ ਪ੍ਰਧਾਨ ਦੀ ਸੇਵਾ ਦਿੱਤੀ ਗਈ ਹੈ ਤੇ ਅਸੀ ਸਾਰੇ ਹੀ ਪੱਤਰਕਾਰ ਮਿਲ ਜੁਲ ਕੇ ਜਿੱਥੇ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਆਵਾਜ ਬੁਲੰਦ ਕਰਾਂਗੇ , ਉੱਥੇ ਸਮਾਜ ਭਲਾਈ ਦੇ ਕਾਰਜਾਂ ਲਈ ਵੀ ਯੋਗਦਾਨ ਪਾਵਾਂਗੇ ।

ਮਾਹਿਰ ਦੇ ਘਰ ਪਹੁੰਚੇ ਕਟਾਰੂਚੱਕ; ਪੰਜਾਬ ਪੁਲਸ ਦੀ ਕੀਤੀ ਪ੍ਰਸ਼ੰਸਾ

ਪਠਾਨਕੋਟ, (ਦਵਿੰਦਰ ਸਿੰਘ)-ਸ਼ਾਹ ਕਲੋਨੀ ਨਿਵਾਸੀ ਬਾਦਲ ਭੰਡਾਰੀ ਦੇ 6 ਸਾਲ ਦੇ ਬੇਟੇ ਮਾਹਿਰ ਨੂੰ ਕੁਝ ਲੋਕਾਂ ਵੱਲੋਂ ਉਸ ਸਮੇਂ ਕਿਡਨੈਪ ਕਰ ਲਿਆ ਗਿਆ ਸੀ ਜਦੋਂ ਉਹ ਸਕੂਲ ਤੋਂ ਪੜ੍ਹ ਕੇ ਘਰ ਵਾਪਸ ਆ ਰਿਹਾ ਸੀ, ਪਰ ਪੰਜਾਬ ਪੁਲਸ ਵੱਲੋਂ ਬਹੁਤ ਮਿਹਨਤ ਸਦਕਾ ਕਿਡਨੈਪ ਕੀਤੇ ਬੱਚੇ ਦੀ ਤਲਾਸ਼ ਕੀਤੀ ਗਈ ਅਤੇ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ। ਇਸ ਕਾਰਜ ਦੇ ਲਈ ਜ਼ਿਲ੍ਹਾ ਪਠਾਨਕੋਟ ਦੀ ਪੁਲਸ ਪ੍ਰਸ਼ੰਸਾ ਦੀ ਪਾਤਰ ਹੈ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਸ਼ਾਹ ਕਲੋਨੀ ਵਿਖੇ ਬਾਦਲ ਭੰਡਾਰੀ ਦੇ ਨਿਵਾਸ ਸਥਾਨ 'ਤੇ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤੀਸ਼ ਮਹਿੰਦਰੂ ਚੇਅਰਮੈਨ ਦਿ ਹਿੰਦੂ ਕੋਆਪਰੇਟਿਵ ਬੈਂਕ ਪਠਾਨਕੋਟ, ਜ਼ਿਲ੍ਹਾ ਸਕੱਤਰ ਸੌਰਵ ਬਹਿਲ, ਐਡਵੋਕੇਟ ਰਮੇਸ਼ ਚੰਦ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ ਅਤੇ ਹੋਰ ਪਾਰਟੀ ਕਾਰਜਕਰਤਾ ਵੀ ਹਾਜ਼ਰ ਸਨ ।ਇਸ ਮੌਕੇ ਕਟਾਰੂਚੱਕ ਨੇ ਕਿਹਾ ਕਿ ਕਿਡਨੈਪਰ ਉਹ ਲੋਕ ਹੁੰਦੇ ਹਨ ਜਿਨ੍ਹਾਂ ਵਿੱਚ ਨਾ ਤਾਂ ਕੋਈ ਇਨਸਾਨੀਅਤ ਹੁੰਦੀ ਅਤੇ ਨਾ ਹੀ ਕਿਸੇ ਤਰ੍ਹਾਂ ਦੇ ਕਾਨੂੰਨ ਦਾ ਡਰ ਹੁੰਦਾ। ਅਜਿਹੇ ਲੋਕਾਂ ਨੂੰ ਕਾਨੂੰਨ ਦੇ ਅਨੁਸਾਰ ਸਖਤ ਤੋਂ ਸਖਤ ਕਾਨੂੰਨੀ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੋ ਭਵਿੱਖ ਅੰਦਰ ਕੋਈ ਵੀ ਅਪਰਾਧੀ ਅਜਿਹੀ ਘਟਨਾ ਕਰਨ ਦੀ ਹਿੰਮਤ ਨਾ ਕਰ ਸਕੇ।ਉਨ੍ਹਾਂ ਅੰਤ ਵਿੱਚ ਫਿਰ ਤੋਂ ਪੰਜਾਬ ਪੁਲਸ ਵੱਲੋਂ ਕੀਤੇ ਕਾਰਜ ਦੀ ਪ੍ਰਸ਼ੰਸਾ ਕੀਤੀ।

ਕਿਸਾਨਾਂ ਤੇ ਮਜ਼ਦੂਰਾਂ ਦਾ ਵੱਡਾ ਜਥਾ ਸ਼ੰਭੂ ਬਾਰਡਰ ਲਈ ਰਵਾਨਾ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬੁਰਜ ਸਾਹਿਬ ਧਾਰੀਵਾਲ ਦੇ ਪ੍ਰਧਾਨ ਹਰਚਰਨ ਸਿੰਘ ਧਾਰੀਵਾਲ ਕਲਾਂ, ਸਕੱਤਰ ਸਤਨਾਮ ਸਿੰਘ ਖਾਨਮਲੱਕ ਤੇ ਕੋਰ ਕਮੇਟੀ ਦੀ ਅਗਵਾਈ ਵਿੱਚ ਵੱਖ-ਵੱਖ ਪਿੰਡਾਂ ਵਿੱਚੋਂ ਵੱਡੀ ਗਿਣਤੀ 'ਚ ਕਿਸਾਨਾਂ ਤੇ ਮਜ਼ਦੂਰਾਂ ਦਾ ਵੱਡਾ ਜਥਾ ਬੱਸਾਂ ਰਾਹੀਂ ਸ਼ੰਭੂ ਬਾਰਡਰ 'ਤੇ ਚੱਲ ਰਹੇ ਮੋਰਚੇ ਦੇ 200 ਦਿਨ ਮੁਕੰਮਲ ਹੋਣ 'ਤੇ ਵੱਡੇ ਇਕੱਠ ਵਿੱਚ ਸ਼ਾਮਲ ਹੋਣ ਲਈ ਰਵਾਨਾ ਹੋਇਆ।

ਇਸ ਮੌਕੇ ਜਥੇਬੰਦੀ ਦੇ ਆਗੂਆਂ ਨੇ ਜਿੰਨੀ ਦੇਰ ਤੱਕ ਹੱਕੀ ਮੰਗਾਂ ਲਾਗੂ ਕਰਕੇ ਲਿਖਤੀ ਰੂਪ ਵਿੱਚ ਨਹੀਂ ਦਿੰਦੇ ਮੋਰਚਾ ਜਾਰੀ ਰਹੇਗਾ। ਉਨ੍ਹਾਂ ਨੇ ਕਿਹਾ ਕਿ ਪਿੰਡਾਂ ਵਿੱਚ ਚਿੱਪ ਵਾਲੇ ਮੀਟਰ ਨਹੀਂ ਲੱਗਣ ਦਿਆਂਗੇ, ਕਿਸਾਨਾਂ ਦੀਆਂ ਐਕਵਾਇਰ ਕੀਤੀਆਂ ਜ਼ਮੀਨਾਂ ਦੇ ਸਹੀ ਮੁੱਲ ਦਿੱਤੇ ਬਿਨਾਂ ਜ਼ਮੀਨਾਂ 'ਤੇ ਕਬਜ਼ਾ ਨਹੀਂ ਹੋਣ ਦਿੱਤਾ ਜਾਵੇਗਾ। ਜੇਕਰ ਸਰਕਾਰਾਂ ਨੇ ਕਿਸਾਨਾਂ-ਮਜ਼ਦੂਰਾਂ ਦੇ ਮੰਗਾਂ ਮਸਲੇ ਜਲਦੀ ਹੱਲ ਨਾ ਕੀਤੇ ਤਾਂ ਵੱਡੇ ਸੰਘਰਸ਼ਾਂ ਦੇ ਐਲਾਨ ਕੀਤੇ ਜਾਣਗੇ।

ਇਸ ਮੌਕੇ ਪ੍ਰਧਾਨ ਅਜੀਤ ਸਿੰਘ, ਸ਼ਾਮ ਸਿੰਘ, ਨਿਰਮਲ ਕੌਰ, ਦਰਸ਼ਨ ਕੌਰ, ਸਰਬਜੀਤ ਕੌਰ, ਮਨਜੀਤ ਕੌਰ ਗਿੱਲਮੰਜ, ਗੁਰਦੀਪ ਸਿੰਘ, ਮੰਗਲ ਸਿੰਘ ਧਾਰੀਵਾਲ ਕਲਾਂ, ਮਨਜੀਤ ਸਿੰਘ, ਗੁਰਇਕਬਾਲ ਸਿੰਘ ਸਾਬਾ ਖਾਨਮਲੱਕ, ਦਿਲਬਾਗ਼ ਸਿੰਘ ਬੱਬਰੀ, ਗੁਰਮੀਤ ਸਿੰਘ, ਅਮਰੀਕ ਸਿੰਘ, ਹੇਮ ਸਿੰਘ ਸਰਸਪੁਰ, ਦਿਲਬਾਗ਼ ਸਿੰਘ ਸਹਾਦਿਪੁਰ, ਸੁੱਚਾ ਸਿੰਘ ਬਾਹੀਆਂ, ਪ੍ਰੀਤਮ ਸਿੰਘ, ਗੁਰਪ੍ਰੀਤ ਸਿੰਘ ਤਲਵੰਡੀ, ਮੇਜਰ ਸਿੰਘ ਪਸਨਾਵਾਲ, ਦਵਿੰਦਰ ਸਿੰਘ, ਅਮਰੀਕ ਸਿੰਘ ਲੋਧੀਪੁਰ, ਅਰਵਿੰਦਰ ਸਿੰਘ, ਮਨਿੰਦਰਜੀਤ ਸਿੰਘ ਆਦਿ ਸਮੇਤ ਵੱਖ-ਵੱਖ ਪਿੰਡਾਂ ਦੀਆਂ ਇਕਾਈਆਂ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਮੋਰਚੇ ਦੀ ਚੜ੍ਹਦੀਕਲਾ ਦੀ ਅਰਦਾਸ ਕੀਤੀ ਅਤੇ ਮੰਗਾਂ ਹੱਲ ਕਰਵਾਉਣ ਲਈ ਚੱਲਦੇ ਸੰਘਰਸ਼ਾਂ ਵਿੱਚ ਹਾਜ਼ਰੀਆਂ ਭਰਦੇ ਰਹਿਣਗੇ।

ਗੁੱਗਾ ਜ਼ਾਹਰ ਪੀਰ ਦਾ ਭੰਡਾਰਾ ਕਰਵਾਇਆ

ਬਟਾਲਾ (ਤਰਲੋਕ ਬੱਗਾ)-ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁੱਗਾ ਜ਼ਾਹਰ ਪੀਰ ਦਾ ਭੰਡਾਰਾ ਮੁਹੱਲਾ ਡੋਲਾ ਨੰਗਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ।ਸਵੇਰੇ ਚਾਦਰ ਦੀ ਰਸਮ ਤੋਂ ਬਾਅਦ ਦੁਪਹਿਰ ਵੇਲੇ ਝੰਡਾ ਫੇਰੀ ਕੱਢੀ ਗਈ। ਉਪਰੰਤ ਵਿਸ਼ਾਲ ਲੰਗਰ ਲਗਾਇਆ ਗਿਆ।ਦੂਰ-ਦੂਰ ਤੋਂ ਸ਼ਰਧਾਲੂਆਂ ਨੇ ਬਾਬਾ ਜੀ ਦੇ ਦਰਬਾਰ ਵਿੱਚ ਹਾਜ਼ਰੀ ਲਗਵਾ ਕੇ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਰਮੇਸ਼ ਕੁਮਾਰ ਮੇਸ਼ੀ ਨੇ ਦੱਸਿਆ ਕਿ ਜੋ ਇਨਸਾਨ ਇਸ ਦਰਬਾਰ 'ਤੇ ਸੱਚੇ ਮਨ ਨਾਲ ਜਿਹੜੀ ਮੰਨਤ ਮੰਗਦਾ ਹੈ ਉਸ ਦੀ ਮਨੋਕਾਮਨਾ ਪੂਰੀ ਹੁੰਦੀ ਹੈ। ਲੋਕਾਂ ਦੀ ਬਹੁਤ ਆਸਥਾ ਹੈ।

ਸਾਡਾ ਨੇਤਰ ਦਾਨ ਕਿਸੇ ਨੇਤਰਹੀਣ ਨੂੰ ਰੌਸ਼ਨੀ ਬਖਸ਼ ਸਕਦੈ : ਡਾ. ਭਾਰਤ ਭੂਸ਼ਨ

ਗੁਰਦਾਸਪੁਰ (ਦਿਨੇਸ਼ ਕੁਮਾਰ)-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਕੌਮੀ ਅੱਖਾਂ ਦਾਨ ਪੰਦਰਵਾੜੇ ਦੌਰਾਨ ਜ਼ਿਲਾ ਹਸਪਤਾਲ ਗੁਰਦਾਸਪੁਰ ਵਿਖੇ ਇੱਕ ਸਮਾਗਮ ਕੀਤਾ ਗਿਆ।ਸਮਾਗਮ ਦੀ ਪ੍ਰਧਾਨਗੀ ਸਿਵਲ ਸਰਜਨ ਗੁਰਦਾਸਪੁਰ ਡਾ. ਭਾਰਤ ਭੂਸ਼ਨ ਨੇ ਕੀਤੀ।ਇਸ ਮੌਕੇ ਡਾ. ਭਾਰਤ ਭੂਸ਼ਨ ਨੇ ਕਿਹਾ ਕਿ ਅੱਖਾਂ ਦਾਨ ਪੰਦਰਵਾੜੇ ਦੌਰਾਨ ਸਿਹਤ ਵਿਭਾਗ ਲੋਕਾਂ ਨੂੰ ਅੱਖਾਂ ਦੇ ਦਾਨ ਪ੍ਰਤੀ ਜਾਗਰੂਕ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਜੀਵਨ ਤੋਂ ਬਾਅਦ ਅੱਖਾਂ ਦਾਨ ਕਰਕੇ ਕਿਸੇ ਨੇਤਰਹੀਣ ਵਿਅਕਤੀ ਦੀ ਜ਼ਿੰਦਗੀ ਨੂੰ ਰੌਸ਼ਨ ਕਰ ਸਕਦਾ ਹੈ।ਅੱਖਾਂ ਦਾਨ ਬਾਰੇ ਲੋਕਾਂ ਵਿੱਚ ਕਈ ਵਹਿਮ ਹਨ ਜਿਨ੍ਹਾਂ ਨੂੰ ਦੂਰ ਕਰਨ ਦੀ ਜ਼ਰੂਰਤ ਹੈ।ਉਨ੍ਹਾਂ ਦੱਸਿਆ ਕਿ ਅੱਖਾਂ ਦਾਨ ਮੌਤ ਤੋਂ ਬਾਅਦ 4 ਤੋਂ 6 ਘੰਟੇ ਦੇ ਵਿੱਚ ਹੀ ਹੋਣੀਆਂ ਚਾਹੀਦੀਆਂ ਹਨ।ਕਿਸੇ ਵੀ ਉਮਰ ਚਾਹੇ ਐਨਕਾਂ ਲੱਗੀਆਂ ਹੋਣ, ਅੱਖਾਂ ਦੇ ਆਪਰੇਸ਼ਨ ਹੋਏ ਹੋਣ, ਅੱਖਾਂ ਵਿੱਚ ਲੈਂਜ਼ ਪਏ ਹੋਣ, ਦਾਨ ਹੋ ਸਕਦੀਆਂ ਹਨ।ਅੱਖਾਂ ਦਾਨ ਕਰਨ ਵਾਸਤੇ ਅੱਖਾਂ ਦੇ ਬੈਂਕ ਦੀ ਟੀਮ ਦੇ ਆਉਣ ਤੱਕ ਅੱਖਾਂ ਦੀ ਸਾਂਭ-ਸੰਭਾਲ ਲਈ ਕਮਰੇ ਦਾ ਪੱਖਾ ਬੰਦ ਕਰ ਦਿੱਤਾ ਜਾਵੇ ਅਤੇ ਅੱਖਾਂ ਉਤੇ ਗਿੱਲਾ ਅਤੇ ਸਾਫ ਕੱਪੜਾ ਰੱਖਿਆ ਜਾਵੇ, ਸਿਰ ਦੇ ਥੱਲੇ ਸਰਾਹਣਾ ਰੱਖਿਆ ਜਾਵੇ ਤਾਂ ਜੋ ਅੱਖਾਂ ਨੂੰ ਖਰਾਬ ਹੋਣ ਤੋਂ ਬਚਾਇਆ ਜਾ ਸਕੇ।ਅੱਖਾਂ ਦਾਨ ਕਰਨ ਦੀ ਪ੍ਰਕਿਰਿਆ 10-15 ਮਿੰਟਾਂ ਵਿੱਚ ਹੀ ਮੁਕੰਮਲ ਕਰ ਲਈ ਜਾਂਦੀ ਹੈ।ਏਡਜ਼, ਪੀਲੀਆ, ਬਲੱਡ ਕੈਂਸਰ, ਦਿਮਾਗੀ ਬੁਖਾਰ ਆਦਿ ਵਿੱਚ ਅੱਖਾਂ ਦਾਨ ਨਹੀਂ ਕੀਤੀਆਂ ਜਾ ਸਕਦੀਆਂ ।

ਮਾਨਯੋਗ ਜੱਜ ਸਾਹਿਬ ਰੁਪਿੰਦਰ ਕੌਰ ਵੱਲੋਂ ਆਦਰਸ਼ ਬਿਰਧ ਆਸ਼ਰਮ ਦਾ ਦੌਰਾ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾਹੜੀ ਪਠਾਨਕੋਟ ਵਿੱਚ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਵੱਲੋਂ ਮਾਨਯੋਗ ਸੀਜੀਐੱਮ ਰੁਪਿੰਦਰ ਕੌਰ ਨੇ ਦੌਰਾ ਕੀਤਾ।ਇਸ ਮੌਕੇ ਉਨ੍ਹਾਂ ਨੇ ਬਿਰਧ ਘਰ ਵਿੱਚ ਰਹਿ ਰਹੇ ਬਜ਼ੁਰਗਾਂ ਨਾਲ ਦੁੱਖ ਸਾਂਝੇ ਕੀਤੇ, ਹਾਲ-ਚਾਲ ਜਾਣਿਆ। ਉਨ੍ਹਾਂ ਨੇ ਆਸ਼ਰਮ ਸੁਪਰਡੈਂਟ ਮੈਡਮ ਮਿਸ ਅੰਜਲੀ ਸ਼ਰਮਾ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਜੇਕਰ ਕੋਈ ਬਜ਼ੁਰਗ ਸਾਡੀ ਸਹਾਇਤਾ ਲੈਣਾ ਚਾਹੁੰਦਾ ਹੈ ਤਾਂ ਉਸ ਨੂੰ ਸਾਡੇ ਵੱਲੋਂ ਕਾਨੂੰਨੀ ਸਹਾਇਤਾ ਮੁਫਤ ਦਿੱਤੀ ਜਾਵੇਗੀ। ਅਸੀਂ ਇਨ੍ਹਾਂ ਦੀ ਪੂਰੀ ਮਦਦ ਕਰਾਂਗੇ।ਇਸ ਦੇ ਨਾਲ ਹੀ ਉਨ੍ਹਾਂ ਨੇ ਬਿਰਧ ਘਰ ਵਿੱਚ ਰਹਿ ਰਹੇ ਮਾਂ ਬਾਪ ਨੂੰ ਹੌਸਲਾ ਦਿੰਦੇ ਹੋਏ ਕਿਹਾ ਕਿ ਜੋ ਕੁੱਝ ਵੀ ਤੁਹਾਡੇ ਨਾਲ ਹੋਇਆ ਤੁਸੀਂ ਉਸਨੂੰ ਭੁੱਲ ਜਾਓ।ਹੌਸਲਾ ਦਿੰਦੇ ਹੋਏ ਉਨ੍ਹਾਂ ਨੇ ਕਿਹਾ ਕਿ ਤੁਸੀਂ ਹੁਣ ਇਥੇ ਖੁਸ਼ੀ ਖੁਸ਼ੀ ਆਪਣਾ ਜੀਵਨ ਬਤੀਤ ਕਰੋ। ਇਸ ਮੌਕੇ ਆਸ਼ਰਮ ਦਾ ਸਮੂਹ ਸਟਾਫ ਮੌਜੂਦ ਸੀ।

ਐੱਸ ਟੀ ਐੱਸ ਵਰਲਡ ਸਕੂਲ ਵਿਖੇ ਖੇਡ ਗਤੀਵਿਧੀਆਂ ਦਾ ਆਯੋਜਨ

ਗੁਰਾਇਆ (ਬਿੰਦਰ ਸੁਮਨ) ਐੱਸ ਟੀ ਐੱਸ ਵਰਲਡ ਸਕੂਲ ਵਿਖੇ ਪਹਿਲੀ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਨੋ ਬੈਗ ਡੇਅ ਵਿੱਚ ਭਾਗ ਲਿਆ ਅਤੇ ਵੱਖ-ਵੱਖ ਵਿਸ਼ਿਆਂ ਤਹਿਤ ਮਨੋਰੰਜਕ ਅਤੇ ਦਿਲਚਸਪ ਗਤੀਵਿਧੀਆਂ ਵਿੱਚ ਆਪਣੀ ਕਾਬਲੀਅਤ ਵਿਖਾਈ।ਇਸ ਗਤੀਵਿਧੀ ਤਹਿਤ ਵਿਦਿਆਰਥੀਆਂ ਨੇ ਕਲੱਬ ਦੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ। ਅੰਤ ਵਿੱਚ ਸਕੂਲ ਦੇ ਚਾਰ ਹਾਊਸਾਂ ਕੈਂਬਰਿਜ, ਹਾਰਵਰਡ, ਆਕਸਫੋਰਡ ਅਤੇ ਸਟੈਨਫੋਰਡ ਦੇ ਪੰਜਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਖੇਡ ਗਤੀਵਿਧੀਆਂ ਵਿੱਚ ਭਾਗ ਲਿਆ।ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਪ੍ਰਭਜੋਤ ਗਿੱਲ ਨੇ ਕਿਹਾ ਕਿ ਸਕੂਲ ਵਿਚ ਅਜਿਹੀਆਂ ਗਤੀਵਿਧੀਆਂ ਕਰਵਾਉਣ ਨਾਲ ਵਿਦਿਆਰਥੀਆਂ ਦੇ ਹੁਨਰ ਅਤੇ ਕਲਾਵਾਂ ਵਿਚ ਨਿਖਾਰ ਆਉਂਦਾ ਹੈ ਅਤੇ ਵਿਦਿਆਰਥੀਆਂ ਦੇ ਮਨਾਂ ਵਿਚ ਪੜ੍ਹਾਈ ਦੇ ਨਾਲ-ਨਾਲ ਅਜਿਹੀਆਂ ਗਤੀਵਿਧੀਆਂ ਵਿੱਚ ਰੁਚੀ ਪੈਦਾ ਹੁੰਦੀ ਹੈ ।

ਰਾਮਗੜ੍ਹੀਆ ਸਕੂਲ ਦੇ ਵਿਦਿਆਰਥੀਆਂ ਵੱਲੋਂ ਖੇਡਾਂ 'ਚ ਸ਼ਾਨਦਾਰ ਪ੍

ਨਵਾਂ ਜ਼ਮਾਨਾ
ਸੋਮਵਾਰ, 2 ਸਤੰਬਰ 2024

ਸਚਾਈ ਬਾਹਰ

ਲੋਕ ਸਭਾ ਚੋਣਾਂ ਦੌਰਾਨ ਭਾਜਪਾ ਨੇ ਕਿਹੜੀਆਂ-ਕਿਹੜੀਆਂ ਘਪਲੇਬਾਜ਼ੀਆਂ ਕੀਤੀਆਂ, ਉਸ ਦੀ ਇੱਕ ਮਿਸਾਲ ਮੱਧ ਪ੍ਰਦੇਸ਼ ਦੇ ਭਾਜਪਾਈਆਂ ਵੱਲੋਂ ਕੀਤੇ ਖੁਲਾਸਿਆਂ ਨਾਲ ਸਾਹਮਣੇ ਆਈ ਹੈ। ਵਾਇਰਲ ਵੀਡੀਓ ਵਿੱਚ ਸਾਗਰ ਹਲਕੇ ਤੋਂ ਜਿੱਤੀ ਲਤਾ ਵਾਨਖੇੜੇ ਦੇ ਇੱਕ ਪ੍ਰੋਗਰਾਮ ਵਿੱਚ ਉਸ ਤੋਂ ਨਾਰਾਜ਼ ਭਾਜਪਾਈਆਂ ਨੇ ਅਜਿਹੇ ਮਿਹਣੇ ਮਾਰੇ, ਜਿਹੜੇ ਉਸ ਦੀ ਮੈਂਬਰੀ ਲਈ ਖਤਰਾ ਬਣ ਸਕਦੇ ਹਨ। ਲਤਾ ਵਾਨਖੇੜੇ ਆਪਣੀ ਟੀਮ ਨਾਲ ਲੰਘੇ ਵੀਰਵਾਰ ਸਿਰੋਂਜ ਅਸੰਬਲੀ ਹਲਕੇ ਦੇ ਲਟੇਰੀ ਕਸਬੇ ਵਿੱਚ ਕੁਸ਼ ਜੈਅੰਤੀ ਦੇ ਪ੍ਰੋਗਰਾਮ 'ਚ ਪੁੱਜੀ ਸੀ। ਪ੍ਰੋਗਰਾਮ ਤੋਂ ਐਨ ਪਹਿਲਾਂ ਉੱਥੇ ਭਾਜਪਾਈ ਆਪਸ ਵਿੱਚ ਉਲਝ ਗਏ। ਭਾਜਪਾ ਦੇ ਮੰਡਲ ਮਹਾਮੰਤਰੀ ਰਾਮ ਗੁਲਾਮ ਰਾਜੋਰੀਆ ਸਣੇ ਕੁਝ ਆਗੂਆਂ ਨੇ ਕਿਹਾ ਕਿ ਲੋਕ ਸਭਾ ਚੋਣਾਂ ਵਿੱਚ ਮਿਹਨਤ ਕਰਕੇ ਉਨ੍ਹਾਂ ਨੇ ਜਿਤਾਇਆ ਤੇ ਹੁਣ ਸਾਂਸਦ ਉਨ੍ਹਾਂ ਨੂੰ ਭਰੋਸੇ ਵਿਚ ਲਏ ਬਿਨਾਂ ਹਲਕੇ ਦੇ ਦੌਰੇ ਕਰ ਰਹੀ ਹੈ। ਉਸ ਦੇ ਦੌਰਿਆਂ ਦੀ ਜਾਣਕਾਰੀ ਸੋਸ਼ਲ ਮੀਡੀਆ ਤੋਂ ਹੀ ਮਿਲਦੀ ਹੈ। ਇਨ੍ਹਾਂ ਆਗੂਆਂ ਨੇ ਇਹ ਵੀ ਕਿਹਾ ਕਿ ਲਤਾ ਵਾਨਖੇੜੇ ਨੇ ਜਿਸ ਦੇ ਘਰ ਖਾਣਾ ਖਾਣਾ ਹੈ, ਉਹ ਕਾਂਗਰਸੀ ਹੈ। ਜੇ ਉਹ ਉਸ ਦੇ ਘਰ ਗਈ ਤਾਂ ਕਾਰਕੁਨਾਂ ਤੇ ਪਾਰਟੀ ਦਾ ਨੱਕ ਵੱਢਿਆ ਜਾਏਗਾ। ਸਿਰੋਂਜ ਦੇ ਭਾਜਪਾ ਵਿਧਾਇਕ ਉਮਾਕਾਂਤ ਸ਼ਰਮਾ ਦਾ ਪ੍ਰਤੀਨਿਧ ਤੇ ਲਟੇਰੀ ਨਗਰ ਕੌਂਸਲ ਦੀ ਪ੍ਰਧਾਨ ਦਾ ਪਤੀ ਸੰਜੇ ਅੱਤੂ ਭੰਡਾਰੀ ਤਾਂ ਬਹੁਤ ਗੁੱਸੇ ਵਿੱਚ ਨਜ਼ਰ ਆਇਆ। ਉਸ ਨੇ ਕਿਹਾ—ਜਿਹੜੇ ਲੋਕ ਅੱਜ ਅੱਗੇ-ਅੱਗੇ ਹੋ ਕੇ ਗੱਲਾਂ ਕਰ ਰਹੇ ਹਨ, ਉਹ ਚੋਣਾਂ ਵੇਲੇ ਕਿੱਥੇ ਸਨ? ਅਸੀਂ 13 ਪੋਲਿੰਗ ਬੂਥਾਂ 'ਤੇ ਕਾਂਗਰਸ ਦਾ ਕੋਈ ਏਜੰਟ ਬੈਠਣ ਨਹੀਂ ਦਿੱਤਾ। ਲੜੇ ਅਸੀਂ ਤੇ ਹੁਣ ਮੂਹਰੇ ਹੋਰ ਹੋ ਗਏ ਹਨ। ਵਾਇਰਲ ਵੀਡੀਓ ਵਿੱਚ ਇੱਕ ਨੌਜਵਾਨ ਇਹ ਕਹਿੰਦਾ ਨਜ਼ਰ ਆ ਰਿਹਾ—ਮੈਂ 15 ਵੋਟਾਂ ਪਾਈਆਂ। ਜਾਅਲੀ ਵੋਟਾਂ ਅਸੀਂ ਪਾਈਆਂ। ਜੇਲ੍ਹ ਜਾਂਦੇ ਤਾਂ ਅਸੀਂ ਜਾਂਦੇ।

ਕਾਰਕੁੰਨਾਂ ਦੇ ਆਪਸ ਵਿੱਚ ਗੁੱਥਮਗੁੱਥਾ ਹੋਣ ਦੀ ਨੌਬਤ ਆਉਂਦੀ ਦੇਖ ਸਾਂਸਦ ਖਿਸਕਦੀ ਬਣੀ। ਇਸ ਵੀਡੀਓ ਤੋਂ ਬਾਅਦ ਕਾਂਗਰਸ ਫਿਰ ਹਮਲਾਵਰ ਹੋ ਗਈ ਹੈ। ਉਸ ਦਾ ਕਹਿਣਾ ਹੈ ਕਿ ਲੋਕ ਸਭਾ ਚੋਣਾਂ ਵਿੱਚ ਹੇਰਾਫੇਰੀ ਦੀਆਂ ਸਬੂਤਾਂ ਨਾਲ ਚੋਣ ਕਮਿਸ਼ਨ ਕੋਲ ਸ਼ਿਕਾਇਤਾਂ ਕੀਤੀਆਂ ਗਈਆਂ ਪਰ ਉਸ ਨੇ ਪਰਵਾਹ ਨਹੀਂ ਕੀਤੀ। ਹੁਣ ਘਪਲੇਬਾਜ਼ੀਆਂ ਦੀ ਪੋਲ ਜਦ ਭਾਜਪਾਈ ਖੁਦ ਖੋਲ੍ਹ ਰਹੇ ਹਨ ਤਾਂ ਕਮਿਸ਼ਨ ਨੂੰ ਨੋਟਿਸ ਲੈਣਾ ਚਾਹੀਦਾ ਹੈ। ਕਮਿਸ਼ਨ ਨੂੰ ਸਾਗਰ ਹਲਕੇ ਦੀ ਚੋਣ ਰੱਦ ਕਰਕੇ ਨਵੇਂ ਸਿਰਿਓਂ ਕਰਾਉਣੀ ਚਾਹੀਦੀ ਹੈ। ਜੇ ਕਮਿਸ਼ਨ ਨੇ ਕਾਰਵਾਈ ਨਹੀਂ ਕੀਤੀ ਤਾਂ ਕਾਂਗਰਸ ਕੋਰਟ ਜਾਏਗੀ।

2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਨੇ ਸਾਰੀਆਂ 29 ਸੀਟਾਂ ਜਿੱਤੀਆਂ ਸਨ। ਅਜਿਹਾ ਸੂਬੇ ਵਿਚ ਪਹਿਲੀ ਵਾਰ ਹੋਇਆ। ਚੋਣਾਂ ਦੌਰਾਨ ਭਾਜਪਾ ਨੇ ਕਾਂਗਰਸ ਦੇ ਖੇਮੇ ਵਿੱਚ ਜ਼ਬਰਦਸਤ ਸੰਨ੍ਹ ਲਾਈ ਸੀ। ਕਈ ਵਿਧਾਇਕਾਂ ਨੂੰ ਤੋੜਿਆ ਸੀ। ਭਾਜਪਾ ਦੇ ਅਪ੍ਰੇਸ਼ਨ ਦਾ ਆਲਮ ਇਹ ਰਿਹਾ ਸੀ ਕਿ ਨਾਂ ਵਾਪਸੀ ਵਾਲੇ ਦਿਨ ਇੰਦੌਰ ਤੋਂ ਕਾਂਗਰਸੀ ਉਮੀਦਵਾਰ ਅਕਸ਼ੈ ਕਾਂਤੀ ਬੰਬ ਨਾਂ ਵਾਪਸ ਲੈ ਕੇ ਭਾਜਪਾ ਦੀ ਗੋਦ ਵਿਚ ਜਾ ਬੈਠਾ ਸੀ। ਖਜੂਰਾਹੋ ਦੀ ਸੀਟ ਕਾਂਗਰਸ ਨੇ ਸਮਾਜਵਾਦੀ ਪਾਰਟੀ ਲਈ ਛੱਡੀ ਸੀ ਪਰ ਉਸ ਦੇ ਉਮੀਦਵਾਰ ਦਾ ਪਰਚਾ ਰੱਦ ਹੋ ਗਿਆ ਸੀ।

ਕਿਸਾਨ ਆਗੂ ਸੁਖਵਿੰਦਰ ਕੌਰ ਦੇ ਰਾਮਪੁਰਾ ਫੂਲ ਸਥਿਤ ਘਰ 'ਤੇ ਛਾਪੇਮਾਰੀ

ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਇਕਾਈ ਬਠਿੰਡਾ ਨੇ ਭਾਜਪਾ ਦੀ ਅਗਵਾਈ ਵਾਲੀ ਐਨ ਡੀ ਏ ਕੇਂਦਰੀ ਹਕੂਮਤ ਦੀਆਂ ਹਦਾਇਤਾਂ 'ਤੇ ਕੌਮੀ ਜਾਂਚ ਏਜੰਸੀ ਵੱਲੋਂ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਯੂ ਪੀ ਦੇ ਵਕੀਲਾਂ ਤੇ ਜਮਹੂਰੀ ਕਾਰਕੁਨਾਂ ਤੋਂ ਇਲਾਵਾ ਰਾਮਪੁਰਾ ਫੂਲ ਦੇ ਸਾਰਾਭਾ ਨਗਰ ਸਥਿਤ ਭਾਰਤੀ ਕਿਸਾਨ ਯੂਨੀਅਨ (ਕ੍ਰਾਂਤੀਕਾਰੀ) ਦੀ ਜਨਰਲ ਸਕੱਤਰ ਸੁਖਵਿੰਦਰ ਕੌਰ ਦੇ ਘਰ 'ਤੇ ਮਾਰੇ ਛਾਪੇ ਨੂੰ ਸਰਾਸਰ ਤਾਨਾਸ਼ਾਹੀ ਕਰਾਰ ਦਿੰਦਿਆਂ ਇਸ ਦਾ ਡਟ ਕੇ ਵਿਰੋਧ ਦਾ ਸੱਦਾ ਦਿੱਤਾ ਹੈ। ਇਸ ਸੰਬੰਧੀ ਜਾਰੀ ਕੀਤੇ ਇੱਕ ਬਿਆਨ ਵਿੱਚ ਜਮਹੂਰੀ ਅਧਿਕਾਰ ਸਭਾ ਦੇ ਸੂਬਾ ਕਮੇਟੀ ਮੈਂਬਰ ਐਡਵੋਕੇਟ ਐਨ ਕੇ ਜੀਤ, ਜਨਰਲ ਸਕੱਤਰ ਪ੍ਰਿਤਪਾਲ ਸਿੰਘ, ਜ਼ਿਲ੍ਹਾ ਪ੍ਰਧਾਨ ਪ੍ਰਿੰ. ਬੱਗਾ ਸਿੰਘ, ਸਕੱਤਰ ਐਡਵੋਕੇਟ ਸੁਦੀਪ ਸਿੰਘ ਤੇ ਪ੍ਰੈਸ ਸਕੱਤਰ ਡਾ. ਅਜੀਤਪਾਲ ਸਿੰਘ ਨੇ ਕਿਹਾ ਕਿ ਐਨ ਆਈ ਏ ਦੀ ਟੀਮ ਵੱਲੋਂ ਛਾਪੇਮਾਰੀ ਵੇਲੇ ਨਾ ਤਾਂ ਸਥਾਨਕ ਪੁਲਸ ਨੂੰ ਸੂਚਿਤ ਕੀਤਾ ਗਿਆ ਅਤੇ ਨਾ ਹੀ ਪਿੰਡ ਦੇ ਸਰਪੰਚ ਜਾਂ ਸ਼ਹਿਰ ਦੇ ਕਿਸੇ ਮਿਊਂਸਪਲ ਕੌਂਸਲਰ ਨੂੰ ਹੀ ਨਾਲ ਲਿਆ ਗਿਆ। ਹੋਰ ਤਾਂ ਕੀ ਐਨ ਆਈ ਏ ਟੀਮ ਨੇ ਮਾਰੇ ਜਾ ਰਹੇ ਛਾਪੇ ਦਾ ਮਕਸਦ ਵੀ ਪਰਵਾਰ ਨੂੰ ਨਹੀਂ ਦੱਸਿਆ। ਟੀਮ ਨੇ ਬੇਹੱਦ ਸ਼ੱਕੀ ਹਾਲਤ ਵਿੱਚ ਅਤੇ ਅਨੇਕਾਂ ਬੇਨਿਯਮੀਆਂ ਤਹਿਤ ਇਹ ਛਾਪੇਮਾਰੀ ਅਤੇ ਘਰ ਦੀ ਤਲਾਸ਼ੀ ਬੇਰੋਕ ਕਰੀਬ 7 ਘੰਟੇ ਜਾਰੀ ਰੱਖੀ। ਸੁਖਵਿੰਦਰ ਕੌਰ ਘਰੇ ਨਹੀਂ ਸੀ, ਫਿਰ ਵੀ ਉਨ੍ਹਾਂ ਦੀ 90 ਸਾਲਾ ਬਜ਼ੁਰਗ ਮਾਤਾ, ਪੁੱਤਰ ਸ਼ਹਿਬਾਜ ਸਿੰਘ, ਉਨ੍ਹਾਂ ਦੀ ਨੂੰਹ ਅਤੇ ਪਤੀ ਹਰਭਿੰਦਰ ਸਿੰਘ ਨੂੰ ਘਰ ਅੰਦਰ ਬੰਦੀ ਬਣਾ ਕੇ ਰੱਖਿਆ ਗਿਆ। ਪਰਵਾਰਕ ਮੈਂਬਰਾਂ ਦੀ ਮੰਗ 'ਤੇ ਵੀ ਉਨਾਂ ਦੇ ਕਿਸੇ ਵਕੀਲ ਨੂੰ ਅੰਦਰ ਆਉਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਸਭਾ ਵੱਲੋਂ ਹਰਭਿੰਦਰ ਸਿੰਘ ਅਤੇ ਉਸ ਦੇ ਪੁੱਤਰ ਤੋਂ ਲਈ ਜਾਣਕਾਰੀ ਮੁਤਾਬਕ ਐਨ ਆਈ ਏ ਦੀ ਟੀਮ ਆਪਣੇ ਨਾਲ ਦੋ ਸਟਾਕ ਵਿਟਨੈਸ/ਗਵਾਹ ਆਪਣੇ ਵੱਲੋਂ ਹੀ ਨਾਲ ਲੈ ਕੇ ਆਈ ਸੀ। ਕੋਈ ਵੀ ਇੰਡੀਪੈਂਡੈਂਟ ਵਿਟਨੈਸ (ਆਜ਼ਾਦ ਗਵਾਹ) ਸ਼ਾਮਲ ਨਹੀਂ ਕੀਤਾ ਗਿਆ। ਛਾਪੇਮਾਰੀ ਦਾ ਬਹਾਨਾ 2023 ਵਿੱਚ ਲਖਨਊ ਵਿਖੇ ਦਰਜ ਕਿਸੇ ਐਫ ਆਈ ਆਰ ਨੂੰ ਬਣਾਇਆ ਗਿਆ, ਜਿਸ ਵਿੱਚ ਕੁਝ ਆਈ ਪੀ ਸੀ ਦੀਆਂ ਧਾਰਾਵਾਂ ਤੋਂ ਇਲਾਵਾ ਯੂ ਏ ਪੀ ਏ ਦੀਆਂ ਧਾਰਾਵਾਂ ਵੀ ਲੱਗੀਆਂ ਹੋਈਆਂ ਹਨ। ਸੁਖਵਿੰਦਰ ਕੌਰ ਦਾ ਕਹਿਣਾ ਹੈ ਕਿ ਉਹ ਤਾਂ ਕਦੇ ਲਖਨਊ ਗਈ ਵੀ ਨਹੀਂ। ਪਰਵਾਰ ਮੁਤਾਬਕ ਸਰਚ ਦੌਰਾਨ ਕੋਈ ਕਿਸੇ ਕਿਸਮ ਦੀ ਇਤਰਾਜ਼ ਯੋਗ ਸਮੱਗਰੀ ਟੀਮ ਨੂੰ ਨਹੀਂ ਮਿਲੀ। ਇੱਕ ਮੋਬਾਇਲ ਫੋਨ, ਤਿੰਨ-ਚਾਰ ਪੈਨ ਡਰਾਈਵ ਅਤੇ ਕੁਝ ਜਨਤਕ ਜਥੇਬੰਦੀਆਂ ਦੇ ਲੀਫਲੈਟ ਤੇ ਦਸਤਾਵੇਜ਼ ਵਗੈਰਾ ਪੁਲਸ ਸੀਲ ਕਰਕੇ ਲੈ ਗਈ। ਬੈਂਕ ਅਕਾਊਂਟਸ ਤੇ ਕੁਝ ਏ ਟੀ ਐਮਸ ਦੀਆਂ ਫੋਟੋ ਵੀ ਲਈਆਂ ਗਈਆਂ। ਸੰਨ 1974 ਵਿੱਚ ਮੋਗਾ ਵਿਖੇ ਪੰਜਾਬ ਸਟੂਡੈਂਟ ਯੂਨੀਅਨ ਵੱਲੋਂ ਕੀਤੀ ਸੰਗਰਾਮ ਰੈਲੀ ਸਮੇਂ ਛਪਿਆ ਇੱਕ ਪੈਂਫਲਿਟ ਵੀ ਪੁਲਸ ਲੈ ਗਈ। ਸਭਾ ਦੀ ਜ਼ਿਲ੍ਹਾ ਸਕੱਤਰੇਤ ਵੱਲੋਂ ਕੀਤੀ ਐਮਰਜੈਂਸੀ ਮੀਟਿੰਗ ਵਿੱਚ ਇਹ ਸਿੱਟਾ ਕੱਢਿਆ ਗਿਆ ਕਿ ਇਹ ਰੇਡ ਪਾਰਦਰਸ਼ੀ ਨਾ ਹੋ ਕੇ ਕਿਸੇ ਝੂਠੇ ਕੇਸ ਦੀ ਬੁਨਿਆਦ ਬਣਾਉਣ ਲਈ ਕੀਤੀ ਗਈ ਹੈ, ਜਿਸ ਦਾ ਇੱਕੋ-ਇੱਕ ਮਕਸਦ ਸੰਘਰਸ਼ਸ਼ੀਲ ਜਥੇਬੰਦੀ ਦੇ ਆਗੂਆਂ ਨੂੰ ਬੇਵਜ੍ਹਾ ਕੇਸਾਂ ਚੋਂ ਉਲਝਾ ਕੇ ਲੋਕਾਂ ਨੂੰ ਦਹਿਸ਼ਤਜ਼ਦਾ ਕਰਨਾ ਅਤੇ ਸੰਘਰਸ਼ਾਂ ਨੂੰ ਆਗੂ ਰਹਿਤ ਕਰਨਾ ਹੀ ਹੋ ਸਕਦਾ ਹੈ। ਫਿਰਕੂ ਫਾਸ਼ੀਵਾਦੀ ਪਾਰਟੀ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਹਰ ਉਸ ਤਾਕਤ ਨੂੰ ਨਿਸ਼ਾਨਾ ਬਣਾ ਰਹੀ ਹੈ ਜੋ ਹਕੂਮਤ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਆਲੋਚਨਾ ਕਰਦੀ ਹੈ। ਪਿਛਲੇ ਕੁਝ ਅਰਸੇ ਤੋਂ ਭਾਜਪਾ ਦੀ ਸਾਖ ਲੋਕਾਂ ਵਿੱਚ ਘਟਦੀ ਜਾ ਰਹੀ ਹੈ ਅਤੇ ਉਸ ਨੂੰ ਲਗਾਤਾਰ ਹਾਰ ਹੋ ਰਹੀ ਹੈ। ਗੁਆਂਢੀ ਸੂਬੇ ਹਰਿਆਣਾ ਵਿੱਚ ਹੋਣ ਜਾ ਰਹੀਆਂ ਸੂਬਾਈ ਚੋਣਾਂ ਵਿੱਚ ਵੀ ਭਾਜਪਾ ਨੂੰ ਹਾਰਨ ਦਾ ਡਰ ਸਤਾ ਰਿਹਾ ਹੈ, ਜਿਸ ਕਾਰਨ ਉਸ ਵੱਲੋਂ ਲੋਕ ਸੰਘਰਸ਼ਾਂ ਖਾਸ ਕਰਕੇ ਹਰਿਆਣੇ ਦੇ ਬਾਰਡਰ 'ਤੇ ਚੱਲ ਰਹੇ ਕਿਸਾਨੀ ਘੋਲ ਦੇ ਆਗੂਆਂ ਨੂੰ ਉਲਝਾਉਣ ਲਈ ਐਨ ਆਈ ਏ ਨੂੰ ਹਥਿਆਰ ਬਣਾਇਆ ਜਾ ਰਿਹਾ ਹੈ, ਜੋ ਇੱਕ ਕੇਂਦਰੀਕ੍ਰਿਤ ਤਾਨਾਸ਼ਾਹ ਏਜੰਸੀ ਹੈ। ਜਿਸ ਦੀ ਸਿਰਜਣਾ ਫੈਡਰਲਿਜ਼ਮ ਦੇ ਸਿਧਾਂਤ ਦੇ ਉਲਟ ਸੂਬਿਆਂ ਦੇ ਅਧਿਕਾਰਾਂ 'ਤੇ ਕੱਟ ਲਾਉਣ ਲਈ ਕੀਤੀ ਗਈ ਹੈ। ਸਭਾ ਦੇ ਆਗੂਆਂ ਨੇ ਮੰਗ ਕੀਤੀ ਹੈ ਕਿ ਲੋਕਾਂ ਦੇ ਆਪਣੇ ਹੱਕਾਂ ਲਈ ਸੰਘਰਸ਼ ਕਰਨ ਦੇ ਜਮਹੂਰੀ ਹੱਕਾਂ ਉੱਪਰ ਤਾਨਾਸ਼ਾਹ ਏਜੰਸੀ ਐਨ ਆਈ ਏ ਦੀ ਵਰਤੋਂ ਕਰਕੇ ਕੀਤੇ ਜਾ ਰਹੇ ਹਮਲੇ ਤੁਰੰਤ ਬੰਦ ਕੀਤੇ ਜਾਣ।

ਡਾ. ਅਜੀਤਪਾਲ ਸਿੰਘ ਪ੍ਰੈਸ ਸਕੱਤਰ, 98156-29301

ਕੈਨੇਡਾ 'ਚ ਵਿਦਿਆਰਥੀ ਉਤਰੇ ਸੰਘਰਸ਼ ਦੇ ਰਾਹ

ਕੈਨੇਡਾ 'ਚ ਹਜ਼ਾਰਾਂ ਅੰਤਰਰਾਸ਼ਟਰੀ ਵਿਦਿਆਰਥੀ ਜਸਟਿਨ ਟਰੂਡੋ ਸਰਕਾਰ ਦੁਆਰਾ ਪ੍ਰਵਾਸੀ ਕਾਮਿਆਂ ਬਾਰੇ ਕੈਨੇਡਾ ਦੀ ਨੀਤੀ ਵਿੱਚ ਕੀਤੀਆਂ ਤਬਦੀਲੀਆਂ ਕਾਰਨ ਦੇਸ਼ ਨਿਕਾਲੇ ਦਾ ਸਾਹਮਣਾ ਕਰਨ ਦੇ ਡਰ ਤੋਂ ਦੇਸ਼-ਵਿਆਪੀ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ।

ਸਿਟੀ ਨਿਊਜ਼ ਟੋਰਾਂਟੋ ਦੇ ਅਨੁਸਾਰ, ਨੌਜਵਾਨ ਸਪੋਰਟ ਨੈੱਟਵਰਕ, ਇੱਕ ਵਿਦਿਆਰਥੀ ਐਡਵੋਕੇਸੀ ਗਰੁੱਪ ਦੇ ਨੁਮਾਇੰਦਿਆਂ ਨੇ ਕਿਹਾ ਕਿ 70,000 ਤੋਂ ਵੱਧ ਗ੍ਰੈਜੂਏਟਾਂ ਨੂੰ ਇਸ ਸਾਲ ਦੇ ਅੰਤ ਵਿੱਚ ਵਰਕ ਪਰਮਿਟ ਦੀ ਮਿਆਦ ਖਤਮ ਹੋਣ 'ਤੇ ਕੈਨੇਡਾ ਵਿੱਚੋਂ ਕੱਢ ਦਿੱਤੇ ਜਾਣ ਦਾ ਖ਼ਤਰਾ ਹੈ।

ਭਾਰਤ ਦੇ ਵਿਦਿਆਰਥੀਆਂ ਨੇ ਪ੍ਰਿੰਸ ਐਡਵਰਡ ਆਈਲੈਂਡ (PEI) ਵਿੱਚ ਇਮੀਗ੍ਰੇਸ਼ਨ ਕਾਨੂੰਨਾਂ ਨੂੰ ਬਦਲਣ ਦੇ ਵਿਰੋਧ ਵਿਚ ਰੋਸ ਪ੍ਰਦਰਸ਼ਨ ਕੀਤਾ।

ਕੈਨੇਡਾ ਤੋਂ ਦੇਸ਼ ਨਿਕਾਲੇ ਦਾ ਸਾਹਮਣਾ ਕਰ ਰਹੇ 70,000 ਵਿਦਿਆਰਥੀਆਂ ਵਿੱਚ ਹਜ਼ਾਰਾਂ ਭਾਰਤੀ ਸ਼ਾਮਲ ਹਨ।

ਭਾਰਤੀ ਵਿਦਿਆਰਥੀ ਮੰਗ ਕਰ ਰਹੇ ਹਨ ਕਿ ਕੈਨੇਡਾ ਆਪਣੀ ਨੀਤੀ ਬਦਲੇ। ਵਿਰੋਧ ਪ੍ਰਦਰਸ਼ਨ ਪ੍ਰਿੰਸ ਐਡਵਰਡ ਆਈਲੈਂਡ ਤੋਂ ਸ਼ੁਰੂ ਹੋਇਆ ਅਤੇ ਤਿੰਨ ਹੋਰ ਸੂਬਿਆਂ ਵਿੱਚ ਫੈਲ ਗਿਆ।

ਓਨਟਾਰੀਓ ਦੀਆਂ ਵਿਅਸਤ ਸੜਕਾਂ ਤੋਂ ਲੈ ਕੇ ਪ੍ਰਿੰਸ ਐਡਵਰਡ ਆਈਲੈਂਡ (ਪੀ.ਈ.ਆਈ.) ਦੇ ਖੂਬਸੂਰਤ ਲੈਂਡਸਕੇਪਾਂ ਤੱਕ ਇਹ ਪ੍ਰਦਰਸ਼ਨ ਉਨ੍ਹਾਂ ਲੋਕਾਂ ਵਿੱਚ ਵਧ ਰਹੀ ਨਿਰਾਸ਼ਾ ਅਤੇ ਚਿੰਤਾ ਨੂੰ ਉਜਾਗਰ ਕਰਦੇ ਹਨ, ਜੋ ਇੱਕ ਬਿਹਤਰ ਭਵਿੱਖ ਦੇ ਵਾਅਦੇ ਨਾਲ ਕੈਨੇਡਾ ਆਏ ਸਨ, ਪਰ ਆਪਣੇ-ਆਪ ਨੂੰ ਟਰੂਡੋ ਸਰਕਾਰ ਵੱਲੋਂ ਠੱਗੇ ਹੋਏ ਮਹਿਸੂਸ ਕਰਦੇ ਹਨ।

ਟਰੂਡੋ ਸਰਕਾਰ ਦੀਆਂ ਨੀਤੀਆਂ ਕਾਰਨ ਸਥਿਤੀ ਗੰਭੀਰ ਬਣ ਗਈ ਹੈ, ਜਿਸ ਦੇ ਤਹਿਤ PR ਵਿੱਚ 25% ਦੀ ਕਟੌਤੀ ਕੀਤੀ ਹੈ, ਜਿਸ ਨਾਲ ਬਹੁਤ ਸਾਰੇ ਭਾਰਤੀ ਵਿਦਿਆਰਥੀਆਂ ਨੂੰ ਵਾਪਸ ਪਰਤਣਾ ਪਿਆ ਹੈ ਤੇ ਅਨੇਕਾਂ ਨੂੰ ਹੋਰ ਪਰਤਣਾ ਪੈ ਸਕਦਾ ਹੈ।

ਹੁਣ ਭਾਰਤੀ ਵਿਦਿਆਰਥੀਆਂ ਦਾ ਵਿਰੋਧ ਚਾਰ ਕੈਨੇਡੀਅਨ ਸੂਬਿਆਂ-ਓਨਟਾਰੀਓ, ਮੈਨੀਟੋਬਾ, ਪ੍ਰਿੰਸ ਐਡਵਰਡ ਆਈਲੈਂਡ (PEI) ਅਤੇ ਬ੍ਰਿਟਿਸ਼ ਕੋਲੰਬੀਆ (23) ਵਿੱਚ ਫੈਲ ਗਿਆ ਹੈ।

ਬਿਹਤਰ ਜ਼ਿੰਦਗੀ ਦਾ ਸੁਪਨਾ ਦੇਖਦੇ ਲੱਖਾਂ ਭਾਰਤੀ ਵਿਦਿਆਰਥੀਆਂ ਨੇ ਕੈਨੇਡਾ ਸਰਕਾਰ ਦੇ ਨਿਯਮਾਂ ਅਨੁਸਾਰ ਸਟੱਡੀ ਵੀਜ਼ਾ ਰੂਟ ਦੀ ਵਰਤੋਂ ਕੀਤੀ ਸੀ। ਕੈਨੇਡੀਅਨ ਸਰਕਾਰ ਨੂੰ ਇਹ ਸਭ ਪਹਿਲਾਂ ਹੀ ਪਤਾ ਸੀ, ਪਰ ਫਿਰ ਵੀ ਵੱਡੇ ਪੱਧਰ 'ਤੇ ਪਰਵਾਸ ਦੀ ਇਜਾਜ਼ਤ ਦਿੱਤੀ ਗਈ, ਕਿਉਂਕਿ ਵਿਦਿਆਰਥੀ ਕੈਨੇਡਾ ਦੀ ਅਰਥ-ਵਿਵਸਥਾ ਵਿੱਚ ਵੱਡੀ ਮਦਦ ਕਰ ਰਹੇ ਸਨ।

ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਰਿਪੋਰਟ ਦਿੱਤੀ ਹੈ ਕਿ ਲੱਗਭੱਗ 2.8 ਮਿਲੀਅਨ ਭਾਰਤੀ ਕੈਨੇਡਾ ਵਿੱਚ ਰਹਿੰਦੇ ਹਨ, ਜਿਨ੍ਹਾਂ ਵਿੱਚ 1.8 ਮਿਲੀਅਨ ਪੰਜਾਬੀ ਮੂਲ ਦੇ ਲੋਕ ਹਨ। ਜਦੋਂ ਕੈਨੇਡਾ ਦੇ ਮੂਲ ਨਿਵਾਸੀਆਂ ਨੇ ਪ੍ਰਵਾਸੀਆਂ ਦੀ ਵਧਦੀ ਗਿਣਤੀ ਕਾਰਨ ਰਿਹਾਇਸ਼ਾਂ ਅਤੇ ਹਸਪਤਾਲਾਂ 'ਤੇ ਦਬਾਅ ਦਾ ਵਿਰੋਧ ਕਰਨਾ ਸ਼ੁਰੂ ਕੀਤਾ ਤਾਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਸਰਕਾਰ ਨੇ ਅਚਾਨਕ ਦਮਨਕਾਰੀ ਨੀਤੀ ਅਪਣਾ ਲਈ ਸੀ। ਟਰੂਡੋ ਸਰਕਾਰ ਨੇ ਇਸ ਵਾਧੇ ਨੂੰ ਕੰਟਰੋਲ ਕਰਨ ਲਈ ਦੋ ਸਾਲ ਦੀ ਸਮਾਂ-ਸੀਮਾ ਤੈਅ ਕੀਤੀ ਸੀ।

ਇਮੀਗ੍ਰੇਸ਼ਨ, ਸ਼ਰਨਾਰਥੀ ਅਤੇ ਨਾਗਰਿਕਤਾ ਮੰਤਰੀ ਮਾਰਕ ਮਿਲਰ ਨੇ ਐਲਾਨ ਕੀਤਾ ਕਿ 21 ਜੂਨ ਤੋਂ ਵਿਦੇਸ਼ੀ ਨਾਗਰਿਕ ਹੁਣ ਸਰਹੱਦ 'ਤੇ ਪੋਸਟ ਗ੍ਰੈਜੂਏਟ ਵਰਕ ਪਰਮਿਟ (PGWP) ਲਈ ਅਰਜ਼ੀ ਨਹੀਂ ਦੇ ਸਕਣਗੇ। ਇਹ ਫੈਸਲਾ 'ਫਲੈਗਪੋਲਿੰਗ' ਨੂੰ ਨਿਸ਼ਾਨਾ ਬਣਾਉਂਦਾ ਹੈ, ਇੱਕ ਅਭਿਆਸ ਜਿਸ ਵਿੱਚ ਕੱਚੇ ਨਾਗਰਿਕ ਕੰਮ ਜਾਂ ਅਧਿਐਨ ਪਰਮਿਟ ਦੀਆਂ ਅਰਜ਼ੀਆਂ ਵਿੱਚ ਤੇਜ਼ੀ ਲਿਆਉਣ ਲਈ ਕੈਨੇਡਾ ਤੋਂ ਬਾਹਰ ਨਿਕਲਦੇ ਸਨ ਅਤੇ ਮੁੜ-ਪ੍ਰਵੇਸ਼ ਕਰਦੇ ਸਨ।

26 ਅਗਸਤ ਨੂੰ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਘੱਟ ਤਨਖਾਹ ਵਾਲੀਆਂ ਨੌਕਰੀਆਂ 'ਤੇ ਕੰਮ ਕਰਨ ਵਾਲੇ ਅਸਥਾਈ ਵਿਦੇਸ਼ੀ ਕਾਮਿਆਂ ਦੀ ਗਿਣਤੀ ਵਿੱਚ ਗਿਰਾਵਟ ਦਾ ਐਲਾਨ ਵੀ ਕਰ ਦਿੱਤਾ, ਜਿਸ ਨਾਲ ਬੇਚੈਨੀ ਹੋਰ ਵਧ ਗਈ।

ਕੈਨੇਡਾ ਸਰਕਾਰ ਖੇਤੀਬਾੜੀ, ਫੂਡ ਪ੍ਰੋਸੈਸਿੰਗ, ਉਸਾਰੀ ਅਤੇ ਸਿਹਤ ਸੰਭਾਲ ਖੇਤਰਾਂ ਵਿੱਚ ਨੌਕਰੀਆਂ ਨੂੰ ਛੱਡ ਕੇ 6% ਜ

2-SEP-PAGE-5.qxd 9/1/2024 9:35 PM Page 1

ਲੋਕ ਵਿਰੋਧੀ ਨਵੀਂ ਸਿੱਖਿਆ ਨੀਤੀ ਤੁਰੰਤ ਰੱਦ ਕਰਕੇ 1968 ਦੀ ਸਿੱਖਿਆ ਨੀਤੀ ਹੋਰ ਵਾਧਿਆਂ ਸਮੇਤ ਲਾਗੂ ਕੀਤੀ ਜਾਵੇ : ਆਗੂ

ਲੁਧਿਆਣਾ (ਐੱਮ ਐੱਸ ਭਾਟੀਆ)-ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਲੋਕ ਵਿਰੋਧੀ ਨਵੀਂ ਸਿੱਖਿਆ ਨੀਤੀ-2020 ਤੁਰੰਤ ਰੱਦ ਕਰਕੇ ਅਧਿਆਪਕ ਦੀਆਂ ਸੇਵਾ ਹਾਲਤਾਂ ਤੇ ਰੁਤਬਾ ਬਹਾਲ ਕਰਨ ਤੇ ਗੁਣਾਤਮਿਕ ਸਿੱਖਿਆ ਦੇ ਮੌਕੇ ਪੈਦਾ ਕਰਨ ਦੇ ਵਿਸ਼ੇ ਸਬੰਧੀ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਸੀਨੀਅਰ ਮੀਤ ਪ੍ਰਧਾਨ ਪਰਵੀਨ ਕੁਮਾਰ ਲੁਧਿਆਣਾ ਦੀ ਪ੍ਰਧਾਨਗੀ ਹੇਠ ਸਥਾਨਕ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿੱਚ ਅਧਿਆਪਕ ਦਿਵਸ ਨੂੰ ਸਮਰਪਤ ਕਰਕੇ ਵਿਚਾਰ ਚਰਚਾ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਸਰਪ੍ਰਸਤ ਚਰਨ ਸਿੰਘ ਸਰਾਭਾ, ਸੂਬਾ ਸਲਾਹਕਾਰ ਪ੍ਰੇਮ ਚਾਵਲਾ, ਵਿੱਤ ਸਕੱਤਰ ਨਵੀਨ ਸਚਦੇਵਾ, ਐਡੀਸ਼ਨਲ ਜਨਰਲ ਸਕੱਤਰ ਬਾਜ਼ ਸਿੰਘ ਭੁੱਲਰ, ਬੂਟਾ ਸਿੰਘ ਭੱਟੀ, ਪਰਮਿੰਦਰਪਾਲ ਸਿੰਘ ਕਾਲੀਆ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਤੇ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾਈ ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ ਨੇ ਕਿਹਾ ਕਿ ਭਾਰਤ ਵਿੱਚ 1990-91 ਤੋਂ ਆਈਆਂ ਨਵਉਦਾਰਵਾਦੀ ਆਰਥਿਕ ਨੀਤੀਆਂ ਨੇ ਅਧਿਆਪਨ ਕਿੱਤੇ, ਅਧਿਆਪਕ ਦੇ ਰੁਤਬੇ ਤੇ ਅਧਿਆਪਕਾਂ ਦੀਆਂ ਸੇਵਾ ਹਾਲਤਾਂ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਇਨ੍ਹਾਂ ਉਦਾਰਵਾਦੀ ਨੀਤੀਆਂ ਕਾਰਨ ਹੀ ਅਧਿਆਪਕਾਂ ਦੀਆਂ ਨਿਯੁਕਤੀਆਂ ਠੇਕੇ 'ਤੇ ਹੋਣ ਲੱਗੀਆਂ ਹਨ ਤੇ ਪਿਛਲੇ ਕਈ ਸਾਲਾਂ ਤੋਂ ਠੇਕੇ 'ਤੇ ਕੰਮ ਕਰਦੇ ਹਨ। ਇਨ੍ਹਾਂ ਅਧਿਆਪਕਾਂ ਨੂੰ ਕਈ ਗੁਣਾਂ ਘੱਟ ਉਜ਼ਰਤਾਂ ਦਿੱਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਸਿੱਖਿਆ ਪ੍ਰੋਵਾਈਡਰ, ਸਿੱਖਿਆ ਵਾਲੰਟੀਅਰ ਵਰਗੇ ਨਵੇਂ-ਨਵੇਂ ਨਾਂ ਦੇ ਕੇ ਅਧਿਆਪਕ ਦੇ ਸਨਮਾਨ 'ਤੇ ਸੱਟ ਮਾਰੀ ਗਈ ਹੈ ਤੇ ਇਨ੍ਹਾਂ ਅਧਿਆਪਕਾਂ ਨੂੰ

ਪੰਜਾਬ ਸਰਕਾਰ ਵੱਲੋਂ ਪੂਰੇ ਤਨਖਾਹ ਸਕੇਲ ਵਿੱਚ ਰੈਗੂਲਰ ਕਰਨ ਦੀ ਬਜਾਏ ਅਸੋਸੀਏਟ ਅਧਿਆਪਕ ਬਣਾ ਕੇ 58 ਸਾਲ ਦੀ ਉਮਰ ਤੱਕ ਪੱਕੇ ਤੌਰ 'ਤੇ ਠੇਕਾ ਅਧਾਰਤ ਕਰ ਦਿੱਤਾ ਹੈ।ਆਗੂਆਂ ਵੱਲੋਂ ਕੇਂਦਰ ਸਰਕਾਰ ਦੁਆਰਾ ਖੋਲ੍ਹੇ ਜਾ ਰਹੇ 'ਪੀ ਐੱਮ ਸ੍ਰੀ ਸਕੂਲਾਂ' ਤੇ ਪੰਜਾਬ ਸਰਕਾਰ ਦੇ 'ਸਕੂਲ ਆਫ ਐਮੀਨੈਂਸ' ਦੀ ਸਖਤ ਨਿਖੇਧੀ ਕਰਦੇ ਹੋਏ ਕਿਹਾ ਕਿ ਇਸ ਨਾਲ਼ ਕੋਠਾਰੀ ਸਿੱਖਿਆ ਕਮਿਸ਼ਨ (1964-66) ਵੱਲੋਂ ਤਜਵੀਜ਼ਤ ਕਾਮਨ ਸਕੂਲ ਸਿਸਟਮ ਨੂੰ ਤੋੜਿਆ ਜਾ ਰਿਹਾ ਹੈ।ਜਥੇਬੰਦੀ ਮੰਗ ਕਰਦੀ ਹੈ ਕਿ ਆਦਰਸ਼, ਮੈਰੀਟੋਰੀਅਸ ਤੇ ਹੋਰ ਵੱਖ-ਵੱਖ ਤਰ੍ਹਾਂ ਦੇ ਸਕੂਲਾਂ ਨੂੰ ਸਥਾਪਤ ਸਕੂਲ ਪ੍ਰਣਾਲੀ ਵਿੱਚ ਪੂਰੇ ਸਟਾਫ ਸਮੇਤ ਮਰਜ ਕੀਤਾ ਜਾਵੇ।ਇਸ ਸਮੇਂ ਅਧਿਆਪਕਾਂ ਤੇ ਸਕੂਲ ਮੁਖੀਆਂ ਦੀਆਂ ਬਦਲੀਆਂ ਦੀਆਂ ਬੇਨਿਯਮੀਆਂ ਦੀ ਵੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।ਉਨ੍ਹਾਂ ਰੋਸ ਪ੍ਰਗਟ ਕੀਤਾ ਕਿ ਕਈ ਅਧਿਆਪਕਾਂ ਵੱਲੋਂ ਬਦਲੀ ਲਈ ਜੋ ਸਟੇਸ਼ਨ ਚੁਣੇ ਗਏ ਸਨ, ਉਨ੍ਹਾਂ ਸਟੇਸ਼ਨਾਂ ਉੱਪਰ ਕਿਸੇ ਵੀ ਕਰਮਚਾਰੀ ਦੀ ਬਦਲੀ ਨਹੀਂ ਕੀਤੀ ਗਈ।ਇਸ ਤੋਂ ਇਲਾਵਾ ਸਕੂਲ ਪ੍ਰਿੰਸੀਪਲਾਂ ਤੇ ਮੁੱਖ ਅਧਿਆਪਕਾਂ ਦੀਆਂ ਬਦਲੀਆਂ ਲਈ ਬਿਨਾਂ ਅਰਜ਼ੀਆਂ ਤੋਂ ਹੀ ਤੇ ਬਿਨਾਂ ਕਿਸੇ ਪੈਮਾਨੇ ਤੋਂ ਬਦਲੀਆਂ ਕੀਤੀਆਂ ਗਈਆਂ ਹਨ, ਜਿਸ ਨਾਲ ਪੰਜਾਬ ਸਰਕਾਰ ਦੀ ਬਦਲੀ ਨੀਤੀ ਸ਼ੱਕ ਦੇ ਘੇਰੇ ਵਿੱਚ ਆਉਂਦੀ ਹੈ।ਇਸ ਸਮੇਂ ਜਥੇਬੰਦੀ ਦੇ ਆਗੂਆਂ ਕੁਲਦੀਪ ਸਿੰਘ ਸਹਿਦੇਵ, ਅਮਨਦੀਪ ਬੁਢਲਾਡਾ, ਬਲਬੀਰ ਸਿੰਘ ਕੰਗ, ਸੰਜੀਵ ਕੁਮਾਰ ਸ਼ਰਮਾ, ਮਨੀਸ਼ ਕੁਮਾਰ, ਹਰੀ ਦੇਵ, ਗੁਰਪਾਲ ਸਿੰਘ ਜ਼ੀਰਵੀ, ਰਾਜਵੀਰ ਸਿੰਘ ਢਿੱਲੋਂ, ਮਨਜੀਤ ਸਿੰਘ ਤੂਰ, ਕੁਲਵੰਤ ਸਿੰਘ ਚਾਨੀ ਫਰੀਦਕੋਟ, ਜਸਪਾਲ ਸੰਧੂ ਜਲੰਧਰ, ਅਸ਼ੋਕ ਕੁਮਾਰ ਮਹਿਮੀ, ਅਮਰ ਪਾਲ ਤੇ ਯੋਗ ਰਾਜ ਜਲੰਧਰ ਵੱਲੋਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਠੇਕਾ ਆਧਾਰ 'ਤੇ ਕੰਮ ਕਰਦੇ ਤੇ ਸਮੂਹ ਕੱਚੇ ਅਧਿਆਪਕਾਂ ਨੂੰ ਬਿਨਾਂ ਸ਼ਰਤ ਸਿੱਖਿਆ ਵਿਭਾਗ ਵਿੱਚ ਰੈਗੂਲਰ ਕੀਤਾ ਜਾਵੇ। ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ਼ ਕੀਤਾ ਜਾਵੇ। ਐੱਨ.ਐੱਸ.ਕਿਊ.ਐੱਫ. ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਸ਼ਾਮਲ ਕੀਤਾ ਜਾਵੇ। ਪ੍ਰਾਇਮਰੀ ਤੇ ਸੈਕੰਡਰੀ ਵਿਭਾਗ ਅਧੀਨ ਅਧਿਆਪਕਾਂ ਦੇ ਵੱਖ ਵੱਖ ਵਰਗਾਂ ਦੀਆਂ ਈਟੀਟੀ ਪੱਧਰ ਤੋਂ ਪ੍ਰਿੰਸੀਪਲ ਪੱਧਰ ਤੱਕ ਬਣਦੀਆਂ ਤਰੱਕੀਆਂ ਦੇ ਹੁਕਮ ਤੁਰੰਤ ਜਾਰੀ ਕੀਤੇ ਜਾਣ।ਜਨਵਰੀ 2004 ਤੋਂ ਬਾਅਦ ਨਿਯੁਕਤ ਸਮੂਹ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਨਵੀਂ ਸਿੱਖਿਆ ਨੀਤੀ 2020 ਰੱਦ ਕਰਕੇ 1968 ਦੀ ਸਿੱਖਿਆ ਨੀਤੀ ਤੇ ਹੋਰ ਸਾਰਥਿਕ ਵਾਧੇ ਕਰਕੇ ਅਜਿਹੀ ਨੀਤੀ ਬਣਾਈ ਜਾਵੇ, ਜਿਸ ਨਾਲ ਹਰ ਪੱਧਰ 'ਤੇ ਸਿੱਖਿਆ ਦਾ ਨਿੱਜੀਕਰਨ ਤੇ ਵਪਾਰੀਕਰਨ ਖਤਮ ਹੋ ਸਕੇ। ਇਸ ਇਸ ਤੋਂ ਇਲਾਵਾ ਸਿੱਖਿਆ ਨੀਤੀ ਬਣਾਉਂਦੇ ਸਮੇਂ ਅਧਿਆਪਕਾਂ ਤੇ ਅਧਿਆਪਕ ਜਥੇਬੰਦੀਆਂ ਨਾਲ ਵਿਚਾਰ ਵਟਾਂਦਰਾ ਕੀਤਾ ਜਾਵੇ, ਜਿਵੇਂ ਕਿ ਕੋਠਾਰੀ ਸਿੱਖਿਆ ਕਮਿਸ਼ਨ ਤੇ 1966 ਪੈਰਿਸ ਦੀ ਅੰਤਰ-ਦੇਸੀ ਕਾਨਫਰੰਸ ਦੀਆਂ ਸਿਫਾਰਸ਼ਾਂ ਵਿੱਚ ਕਿਹਾ ਗਿਆ ਸੀ। ਇਸ ਤੋਂ ਇਲਾਵਾ ਹਰ ਪ੍ਰਾਇਮਰੀ ਸਕੂਲ ਵਿੱਚ ਜਮਾਤ ਅਨੁਸਾਰ ਪੰਜ ਰੈਗੂਲਰ ਅਧਿਆਪਕ ਦਿੱਤੇ ਜਾਣ, ਸੈਕੰਡਰੀ ਪੱਧਰ 'ਤੇ ਵਿਸ਼ੇ ਅਨੁਸਾਰ ਅਧਿਆਪਕਾਂ ਦੀਆਂ ਅਸਾਮੀਆਂ ਦਿੱਤੀਆਂ ਜਾਣ ਤੇ ਰੈਗੂਲਰ ਭਰਤੀ ਰਾਹੀਂ ਭਰੀਆਂ ਜਾਣ, ਬੱਚਿਆਂ ਨੂੰ ਗੁਣਾਤਮਕ ਸਿੱਖਿਆ ਪ੍ਰਦਾਨ ਕਰਨ ਲਈ ਅਧਿਆਪਕਾਂ ਤੋਂ ਲਏ ਜਾਂਦੇ ਸਾਰੇ ਗੈਰ-ਵਿੱਦਿਅਕ ਕੰਮ ਤੇ ਬੀ ਐੱਲ ਓਜ਼ ਡਿਊਟੀਆਂ ਕੱਟੀਆਂ ਜਾਣ, ਮੁਲਾਜ਼ਮਾਂ ਨੂੰ ਜਨਵਰੀ 2016 ਤੋਂ ਤਨਖਾਹ ਕਮਿਸ਼ਨ ਦਾ ਬਕਾਇਆ ਜਾਰੀ ਕੀਤਾ ਜਾਵੇ, ਡੀ ਏ ਦੀਆਂ ਕੁੱਲ ਤਿੰਨੇ ਕਿਸ਼ਤਾਂ ਜਾਰੀ ਕੀਤੀਆਂ ਜਾਣ, ਪੇਂਡੂ ਏਰੀਆ ਭੱਤਾ ਤੇ ਬਾਰਡਰ ਏਰੀਆ ਭੱਤਾ ਸਮੇਤ ਬੰਦ ਕੀਤੇ ਸਾਰੇ ਭੱਤੇ ਬਹਾਲ ਕੀਤੇ ਜਾਣ।ਇਸ ਸਮੇਂ ਫੈਸਲਾ ਕੀਤਾ ਕਿ 1 ਅਕਤੂਬਰ ਨੂੰ ਸਕੂਲਾਂ ਦੀ ਸਰਕਾਰੀਕਰਨ ਦੀ 67ਵੀਂ ਵਰ੍ਹੇਗੰਢ ਨੂੰ ਮਨਾਇਆ ਜਾਵੇਗਾ।ਜਥੇਬੰਦੀ ਵੱਲੋਂ 3 ਸਤੰਬਰ ਨੂੰ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਚੰਡੀਗੜ੍ਹ ਵਿਖੇ 3 ਸਤੰਬਰ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਰੋਸ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਸਮੇਂ ਹੋਰਨਾਂ ਤੋਂ ਇਲਾਵਾ ਅਧਿਆਪਕ ਆਗੂ ਬਲਵੀਰ ਸਿੰਘ ਕੰਗ, ਜੋਰਾ ਸਿੰਘ ਬੱਸੀਆਂ, ਸੰਜੀਵ ਯਾਦਵ, ਚਰਨ ਸਿੰਘ ਤਾਜਪੁਰੀ, ਨਰਿੰਦਰਪਾਲ ਸਿੰਘ ਬੁਰਜ, ਸਤਵਿੰਦਰਪਾਲ ਸਿੰਘ, ਗਿਆਨ ਸਿੰਘ ਦੋਰਾਹਾ ਆਦਿ ਆਗੂ ਹਾਜ਼ਰ ਸਨ।

ਵਿਧਾਇਕ ਦੇ ਪਿੰਡ ਨਰੇਗਾ ਮਜ਼ਦੂਰਾਂ ਨੂੰ ਤੰਗ ਕਰਨ ਵਿਰੁੱਧ ਮੁਜ਼ਾਹਰਾ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਪਿੰਡਾਂ ਦੇ ਨਰੇਗਾ ਮਜ਼ਦੂਰਾਂ ਨੂੰ ਤੰਗ-ਪ੍ਰੇਸ਼ਾਨ ਕਰਨ ਵਿਰੁੱਧ ਐਮ.ਐਲ.ਏ ਦੇ ਪਿੰਡ ਚੱਕ ਹਫ਼ਤੇ ਸਿੰਘ ਰੋਸ ਮੁਜ਼ਾਹਰਾ ਦਿਹਾਤੀ ਮਜ਼ਦੂਰ ਸਭਾ ਦੇ ਬੈਨਰ ਹੇਠ ਹਲਕਾ ਵਿਧਾਇਕ ਜਗਸੀਰ ਸਿੰਘ ਦੇ ਪਿੰਡ ਚੱਕ ਫ਼ਤਿਹ ਸਿੰਘ ਵਿਖੇ ਸੈਂਕੜੇ ਮਜ਼ਦੂਰ ਮਰਦ, ਔਰਤਾਂ ਨੇ ਕੀਤਾ।ਪ੍ਰਕਾਸ਼ ਸਿੰਘ ਜਨਰਲ ਸਕੱਤਰ ਨੇ ਦੱਸਿਆ ਕਿ ਜਿੱਥੇ 'ਆਪ' ਸਰਕਾਰ ਪਿੰਡਾਂ ਦੇ ਨਰੇਗਾ ਮਜ਼ਦੂਰ ਨੂੰ ਤੰਗ-ਪ੍ਰੇਸ਼ਾਨ ਕਰ ਰਹੀ ਹੈ, ਉਥੇ ਚੋਣਾਂ ਵੇਲੇ ਕੀਤੇ ਵਾਅਦੇ ਪੂਰੇ ਨਹੀਂ ਕਰ ਰਹੀ, ਜਿਵੇਂ ਕਈ ਮਜ਼ਦੂਰ ਦੀ ਦਿਹਾੜੀ 500 ਰੁਪਏ ਕਰਨਾ, ਬੁਢਾਪਾ, ਵਿਧਵਾ, ਅੰਗਹੀਣ, ਆਸ਼ਰਿਤ ਪੈਨਸ਼ਨ 2500 ਸੌ ਕਰਨਾ, ਲਾਲ ਲਕੀਰ ਅੰਦਰ ਘਰਾਂ ਦੀਆਂ ਰਜਿਸਟਰੀਆਂ ਕਰਨਾ, ਕੱਟੇ ਰਾਸ਼ਨ ਕਾਰਡ ਜੋੜਨਾ ਤੇ ਸਾਰੇ ਬੇਜ਼ਮੀਨੇ ਸਾਧਨਹੀਣ ਮਜ਼ਦੂਰਾਂ ਨੂੰ ਰਾਸ਼ਨ ਦੇਣਾ, ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣਾ ਤੇ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਬੇਰੁਜ਼ਗਾਰੀ ਭੱਤਾ ਦੇਣਾ, ਔਰਤਾਂ ਦੇ ਖਾਤਿਆਂ 'ਚ 1100, 1100 ਸੌ ਪਾਉਣਾ, ਹਰ ਕਿਸਮ ਦਾ ਨਸ਼ਾ ਬੰਦ ਕਰਨਾ ਤੇ ਨਸ਼ੇ ਨਾਲ ਮਰਨ ਵਾਲੇ ਮ੍ਰਿਤਕ ਦੇ ਪਰਵਾਰ ਨੂੰ 4 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ, ਤਿੰਨ ਫੌਜਦਾਰੀ ਕਾਲੇ ਕਾਨੂੰਨ ਰੱਦ ਕੀਤੇ ਜਾਣ।

ਆਰਥਿਕ ਤੰਗੀ ਕਾਰਨ ਨੌਜਵਾਨ ਵੱਲੋਂ ਖੁਦਕੁਸ਼ੀ

ਬਰੇਟਾ (ਗੀਤਵਾਲ)-ਨਜ਼ਦੀਕੀ ਪਿੰਡ ਖੁਡਾਲ ਕਲਾਂ ਵਿਖੇ ਇੱਕ ਮਜ਼ਦੂਰ ਨੌਜਵਾਨ ਵੱਲੋਂ ਆਰਥਿਕ ਤੰਗੀ ਕਾਰਨ ਖੁਦਕੁਸ਼ੀ ਕਰ ਲਏ ਜਾਣ ਦਾ ਸਮਾਚਾਰ ਹੈ।ਜਾਣਕਾਰੀ ਆਨੁਸਾਰ ਸੰਦੀਪ ਸਿੰਘ (25) ਜੋ ਕਿ ਮਜ਼ਦੂਰੀ ਦਾ ਕੰਮ ਕਰਦਾ ਸੀ ਤੇ ਆਰਥਿਕ ਤੰਗੀ ਕਾਰਨ ਪ੍ਰੇਸ਼ਾਨ ਰਹਿੰਦਾ ਸੀ।ਇਸ ਕਰਕੇ ਉਸ ਨੇ ਸਵੇਰ ਵਕਤ ਘਰ ਵਿੱਚ ਗਲ ਫਾਹਾ ਲੈ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ।ਬਰੇਟਾ ਪੁਲਸ ਵੱਲੋਂ ਪਰਿਵਾਰ ਦੇ ਬਿਆਨਾਂ 'ਤੇ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

ਗੁਰਦੁਆਰਾ ਸਾਹਿਬ ਵਿਖੇ ਇੱਟਾਂ ਰੋੜੇ ਮਾਰ ਕੇ ਸ਼ੀਸ਼ੇ ਤੋੜਨ ਵਾਲਾ ਦੋ ਘੰਟਿਆਂ 'ਚ ਕਾਬੂ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਸ੍ਰੀ ਸਰਬਜੀਤ ਸਿੰਘ ਬਰਾੜ ਡੀ.ਐੱਸ.ਪੀ. (ਸਿਟੀ-2) ਬਠਿੰਡਾ ਦੀ ਅਗਵਾਈ ਵਿੱਚ ਮੁੱਖ ਅਫਸਰ ਥਾਣਾ ਸਿਵਲ ਲਾਇਨਜ਼ ਬਠਿੰਡਾ ਤੇ ਇੰਚਾਰਜ ਸੀ.ਆਈ.ਏ. ਸਟਾਫ-2 ਦੀਆਂ ਟੀਮਾਂ ਵੱਲੋਂ ਇੱਕ ਸ਼ਰਾਰਤੀ ਅਨਸਰ ਨੂੰ ਕਾਬੂ ਕਰਕੇ ਸਫਲਤਾ ਹਾਸਲ ਕੀਤੀ ਹੈ।ਐਤਵਾਰ ਸਵੇਰੇ ਥਾਣਾ ਸਿਵਲ ਲਾਇਨਜ਼ ਬਠਿੰਡਾ ਨੂੰ ਇੱਕ ਇਤਲਾਹ ਮਿਲੀ ਕਿ ਗੁਰਦੁਆਰਾ ਸਾਹਿਬ ਸੰਗਤ ਸਿਵਲ ਸਟੇਸ਼ਨ ਨੇੜੇ 100 ਫੁੱਟੀ ਰੋਡ ਬਠਿੰਡਾ ਵਿਖੇ ਕਿਸੇ ਸ਼ਰਾਰਤੀ ਅਨਸਰ ਵੱਲੋਂ ਗੁਰਦੁਆਰਾ ਸਾਹਿਬ ਦੀਆਂ ਬਾਹਰ ਵਾਲੀਆਂ ਖਿੜਕੀਆਂ ਦੇ ਇੱਟਾਂ ਰੋੜੇ ਮਾਰ ਕੇ ਸ਼ੀਸ਼ੇ ਤੋੜ ਦਿੱਤੇ ਸਨ।ਇਸ ਵਾਰਦਾਤ ਨੂੰ ਟਰੇਸ ਕਰਨ ਲਈ ਇੰਚਾਰਜ ਸੀ.ਆਈ.ਏ, ਤੇ ਥਾਣਾ ਸਿਵਲ ਲਾਇਨਜ਼ ਦੀਆਂ ਟੀਮਾਂ ਗਠਿਤ ਕੀਤੀਆਂ ਗਈਆਂ, ਜਿਨ੍ਹਾਂ ਵੱਲੋਂ ਰਸਤੇ ਵਿੱਚ ਲੱਗੇ ਵੱਖ-ਵੱਖ ਸੀ.ਸੀ.ਟੀ.ਵੀ. ਕੈਮਰਿਆਂ ਤੇ ਟੈਕਨੀਕਲ ਸੋਰਸਾਂ ਦੀ ਮੱਦਦ ਨਾਲ ਉਕਤ ਕੇਸ ਨੂੰ ਟਰੇਸ ਕਰਕੇ ਦੋਸ਼ੀ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ।ਦੋਸ਼ੀ ਦੀ ਪਛਾਣ ਗੁਰਦੀਪ ਉਰਫ ਫੌਜੀ ਉਰਫ ਪੀਪੀ ਪੁੱਤਰ ਛੋਟਾ ਸਿੰਘ ਵਾਸੀ ਝੁੱਗੀਆਂ ਸ਼ਾਂਤ ਨਗਰ ਬਠਿੰਡਾ ਵਜੋਂ ਹੋਈ ਹੈ।ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ, ਜਿਸ ਤੋਂ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਸੱਪਲ ਜਠੇਰਿਆਂ ਦਾ ਮੇਲਾ ਅੱਜ

ਲੌਂਗੋਵਾਲ (ਕੁਲਦੀਪ ਅੱਤਰੀ/ਪ੍ਰਦੀਪ ਸਿੰਘ ਸੱਪਲ)-ਸਮੂਹ ਸੱਪਲ ਪਰਿਵਾਰ ਵੱਲੋਂ ਵੱਡੇ ਵਡੇਰਿਆਂ ਤੇ ਦਾਦੀ ਸਾਧੋ ਜੀ ਦੇ ਆਸ਼ੀਰਵਾਦ ਸਦਕਾ 2 ਸਤੰਬਰ ਨੂੰ ਪਿੰਡ ਅਮੀਰ ਨਗਰ ਦੁਲਮਾਂ (ਮਲੇਰਕਕੋਟਲਾ-ਲੁਧਿਆਣਾ ਰੋਡ ਨੇੜੇ ਕੁੱਪਕਲਾਂ, ਪੰਧੇਰ ਪੈਲੇਸ ਵਾਲੀ ਗਲੀ) ਵਿਖੇ ਜਠੇਰਿਆਂ ਦਾ ਮੇਲਾ ਕਰਵਾਇਆ ਜਾ ਰਿਹਾ ਹੈ।ਪ੍ਰਬੰਧਕਾਂ ਨੇ ਆਖਿਆ ਕਿ ਇਸ ਦਿਨ ਸਮੂਹ ਸੱਪਲ ਪਰਿਵਾਰ ਪਹੁੰਚ ਕੇ ਵੱਡੇ ਵਡੇਰਿਆਂ ਦਾ ਆਸ਼ੀਰਵਾਦ ਪ੍ਰਾਪਤ ਕਰਨਗੇ ਤੇ ਸੁਖੀ ਜੀਵਨ ਬਤੀਤ ਕਰਨ ਦੀ ਕਾਮਨਾ ਕਰਨਗੇ।

ਕਾਤਰਾਂ

ਜਨਮ ਅਸ਼ਟਮੀ ਮਨਾਈ

ਭਗਤਾ ਭਾਈ ਕਾ (ਰਾਜੀਵ ਗੋਇਲ)-ਸਥਾਨਕ ਸ਼ਹਿਰ ਦੀ ਚੇਅਰਮੈਨ ਕਾਲੋਨੀ ਦੇ ਨਿਵਾਸੀਆਂ ਵੱਲੋਂ ਰਲ ਕੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਕਾਲੋਨੀ ਸਥਿਤ ਪੰਡਤ ਟੇਕ ਚੰਦ ਦੀ ਰਿਹਾਇਸ਼ 'ਤੇ ਬਣੇ ਮੰਦਰ ਵਿਖੇ ਭਜਨ ਕੀਰਤਨ ਕਰਵਾਇਆ ਗਿਆ ਅਤੇ ਦੇਰ ਰਾਤ ਤੱਕ ਔਰਤਾਂ ਵੱਲੋਂ ਇਕੱਤਰ ਹੋ ਕੇ ਸ੍ਰੀ ਕ੍ਰਿਸ਼ਨ ਜੀ ਦੇ ਭਜਨ ਗਾਏ ਗਏ। ਇਸ ਮੌਕੇ ਕਾਲੋਨੀ ਦੀਆਂ ਸਮੂਹ ਔਰਤਾਂ ਸਮੇਤ ਮੰਦਰ ਦੇ ਪੁਜਾਰੀ ਟੇਕ ਚੰਦ ਸ਼ਾਮਲ ਸਨ।

ਵਿਆਹੁਤਾ ਦੀ ਕੁੱਟਮਾਰ ਦੇ ਦੋਸ਼ 'ਚ ਦੋ ਨਾਮਜ਼ਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ 'ਚ ਵਿਆਹੁਤਾ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ ਥਾਣਾ ਸਿਟੀ ਪੁਲਸ ਨੇ ਦੋ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਨਿਸ਼ਠਾ ਪਤਨੀ ਰਿਤਿਸ਼ ਪੁੱਤਰ ਰਾਜ ਕੁਮਾਰ ਸਚਦੇਵਾ ਵਾਸੀ ਕਾਂਸੀ ਨਗਰੀ ਗਲੀ ਨੰਬਰ 1 ਸਿਟੀ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦਾ ਸਹੁਰਾ ਪਰਿਵਾਰ ਉਸ ਨੂੰ ਘਰੋਂ ਕੱਢਣਾ ਚਾਹੁੰਦਾ ਹੈ ਤੇ ਕਰੀਬ ਢਾਈ ਸਾਲ ਪਹਿਲਾਂ ਘਰੋਂ ਕੱਢ ਦਿੱਤਾ ਸੀ ਤੇ ਸੀਜੇਐੱਮ ਸਾਹਿਬ ਫਿਰੋਜ਼ਪੁਰ ਨੇ ਕਮਰਾ ਦਿਵਾਇਆ ਸੀ। ਜਿਸ ਕੇਸ ਦੀ ਤਾਰੀਖ 31 ਅਗਸਤ 2024 ਤੇ 5 ਅਗਸਤ 2024 ਹੈ, ਜਿਸ ਕਰਕੇ

2 Septt - Page - 6.qxd 9/1/2024 10:00 PM Page 1

ਧਾਰਮਿਕ ਥਾਵਾਂ ਕੋਲੋਂ ਲੰਘਦੇ ਰਾਹ ਦਾ ਬੁਰਾ ਹਾਲ, ਲੋਕਾਂ 'ਚ ਗੁੱਸੇ ਦੀ ਲਹਿਰ

ਦਿੜ੍ਹਬਾ (ਜਸਵੀਰ ਲਾਡੀ)-ਛਾਜਲੀ ਪਿੰਡ, ਜੋ ਹਲਕੇ ਦਾ ਐਮ.ਐਲ.ਏ.ਬਣਾਉਣ ਦਾ ਫ਼ੈਸਲਾ ਕਰਦਾ ਹੈ, ਜਿਸ ਦੀ ਕੁੱਲ ਵੋਟ ਲਗਭਗ 10.000 ਤੇ ਅਬਾਦੀ 25000 ਹੈ।ਹਲਕੇ ਦੇ ਵਿਧਾਇਕ ਰਾਜ ਕਰਤਾ ਪਾਰਟੀ ਦਾ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਹਨ। ਪਿੰਡ ਦੀ ਸਰਪੰਚ ਸ੍ਰੀਮਤੀ ਪਰਮਿੰਦਰ ਕੌਰ ਧਾਲੀਵਾਲ ਪਤਨੀ ਸਮਾਜ ਸੇਵੀ ਇੰਦਰਜੀਤ ਸਿੰਘ ਬਾਵਾ ਦੀ ਦੇਖ-ਰੇਖ ਹੇਠ ਬਹੁਤ ਸਾਰੇ ਚੰਗੇ ਵੀ ਹੋਏ ਹਨ, ਪਰ ਗਲੀਆਂ-ਨਾਲ਼ੀਆਂ ਤੇ ਪੁਲ਼ੀਆਂ ਦੇ ਕੁਝ ਐਸ ਮਸਲੇ ਹਨ, ਜੋ ਆਮ ਜਨਤਾ ਦੇ ਰਾਹਾਂ-ਰਸਤਿਆਂ ਵਿੱਚ ਵੱਡੀ ਸਮੱਸਿਆ ਬਣੀ ਹੋਈ ਹੈ।ਇੱਥੋਂ ਦਾ ਮੇਨ ਰਸਤਾ ਹੈ, ਜੋ ਇੱਕ ਸ਼ਿਵ ਮੰਦਰ ਤੇ ਡੇਰਾ ਧੂਣੀ ਦਾਸ ਦੇ ਡੇਰੇ ਦੇ ਵਿਚਕਾਰ ਦੀ ਲੰਘਦਾ ਹੈ, ਜੋ ਰਾਹਗੀਰਾਂ ਲਈ ਵੱਡੀ ਸਮੱਸਿਆ ਬਣਿਆ ਹੋਇਆ। ਸੈਕੰਡਰੀ ਸਕੂਲ ਤੇ ਪ੍ਰਾਇਮਰੀ ਸਕੂਲਾਂ ਨੂੰ ਜਾਣ ਦਾ ਮੇਨ ਰਸਤਾ ਹੈ।ਸਵੇਰੇ ਸਕੂਲ ਵਾਲੇ ਬੱਚਿਆਂ ਦੀਆ ਲੰਘਣ ਵੇਲੇ ਵਰਦੀਆਂ ਲਿੱਬੜ ਜਾਂਦੀਆਂ ਹਨ ਤੇ ਕਈ ਤਾਂ ਗਰੀਬ ਬੱਚਿਆਂ ਕੋਲ ਇੱਕ ਹੀ ਵਰਦੀ ਹੈ, ਜੋ ਲਿੱਬੜ ਜਾਣ ਕਾਰਨ ਸਕੂਲੋਂ ਗੈਰ ਹਾਜ਼ਰ ਹੋ ਜਾਂਦੇ ਹਨ।ਧਾਰਮਿਕ ਆਸਥਾ ਵਾਲੇ ਲੋਕ ਸਵੇਰੇ-ਸ਼ਾਮ ਮੰਦਰ ਡੇਰੇ ਮੱਥਾ ਟੇਕਣ ਜਾਂਦੇ ਹਨ ਤਾਂ ਆਰਜ਼ੀ ਤੌਰ 'ਤੇ ਇੱਟ ਰੱਖ ਕੇ ਰਸਤਾ ਬਣਾ ਕੇ ਮੱਥਾ ਟੇਕਣ ਜਾਂਦੇ ਹਨ। ਆਲੇ-ਦੁਆਲੇ ਦੀ ਜਾਣਕਾਰੀ ਮੁਤਾਬਕ ਕੁੱਝ ਲੋਕਾਂ ਦੇ ਘਰਾਂ ਦਾ ਗੋਹਾ ਇਸ ਰਸਤੇ 'ਤੇ ਬਣੀਆਂ ਨਾਲ਼ੀਆਂ ਵਿੱਚ ਭਰ ਜਾਂਦਾ ਹੈ, ਜਿਸ ਕਰਕੇ ਇਹ ਗੰਦ ਸੜਕ 'ਤੇ ਆ ਜਾਂਦਾ ਹੈ ਤੇ ਪੰਚਾਇਤ ਦੇ ਕਹੇ ਤੋਂ ਵੀ ਉਹ ਬੰਦੇ ਐਧਰੋ ਉੱਧਰੋਂ ਆਪਣੀ ਰਾਜਸੀ ਪਹੁੰਚ ਕਰਕੇ ਗੰਦੇ ਪਾਣੀ ਦੀ ਨਿਕਾਸੀ ਨਹੀਂ ਹੋਣ ਦਿੰਦੇ, ਜਿਸ ਕਰਕੇ ਇਸ ਰਸਤੇ ਦੀ ਸਮੱਸਿਆ ਬਣੀ ਹੋਈ ਤੇ ਨਾ ਹੀ ਇਸ ਕਰਾਸਿੰਗ ਤੇ ਮੰਦਰ ਵਾਲੇ ਪਾਸੇ ਤੋਂ ਡੇਰੇ ਵੱਲ ਕੋਈ ਪੁਲ਼ੀ ਬਣੀ ਹੋਈ ਹੈ।ਵੱਡੀ ਸਮੱਸਿਆ ਇਹ ਬਣ ਗਈ ਹੈ ਕਿ ਪਿੰਡਾਂ ਦੀਆਂ ਪੰਚਾਇਤਾਂ ਭੰਗ ਹਨ ਤੇ ਪ੍ਰਸ਼ਾਸਨ ਲੱਗਾ ਹੋਣ ਕਾਰਨ ਲੋਕ ਇਹੋ ਜਿਹੇ ਮਸਲੇ ਕਿੱਥੇ ਸੁਨਾਉਣ ? ਸੋ ਲੋਕਾਂ ਦੀ ਪ੍ਰਸ਼ਾਸਨ ਤੋਂ ਮੰਗ ਹੈ ਕਿ ਅੱਗੇ 12, 13, 14 ਸਤੰਬਰ ਦਾ ਗੁੱਗਾਮਾੜੀ ਦਾ ਸਲਾਨਾ ਮੇਲਾ ਹੈ। ਇਹ ਰਸਤਾ ਮੇਨ ਹੋਣ ਕਰਕੇ ਇਸ 'ਤੇ ਪੁਲ਼ੀ ਲਾ ਕੇ ਜਲਦੀ ਤੋਂ ਜਲਦੀ ਚਾਲੂ ਕੀਤਾ ਜਾਵੇ ।

ਬਲਾਕ ਪੱਧਰੀ ਟੂਰਨਾਮੈਂਟ ਦੀਆਂ ਤਿਆਰੀਆਂ ਮੁਕੰਮਲ : ਆਸ਼ਿਕਾ ਜੈਨ

ਮੋਹਾਲੀ, (ਗੁਰਜੀਤ ਬਿੱਲਾ) ਜ਼ਿਲ੍ਹੇ 'ਚ 2 ਸਤੰਬਰ ਤੋਂ 'ਖੇਡਾਂ ਵਤਨ ਪੰਜਾਬ ਦੀਆਂ ਸੀਜਨ-3' ਦੇ ਬਲਾਕ ਪੱਧਰੀ ਖੇਡ ਮੁਕਾਬਲੇ ਸ਼ੁਰੂ ਹੋ ਰਹੇ ਹਨ।ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਦੇ 4 ਬਲਾਕਾਂ 'ਚ ਇਹ ਖੇਡ ਮੁਕਾਬਲੇ ਕਰਵਾਏ ਜਾਣਗੇ, ਜਿਨ੍ਹਾਂ 'ਚ ਹਿੱਸਾ ਲੈਣ ਲਈ ਖਿਡਾਰੀਆਂ 'ਚ ਭਾਰੀ ਉਤਸ਼ਾਹ ਹੈ।ਉਨ੍ਹਾਂ ਦੱਸਿਆ ਕਿ ਖੇਡ ਮੁਕਾਬਲੇ ਕਰਵਾਉਣ ਲਈ ਜ਼ਿਲ੍ਹਾ ਐਸ ਏ ਐਸ ਨਗਰ ਪ੍ਰਸ਼ਾਸਨ ਵੱਲੋਂ ਪੂਰੀਆਂ ਤਿਆਰੀਆਂ ਕੀਤੀਆਂ ਜਾ ਚੁੱਕੀਆਂ ਹਨ।ਬਲਾਕ ਪੱਧਰ 'ਤੇ ਐਥਲੈਟਿਕਸ, ਫੁੱਟਬਾਲ, ਕਬੱਡੀ (ਨੈਸ਼ਨਲ ਤੇ ਸਰਕਲ ਸਟਾਈਲ), ਖੋ-ਖੋ ਅਤੇ ਵਾਲੀਬਾਲ (ਸਮੈਸ਼ਿੰਗ ਅਤੇ ਸ਼ੂਟਿੰਗ) ਦੇ ਮੁਕਾਬਲੇ ਕਰਵਾਏ ਜਾਣਗੇ। ਜਿਨ੍ਹਾਂ ਖਿਡਾਰੀਆਂ ਦੀ ਆਨ-ਲਾਈਨ ਰਜਿਸਟ੍ਰੇਸ਼ਨ ਨਹੀਂ ਹੋ ਸਕੀ, ਉਹ ਆਫ਼-ਲਾਈਨ ਰਜਿਸਟ੍ਰੇਸ਼ਨ ਮੌਕੇ 'ਤੇ ਕਰਵਾ ਸਕਦੇ ਹਨ।ਜ਼ਿਲ੍ਹਾ ਖੇਡ ਅਫਸਰ ਰੁਪੇਸ਼ ਕੁਮਾਰ ਬੇਗੜਾ ਅਨੁਸਾਰ ਬਲਾਕ ਡੇਰਾਬੱਸੀ ਵਿਖੇ 2 ਸਤੰਬਰ ਤੋਂ 4 ਸਤੰਬਰ ਤੱਕ ਸਰਕਾਰੀ ਕਾਲਜ ਡੇਰਾਬੱਸੀ ਅਤੇ ਲਾਲੜੂ ਸਟੇਡੀਅਮ ਵਿਖੇ ਬਲਾਕ ਪੱਧਰੀ ਖੇਡ ਮੁਕਾਬਲੇ ਕਰਵਾਏ ਜਾਣਗੇ। ਬਲਾਕ ਖਰੜ ਵਿਖੇ ਖੇਡਾਂ ਵਤਨ ਪੰਜਾਬ ਦੀਆਂ ਦੇ ਬਲਾਕ ਪੱਧਰੀ ਮੁਕਾਬਲੇ 2 ਤੋਂ 4 ਸਤੰਬਰ ਤੱਕ ਸ਼ਹੀਦ ਕਾਂਸ਼ੀ ਰਾਮ ਕਾਲਜ ਆਫ ਫਿਜੀਕਲ ਐਜੂਕੇਸ਼ਨ, ਭਾਗੋ ਮਾਜਰਾ ਖਰੜ ਅਤੇ ਐਮ ਸੀ ਸਟੇਡੀਅਮ ਖਰੜ ਵਿਖੇ ਹੋਣਗੇ।

ਬਲਾਕ ਮਾਜਰੀ ਵਿਖ 5 ਤੋਂ 7 ਸਤੰਬਰ ਤੱਕ ਸਪੋਰਟਸ ਸਟੇਡੀਅਮ ਸਿੰਘਪੁਰਾ ਰੋਡ ਕੁਰਾਲੀ ਅਤੇ ਖਾਲਸਾ ਸਕੂਲ ਕੁਰਾਲੀ ਵਿਖੇ ਖੇਡਾਂ ਵਤਨ ਪੰਜਾਬ ਦੀਆਂ ਦੇ ਬਲਾਕ ਪੱਧਰੀ ਮੁਕਾਬਲੇ ਹੋਣਗੇ।ਬਲਾਕ ਮੋਹਾਲੀ ਵਿਖੇ 5 ਤੋਂ 7 ਸਤੰਬਰ ਤੱਕ ਖੇਡ ਕੰਪਲੈਕਸ, ਸੈਕਟਰ 78 ਮੋਹਾਲੀ ਵਿਖੇ ਖੇਡਾਂ ਵਤਨ ਪੰਜਾਬ ਦੀਆਂ ਦੇ ਬਲਾਕ ਪੱਧਰੀ ਮੁਕਾਬਲੇ ਹੋਣਗੇ।

ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਨੇ ਸ਼ਹੀਦ ਪ੍ਰੀਤਮ ਸਿੰਘ ਮੰਡੇਰ ਕਲਾਂ ਦੀ ਪਹਿਲੀ ਬਰਸੀ ਮਨਾਈ

ਲੋਂਗੋਵਾਲ, (ਕੁਲਦੀਪ ਅੱਤਰੀ/ਪ੍ਰਦੀਪ ਸਿੰਘ ਸੱਪਲ) ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਵੱਲੋਂ ਕਿਸਾਨੀ ਘੋਲ ਦੇ ਸ਼ਹੀਦ ਪ੍ਰੀਤਮ ਸਿੰਘ ਮੰਡੇਰ ਕਲਾਂ ਦੀ ਪਹਿਲੀ ਬਰਸੀ ਪਿੰਡ ਮੰਡੇਰ ਕਲਾਂ ਦੀ ਅਨਾਜ ਮੰਡੀ ਵਿੱਚ ਮਨਾਈ ਗਈ, ਜਿਸ ਵਿੱਚ ਹਜ਼ਾਰਾਂ ਕਿਸਾਨਾਂ ਮਜ਼ਦੂਰਾਂ ਸਮੇਤ ਵੱਡੀ ਗਿਣਤੀ ਕਿਸਾਨ ਬੀਬੀਆਂ ਨੇ ਪਹੁੰਚ ਕੇ ਸੰਘਰਸ਼ਸ਼ੀਲ ਸਾਥੀਆਂ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ।ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਸੂਬਾਈ ਆਗੂ ਮਨਜੀਤ ਸਿੰਘ ਨਿਆਲ ਨੇ ਸਟੇਜ ਦੀ ਕਾਰਵਾਈ ਨਿਭਾਈ।ਬਰਸੀ ਸਮਾਗਮ ਵਿੱਚ ਵੱਖ-ਵੱਖ ਕਿਸਾਨ ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਪ੍ਰੀਤਮ ਸਿੰਘ ਮੰਡੇਰ ਕਲਾਂ ਨੂੰ ਸਿਜਦਾ ਕਰਦਿਆਂ ਉਸਦੀ ਕੁਰਬਾਨੀ ਨੂੰ ਸਮੂਹ ਹਿੱਤਾਂ ਨਾਲ ਜੋੜਦਿਆਂ ਲੋਕਾਂ ਦੇ ਸ਼ਹੀਦ ਦਾ ਦਰਜਾ ਦਿੱਤਾ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਜਸਵਿੰਦਰ ਸਿੰਘ ਲੌਂਗੋਵਾਲ, ਦਿਲਬਾਗ ਸਿੰਘ ਹਰੀਗੜ੍ਹ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਚੇਅਰਮੈਨ ਸੁਰਜੀਤ ਸਿੰਘ ਫੂਲ, ਔਰਤ ਆਗੂ ਬਲਜੀਤ ਕੌਰ ਕਿਲ੍ਹਾ ਭਰੀਆਂ, ਗੁਰਦੇਵ ਗੱਜੂਮਾਜਰਾ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸੂਬਾ ਆਗੂ ਸੁਖਵਿੰਦਰ ਸਿੰਘ ਸਭਰਾ, ਆਦਿ ਆਗੂਆਂ ਨੇ ਕਿਹਾ ਕਿ ਪ੍ਰੀਤਮ ਸਿੰਘ ਮੰਡੇਰ ਕਲਾਂ ਨੇ ਕਿਸਾਨਾਂ ਮਜ਼ਦੂਰਾਂ ਨੂੰ ਕਰਜ਼ਾ ਮੁਕਤ ਕਰਾਉਣ ਸਾਰੀਆਂ ਫ਼ਸਲਾਂ ਤੇ ਐਮ ਐਸ ਪੀ ਲੈਣ, ਖਰੀਦ ਦੀ ਗਰੰਟੀ ਦਾ ਕਨੂੰਨ ਬਣਾਉਣ ਆਦਿ ਮੰਗਾਂ ਨੂੰ ਪੂਰੀਆਂ ਕਰਾਉਣ ਲਈ ਆਪਣੀ ਸ਼ਹਾਦਤ ਦਿੱਤੀ ਹੈ, ਜਿਸ ਦਾ ਸਾਨੂੰ ਸਦਾ ਮਾਣ ਰਹੇਗਾ।ਕਿਸਾਨ ਆਗੂਆਂ ਨੇ ਕਿਹਾ ਕਿ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਨੇ ਪ੍ਰੀਤਮ ਸਿੰਘ ਮੰਡੇਰ ਕਲਾਂ ਦੇ ਪਰਿਵਾਰ ਨਾਲ ਸਬੰਧਤ ਪਰਵਾਰ ਦੇ ਇੱਕ ਜੀਅ ਨੂੰ ਸਰਕਾਰੀ ਨੌਕਰੀ ਦੇਣ ਦੀ ਮੰਗ ਪੂਰੀ ਨਹੀਂ ਕੀਤੀ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇਹ ਮੰਗ ਪੂਰੀ ਕਰਾਉਣ ਲਈ ਕਿਸੇ ਸਮੇਂ ਵੀ ਸੰਘਰਸ਼ ਸ਼ੁਰੂ ਕੀਤਾ ਜਾ ਸਕਦਾ ਹੈ। ਆਗੂਆਂ ਨੇ ਕਿਸਾਨਾਂ ਨੂੰ ਸੱਦਾ ਕਿ ਹਰਿਆਣਾ ਦੇ ਬਾਰਡਰਾਂ 'ਤੇ ਚੱਲ ਰਹੇ ਸੰਘਰਸ਼ਾਂ ਵਿੱਚ ਸ਼ਮੂਲੀਅਤ ਕਰਕੇ ਸ਼ਹੀਦ ਪ੍ਰੀਤਮ ਸਿੰਘ ਦੇ ਅਧੂਰੇ ਕਾਰਜਾਂ ਦੀ ਪੂਰਤੀ ਲਈ ਪਰਵਾਰਾਂ ਸਮੇਤ ਸ਼ਮੂਲੀਅਤ ਕੀਤੀ ਜਾਵੇ।

ਅਕੇਡੀਆ ਵਰਲਡ ਸਕੂਲ ਦੇ 36 ਵਿਦਿਆਰਥੀਆਂ ਦੀ ਸਟੇਟ ਪੱਧਰੀ ਮੁਕਾਬਲਿਆਂ ਲਈ ਚੋਣ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ) ਅਕੇਡੀਆ ਵਰਲਡ ਸਕੂਲ ਦੇ 36 ਵਿਦਿਆਰਥੀ ਸਟੇਟ ਪੱਧਰੀ ਮੁਕਾਬਲਿਆਂ ਲਈ ਚੁਣੇ ਗਏ।ਸਕੂਲ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਨੇ ਦੱਸਿਆ ਕਿ 68ਵੀਆਂ ਪੰਜਾਬ ਸਕੂਲ ਗੇਮਸ 'ਚ ਸਕੂਲ ਦੇ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚੋਂ 36 ਮੈਡਲ ਪ੍ਰਾਪਤ ਕਿਤੇ ਤੇ ਸਟੇਟ ਪੱਧਰੀ ਮੁਕਾਬਲਿਆਂ ਲਈ ਆਪਣੀ ਚੋਣ ਕਰਾ ਕੇ ਸੰਸਥਾ ਦਾ ਨਾਂਅ ਉੱਚਾ ਕੀਤਾ ਹੈ।68ਵੀਆਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਵਿੱਚ ਵਿਸ਼ੇਸ਼ ਪੁਜ਼ੀਸ਼ਨਾਂ ਹਾਸਲ ਕੀਤੀਆਂ।ਫੈਂਸਿੰਗ ਕੋਚ ਪੰਕਜ ਕੁਮਾਰ ਨੇ ਦੱਸਿਆ ਕਿ ਫੈਂਸਿੰਗ 'ਚੋਂ ਅੰਡਰ 14 (ਲੜਕੀਆਂ)ਐਸ਼ਮੀਤ ਕੌਰ, ਜਪਲੀਨ ਕੌਰ, ਸਚਲੀਨ ਕੌਰ, ਅਵਨੀਤ ਕੌਰ ਤੇ ਹਰਨੂਰ ਕੌਰ, ਅੰਡਰ -17 (ਲੜਕੇ) ਮਨਮੀਤ ਸਿੰਘ ਅਤੇ ਰੋਹਿਤ, ਅੰਡਰ-17 (ਲੜਕੀਆਂ) ਜੈਸਮੀਨ ਕੌਰ, ਸਿਮਰਨਪ੍ਰੀਤ ਕੌਰ, ਗੈਵਨੂਰ ਕੌਰ ਤੇ ਸਮਾਨਿਆ ਪਾਹਵਾ, ਅੰਡਰ -19 (ਲੜਕੀਆਂ) ਸਹਿਜਪ੍ਰੀਤ ਕੌਰ ਤੇ ਮੰਨਤਜੋਤ ਕੌਰ, ਅੰਡਰ-19 (ਲੜਕੇ) ਮਨਵੀਰ ਸਿੰਘ, ਦਿਲਜਾਨ ਮੁਹੰਮਦ, ਲਵਪ੍ਰੀਤ ਸਿੰਘ, ਸੁਖਮਨ ਜੋਤ ਸਿੰਘ, ਗੌਰੀਸ਼ ਮਦਾਨ, ਅਰਮਾਨ ਸਿੰਘ ਤੇ ਅੰਕੁਸ਼ ਗੋਇਲ ਨੇ ਪਹਿਲਾ ਸਥਾਨ ਹਾਸਲ ਕੀਤਾ।ਟੇਬਲ ਟੈਨਿਸ ਵਿੱਚੋਂ ਅੰਡਰ-17 ਸ਼ਗਨਪ੍ਰੀਤ ਕੌਰ (ਦਸਵੀਂ), ਲਵਲੀਨ ਸਿੰਘ (ਨੌਵੀਂ) ਅੰਡਰ-19 (ਲੜਕੀਆਂ) ਦਿਵਾਂਸ਼ੀ (ਦਸਵੀਂ) ਨੇ ਦੂਜਾ ਸਥਾਨ ਹਾਸਲ ਕੀਤਾ।ਸਕੇਟਿੰਗ ਕੋਚ ਸਾਹਿਲ ਦੀ ਮਿਹਨਤ ਸਦਕਾ ਸਕੇਟਿੰਗ ਵਿੱਚੋਂ ਅੰਡਰ - 17 ਭਵਚੇਤਨ ਸਿੰਘ (ਨੌਵੀਂ) ਨੇ ਪਹਿਲਾ ਸਥਾਨ ਹਾਸਲ ਕੀਤਾ।ਵੁਸ਼ੂ ਤੇ ਜੂਡੋ ਕੋਚ ਪ੍ਰਿਥਵੀਪਾਲ ਅਨੁਸਾਰ ਵੁਸ਼ੂ ਵਿੱਚੋਂ ਅੰਡਰ-17 (ਲੜਕੇ) ਮਨਮੀਤ ਸਿੰਘ (ਨੌਵੀਂ), ਹਰਯੋਧ ਸਿੰਘ (ਨੌਵੀਂ) ਅਤੇ (ਲੜਕੀਆਂ) ਵਿੱਚੋਂ ਜੈਸਮੀਨ ਕੌਰ (ਦਸਵੀਂ), ਵਿਨੈਮਰ ਕੌਰ (ਦਸਵੀਂ) ਨੇ ਪਹਿਲਾ ਸਥਾਨ ਹਾਸਲ ਕੀਤਾ।ਜੂਡੋ ਵਿੱਚੋਂ ਅੰਡਰ-17 ਜੈਸਮੀਨ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ।ਹਾਕੀ ਵਿੱਚੋਂ ਨੌਵੀਂ ਜਮਾਤ ਦੀ ਵਿਦਿਆਰਥਣ ਜਾਨਵੀ ਨੇ ਅੰਡਰ-17 ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ।ਸ਼ਤਰੰਜ ਦੀ ਖੇਡ ਵਿੱਚੋਂ ਅੰਡਰ-17 ਦੀਕਸ਼ਾ ਸ਼ਰਮਾ (ਦਸਵੀਂ) ਨੇ ਤੀਜਾ ਸਥਾਨ ਹਾਸਲ ਕੀਤਾ।ਬਾਸਕਟਬਾਲ ਵਿੱਚੋਂ ਅੰਡਰ-17 (ਲੜਕੀਆਂ) ਭਵਿਆ ਸਿੰਗਲਾ ਅਤੇ ਅੰਡਰ-19 (ਲੜਕੀਆਂ) ਵਿੱਚੋਂ ਨਿਤਿਕਾ ਨੇ ਤੀਜਾ ਸਥਾਨ ਹਾਸਲ ਕੀਤਾ ਤੇ ਸਟੇਟ ਲੈਵਲ ਲਈ ਚੁਣੀਆਂ ਗਈਆਂ। ਸਕੂਲ ਦੇ ਪ੍ਰਿੰਸੀਪਲ ਤੇ ਚੇਅਰਮੈਨ ਸਰ ਨੇ ਬਾਸਕਟਬਾਲ ਕੋਚ ਮਨਜਿੰਦਰ ਕੌਰ ਨੂੰ ਵਧਾਈ ਦਿੱਤੀ।ਸਕੂਲ ਦੇ ਫ਼ਿਜ਼ੀਕਲ ਐਜੂਕੇਸ਼ਨ ਟੀਚਰ ਪੰਕਜ ਕੁਮਾਰ ਤੇ ਮੈਡਮ ਰੈਂਪੀ ਦੀ ਅਗਵਾਈ ਹੇਠ ਵੱਖ-ਵੱਖ ਖੇਡਾਂ ਦੇ ਕੋਚਾਂ ਦੀ ਮਿਹਨਤ ਸਦਕਾ ਉਕਤ ਖੇਡਾਂ ਵਿੱਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਤੇ ਪ੍ਰਿੰਸੀਪਲ ਰਣਜੀਤ ਕੌਰ ਵੱਲੋਂ ਇਨ੍ਹਾਂ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।

ਨਗਰ ਕੀਰਤਨ ਦਾ ਗੋਇੰਦਵਾਲ ਸਾਹਿਬ ਪੁੱਜਣ 'ਤੇ ਭਰਵਾਂ ਸਵਾਗਤ

ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਇਤਿਹਾਸਕ ਨਗਰ ਅਤੇ ਸਿੱਖੀ ਦੇ ਧੁਰੇ ਜਾਣੇ ਜਾਂਦੇ ਸ੍ਰੀ ਗੋਇੰਦਵਾਲ ਸਾਹਿਬ ਸਥਿਤ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਤੀਸਰੀ ਪਾਤਸ਼ਾਹੀ ਧੰਨ-ਧੰਨ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ-ਜੋਤ ਦਿਵਸ ਅਤੇ ਗੁਰੂ ਰਾਮਦਾਸ ਜੀ ਦੇ 450 ਸਾਲਾ ਗੁਰਗੱਦੀ ਦਿਵਸ ਦੇਸ਼ਾਂ-ਵਿਦੇਸ਼ਾਂ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਬੜੀ ਸ਼ਰਧਾ ਨਾਲ 16 ਤੋਂ 18 ਸਤੰਬਰ ਨੂੰ ਮਨਾਇਆ ਜਾ ਰਿਹਾ ਹੈ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਤਾਬਦੀ ਸਮਾਗਮਾਂ ਦੀਆਂ ਤਿਆਰੀਆਂ ਬੜੇ ਜ਼ੋਰਾਂ 'ਤੇ ਚੱਲ ਰਹੀਆਂ ਹਨ ਅਤੇ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਸੰਗਤਾਂ ਦੀ ਆਮਦ ਵੀ ਆਉਣੀ ਸ਼ੁਰੂ ਹੋ ਚੁੱਕੀ ਹੈ।ਸ਼ਤਾਬਦੀ ਸਮਾਗਮਾਂ ਨੂੰ ਮੁੱਖ ਰੱਖਦਿਆਂ ਹੋਇਆਂ ਬਾਬਾ ਤੁਲਸੀ ਦਾਸ ਜੀ ਝੁੱਗੀ ਵਾਲਿਆਂ ਦੇ ਸਥਾਨ ਬਿਆਗੀਪੁਰ ਤੋਂ ਪਹਿਲਾ ਨਗਰ ਨਗਰ ਕੀਰਤਨ ਗੋਇੰਦਵਾਲ ਸਾਹਿਬ ਗੁਰਦੁਆਰਾ ਬਾਉਲੀ ਸਾਹਿਬ ਪੁੱਜਣ 'ਤੇ ਸਨਮਾਨਿਤ ਕਰਦੇ ਹੋਏ ਗੁਰਦੁਆਰਾ ਬਾਉਲੀ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਰਿਆੜ, ਹੈੱਡ ਗ੍ਰੰਥੀ ਗੁਰਮੁੱਖ ਸਿੰਘ, ਕੁਲਦੀਪ ਸਿੰਘ ਲਾਹੌਰੀਆ ਅਤੇ ਹੋਰ ਹਾਜ਼ਰ ਸਨ। ਕੀਰਤਨ ਆਰੰਭ ਹੋ ਕੇ ਵੱਖ-ਵੱਖ ਪਿੰਡਾਂ ਤੋਂ ਹੁੰਦਾ ਹੋਇਆ ਸ੍ਰੀ ਗੋਇੰਦਵਾਲ ਸਾਹਿਬ ਪੁੱਜਾ।ਇਸ ਮੌਕੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੁੰਦਰ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਸਨ, ਜਿਸ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸੀ।ਨਗਰ ਕੀਰਤਨ ਗੁਰਦੁਆਰਾ ਬਾਉਲੀ ਸਾਹਿਬ ਪੁੱਜਣ 'ਤੇ ਮੈਨੇਜਰ ਸਤਨਾਮ ਸਿੰਘ ਰਿਆੜ, ਸੁਖਦੇਵ ਸਿੰਘ ਅਕਾਊਂਟੈਂਟ, ਮੀਤ ਮੈਨੇਜਰ ਸਰਬਜੀਤ ਸਿੰਘ, ਕੁਲਦੀਪ ਸਿੰਘ ਲਾਹੌਰੀਆ ਨੇ ਪੰਜ ਪਿਆਰਿਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ।ਨਗਰ ਕੀਰਤਨ ਨਾਲ ਪਹੁੰਚੀਆਂ ਸੰਗਤਾਂ ਸਤਿਨਾਮ-ਵਾਹਿਗੁਰੂ ਦਾ ਜਾਪ ਕਰ ਰਹੀਆਂ ਸਨ ਅਤੇ ਗਤਕਾ ਪਾਰਟੀਆਂ ਨੇ ਵੀ ਆਪਣੀ ਕਲਾ ਦੇ ਜੌਹਰ ਵਿਖਾਏ।ਇਸ ਮੌਕੇ ਰਸ਼ਪਾਲ ਸਿੰਘ ਰਿਕਾਰਡ ਕੀਪਰ, ਪਰਮਜੀਤ ਸਿੰਘ ਕੈਸ਼ੀਅਰ, ਜਸਵਿੰਦਰ ਸਿੰਘ ਕਲਰਕ, ਕੁਲਵਿੰਦਰ ਸਿੰਘ ਕਾਹਲਵਾਂ, ਸਤਨਾਮ

2-SEP-PAGE-7.qxd 9/1/2024 9:34 PM Page 1

ਵਾਤਾਵਰਣ ਦੀ ਸਾਂਭ ਸੰਭਾਲ ਲਈ ਪੰਮਾ ਸੰਧੂ ਸਨਮਾਨਤ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)-ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੋਸਾਇਟੀ ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੂੰ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਵੱਲੋਂ ਸਨਮਾਨਤ ਕੀਤਾ ਗਿਆ।ਸਥਾਨਕ ਫਿਰੋਜ਼ਪੁਰ ਰੋਡ ਸਥਿਤ ਸੇਂਟ ਸਹਾਰਾ ਕਾਲਜ ਆਫ ਐਜੂਕੇਸ਼ਨਲ ਵਿਖੇ ਸਮਾਰੋਹ ਦੌਰਾਨ ਪੰਮਾ ਸੰਧੂ ਨੂੰ ਉਨ੍ਹਾਂ ਦੀ ਸੰਸਥਾ ਰਾਹੀਂ ਜ਼ਿਲ੍ਹੇ ਅੰਦਰ ਬੂਟੇ ਲਾਉਣ ਤੇ ਉਨ੍ਹਾਂ ਦੀ ਸਾਂਭ ਸੰਭਾਲ ਬਦਲੇ ਇਹ ਸਨਮਾਨ ਪ੍ਰਦਾਨ ਕੀਤਾ ਗਿਆ।ਡਿਪਟੀ ਕਮਿਸ਼ਨਰ ਨੇ ਆਪਣੇ ਸੰਬੋਧਨ ਦੌਰਾਨ ਸੰਕਲਪ ਸੁਸਾਇਟੀ ਦੀਆਂ ਬੇਹਤਰ ਸਮਾਜ ਸੇਵੀ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਆਖਿਆ ਕਿ ਉਹ ਭਵਿੱਖ ਵਿੱਚ ਵੀ ਸੰਸਥਾ ਪਾਸੋਂ ਅਜਿਹੇ ਉਪਰਾਲਿਆਂ ਦੀ ਉਮੀਦ ਰੱਖਦੇ ਹਨ।ਇਸ ਮੌਕੇ ਸਮਾਜ ਸੇਵੀ ਸੰਸਥਾਵਾਂ ਦੇ ਜ਼ਿਲ੍ਹਾ ਚੇਅਰਮੈਨ ਤੇ ਸੇਂਟ ਸਹਾਰਾ ਗਰੁੱਪ ਦੇ ਸੰਚਾਲਕ ਡਾਕਟਰ ਨਰੇਸ਼ ਪਰੂਥੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਟਾਈਪ ਮੁਕਾਬਲਿਆਂ 'ਚ ਜਸਰਾਜ ਸਿੰਘ ਨੇ ਪਹਿਲਾ ਸਥਾਨ ਜਿੱਤਿਆ

ਸਮਰਾਲਾ (ਸੁਰਜੀਤ ਸਿੰਘ)-ਸਿੱਖਿਆ ਵਿਭਾਗ ਪੰਜਾਬ ਵੱਲੋਂ ਕਰਵਾਏ ਗਏ ਟਾਈਪ ਰਾਈਟਿੰਗ ਮੁਕਾਬਲਿਆਂ ਵਿੱਚ ਸਰਕਾਰੀ ਹਾਈ ਸਕੂਲ ਕੋਟਲਾ ਸ਼ਮਸ਼ਪੁਰ ਦੇ ਅੱਠਵੀਂ ਕਲਾਸ ਦੇ ਵਿਦਿਆਰਥੀ ਜਸਰਾਜ ਸਿੰਘ ਵਾਸੀ ਕੋਟਲਾ ਸ਼ਮਸ਼ਪੁਰ ਨੇ ਬਲਾਕ ਪੱਧਰੀ ਅੰਗਰੇਜ਼ੀ ਟਾਈਪ ਰਾਈਟਿੰਗ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਇਸ ਵਿਦਿਆਰਥੀ ਦਾ ਸਕੂਲ ਪਹੁੰਚਣ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਸਕੂਲ ਦੇ ਕਾਰਜਕਾਰੀ ਮੁੱਖ ਅਧਿਆਪਕ ਰੁਪਿੰਦਰ ਪਾਲ ਸਿੰਘ ਗਿੱਲ ਨੇ ਵਿਦਿਆਰਥੀ ਤੇ ਕੰਪਿਊਟਰ ਅਧਿਆਪਕਾ ਮਨਜਿੰਦਰ ਕੌਰ, ਸਮੂਹ ਸਕੂਲ ਸਟਾਫ ਤੇ ਵਿਦਿਆਰਥੀਆਂ ਨੂੰ ਪੜ੍ਹਾਈ ਨਾਲ ਸਹਿ-ਅਕਾਦਮਿਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਆ।ਇਸ ਮੌਕੇ ਮੈਡਮ ਰੇਨੂੰ ਸ਼ਰਮਾ, ਗੁਰਜਿੰਦਰ ਸਿੰਘ ਸੇਖੋਂ, ਮੈਡਮ ਰਾਜਵੀਰ ਕੌਰ, ਮੈਡਮ ਨਤਾਸ਼ਾ ਰਾਣੀ, ਗੁਰਪ੍ਰੀਤ ਸਿੰਘ ਲਹਿਲ, ਸੁਨੀਲ ਕੁਮਾਰ ਤੇ ਰਣਜੀਤ ਸਿੰਘ ਨੇ ਵੀ ਵਿਦਿਆਰਥੀ ਤੇ ਉਸ ਦੇ ਮਾਤਾ-ਪਿਤਾ ਨੂੰ ਮੁਬਾਰਕਬਾਦ ਦਿੱਤੀ।

ਗੁਰੂ ਨਾਨਕ ਕਾਲਜ ਦੇ ਈਕੋ ਕਲੱਬ ਨੇ ਪੌਦੇ ਲਗਾਏ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਦੇ ਈਕੋ ਐਂਡ ਗੋ ਗ੍ਰੀਨ ਕਲੱਬ ਵੱਲੋਂ 'ਰੁੱਖ ਲਗਾਉਣ ਦੀ ਮੁਹਿੰਮ' ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਲੱਬ ਦੇ ਇੰਚਾਰਜ ਡਾ. ਸੁਖਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਵਾਤਾਵਰਨ ਲਈ ਰੁੱਖਾਂ ਦੀ ਭੂਮਿਕਾ ਤੇ ਮਹੱਤਵ ਬਾਰੇ ਦੱਸਿਆ।ਕਾਲਜ ਦੇ ਵੱਖ ਵੱਖ ਵਿਭਾਗਾਂ ਦੇ ਵਿਦਿਆਰਥੀਆਂ ਵੱਲੋਂ ਕਾਲਜ ਕੈਂਪਸ ਵਿੱਚ ਵੱਖ-ਵੱਖ ਬੂਟੇ ਲਗਾਏ ਗਏ ਤੇ ਵਿਦਿਆਰਥੀਆਂ ਨੂੰ ਔਸ਼ਧੀ ਭਰਪੂਰ ਬੂਟੇ ਵੀ ਵੰਡੇ ਗਏ ਤਾਂ ਜੋ ਵਾਤਾਵਰਨ ਨੂੰ ਸੁਰੱਖਿਅਤ ਰੱਖਿਆ ਜਾ ਸਕਦਾ ਹੈ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰਾਣਾ ਬਲਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਮਨੁੱਖੀ ਜੀਵਨ ਦੇ ਵਰਤਮਾਨ ਤੇ ਭਵਿੱਖਤ ਸਮੇਂ ਨੂੰ ਬਚਾਉਣ ਲਈ ਵਾਤਾਵਰਨ ਦਾ ਸੁਰੱਖਿਅਤ ਹੋਣਾ ਜ਼ਰੂਰੀ ਹੈ। ਇਸ ਮੌਕੇ ਕਾਲਜ ਦੀ ਸਥਾਨਕੀ ਪ੍ਰਬੰਧਕੀ ਕਮੇਟੀ ਦੇ ਵਧੀਕ ਸਕੱਤਰ ਮਨਜੀਤ ਸਿੰਘ ਬਰਕੰਦੀ ਤੇ ਡੀਨ ਅਕਾਦਮਿਕ ਡਾ. ਨੀਨਾ ਮਹਿਤਾ ਵੀ ਹਾਜ਼ਰ ਸਨ।

ਕਿੰਡਰ ਗਾਰਟਨ ਸਕੂਲ ਨੇ ਹੈਂਡਬਾਲ 'ਚ ਕਾਂਸੀ ਤਮਗਾ ਜਿੱਤਿਆ

ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਕਰਵਾਈਆਂ ਗਈਆਂ ਖੇਡਾਂ ਵਿੱਚ 68ਵੀਂ ਜ਼ਿਲ੍ਹਾ ਪੱਧਰੀ ਹੈਂਡਬਾਲ ਮੁਕਾਬਲੇ ਲੁਧਿਆਣੇ ਹੋਏ, ਜਿਸ ਵਿੱਚ ਸਮਰਾਲੇ ਜ਼ੋਨ ਤੋਂ ਕਿੰਡਰ ਗਾਰਟਨ ਐਂਡ ਸੀ. ਸੈੱ. ਸਕੂਲ ਸਮਰਾਲਾ ਦੇ ਅੰਡਰ 17 ਵਿਦਿਆਰਥੀਆਂ ਨੇ ਹੈਂਡਬਾਲ ਮੁਕਾਬਲੇ ਵਿੱਚ ਸਾਹਨੇਵਾਲ ਜ਼ੋਨ ਨੂੰ 10-0 ਨਾਲ ਹਰਾ ਕੇ ਤੀਜਾ ਸਥਾਨ ਹਾਸਲ ਕੀਤਾ ਅਤੇ ਅੰਡਰ 19 ਹੈਂਡਬਾਲ ਵਿਦਿਆਰਥੀਆਂ ਨੇ ਜਗਰਾਓਂ ਜ਼ੋਨ ਨੂੰ 6-1 ਨਾਲ ਹਰਾ ਕੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ।ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ, ਡਾਇਰੈਕਟਰ ਮੈਡਮ ਸਰਬਜੀਤ ਕੌਰ, ਪ੍ਰਿੰ. ਰਣਜੋਤ ਕੌਰ ਤੇ ਸਮੂਹ ਸਟਾਫ਼ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਤਾ-ਪਿਤਾ ਤੇ ਡੀ. ਪੀ. ਹਰਪ੍ਰੀਤ ਕੌਰ ਤੇ ਨਵਪ੍ਰੀਤ ਕੌਰ ਨੂੰ ਵਧਾਈ ਦਿੱਤੀ।

ਆਪਣੇ ਆਧਾਰ ਨਾਲ ਜੁੜਨ ਤੋਂ ਬਿਨਾਂ ਇਕਾਗਰਤਾ ਸੰਭਵ ਨਹੀਂ : ਨੀਤੀਵਿਧਾ ਭਾਰਤੀ

ਸੁਨਾਮ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਆਸ਼ਰਮ ਵਿਖੇ ਇੱਕ ਧਾਰਮਿਕ ਪ੍ਰੋਗਰਾਮ ਆਯੋਜਤ ਕੀਤਾ ਗਿਆ।ਇਸ ਮੌਕੇ ਸੰਸਥਾਨ ਸੰਸਥਾਪਕ ਤੇ ਸੰਚਾਲਕ ਸ਼੍ਰੀ ਗੁਰੂ ਆਸ਼ੂਤੋਸ਼ ਮਹਾਰਾਜ ਜੀ ਦੀ ਸੇਵਿਕਾ ਸਾਧਵੀ ਨੀਤੀਵਿਧਾ ਭਾਰਤੀ ਨੇ ਆਪਣੇ ਵਿਚਾਰਾਂ ਵਿੱਚ ਕਿਹਾ ਕਿ ਅੱਜ ਸਾਡੇ ਵਿੱਚੋਂ ਹਰ ਕੋਈ ਚਾਹੇ ਉਹ ਵਿਦਿਆਰਥੀ ਹੋਵੇ ਜਾਂ ਵਪਾਰੀ, ਇੱਕ ਘਰੇਲੂ ਔਰਤ ਜਾਂ ਕਰਮਚਾਰੀ ਆਪਣੇ ਕੰਮ ਵਿੱਚ ਧਿਆਨ ਕੇਂਦਰਿਤ ਕਰਨ ਵਿੱਚ ਅਸਮਰੱਥ ਹਾਂ ਤੇ ਸਾਡਾ ਮਨ ਦਸ ਦਿਸ਼ਾਵਾਂ ਵਿੱਚ ਭਟਕਦਾ ਰਹਿੰਦਾ ਹੈ, ਅਸੀਂ ਕੁਝ ਕਰਨਾ ਚਾਹੁੰਦੇ ਹਾਂ, ਪਰ ਸਾਡਾ ਮਨ ਕਿਤੇ ਹੋਰ ਹੈ। ਇਸ ਕਾਰਨ ਅਸੀਂ ਚਾਹੁੰਦੇ ਹੋਏ ਵੀ ਸਫਲਤਾ ਹਾਸਲ ਨਹੀਂ ਕਰ ਪਾਉਂਦੇ।ਸਾਡਾ ਮਨ ਇਕਾਗਰ ਕਿਉਂ ਨਹੀਂ ਹੋ ਸਕਦਾ ? ਇਹ ਏਨਾ ਖਿੰਡਿਆ ਹੋਇਆ ਕਿਉਂ ਹੈ ? ਉਨ੍ਹਾਂ ਵਿਚਾਰ ਦਿੰਦਿਆਂ ਉਦਾਹਰਣ ਰਾਹੀਂ ਸਮਝਾਉਂਦੇ ਹੋਏ ਕਿਹਾ ਕਿ ਜਦੋਂ ਕੋਈ ਨਦੀ ਪਹਾੜਾਂ ਤੋਂ ਹੇਠਾਂ ਆਉਂਦੀ ਹੈ, ਤਾਂ ਉਹ ਚੱਟਾਨਾਂ ਨਾਲ ਟਕਰਾ ਜਾਂਦੀ ਹੈ ਅਤੇ ਬਹੁਤ ਰੌਲਾ ਪਾਉਂਦੀ ਹੈ। ਇਹ ਕਿੰਨੀ ਗੜਬੜ ਤੇ ਖਿੱਲਰੀ ਹੋਈ ਹੈ, ਪਰ ਜਦੋਂ ਇਹੀ ਨਦੀ ਆਪਣੀ ਮੰਜ਼ਲ, ਸਮੁੰਦਰ ਨੂੰ ਮਿਲ ਜਾਂਦੀ ਹੈ, ਤਾਂ ਇਸਦਾ ਸਾਰਾ ਰੌਲਾ ਬਿਲਕੁਲ ਅਲੋਪ ਹੋ ਜਾਂਦਾ ਹੈ ਤੇ ਇਹ ਪੂਰੀ ਤਰ੍ਹਾਂ ਸ਼ਾਂਤ ਹੋ ਜਾਂਦਾ ਹੈ, ਜਿਸ ਤਰ੍ਹਾਂ ਅੱਜ ਸਾਡਾ ਮਨ ਵੀ ਇਸ ਦੇ ਸਰੋਤ ਤੋਂ ਵੱਖ ਹੋਣ ਕਾਰਨ ਪ੍ਰੇਸ਼ਾਨ ਅਤੇ ਖਿੱਲਰ ਗਿਆ ਹੈ, ਕਿਉਂਕਿ ਉਹ ਆਪਣੇ ਸਰੋਤ ਤੋਂ ਵੀ ਵੱਖਰਾ ਹੈ, ਜਦੋਂ ਤੱਕ ਉਹ ਆਪਣੇ ਸਰੋਤ ਪ੍ਰਮਾਤਮਾ ਨੂੰ ਨਹੀਂ ਮਿਲਦਾ, ਉਹ ਸ਼ਾਂਤ ਨਹੀਂ ਹੋ ਸਕਦਾ ਅਤੇ ਉਸਦੇ ਅਧਾਰ ਨਾਲ ਜੁੜੇ ਬਿਨਾਂ ਉਸਦੀ ਇਕਾਗਰਤਾ ਸੰਭਵ ਨਹੀਂ ਹੈ।

ਪਾਥਵੇਜ਼ ਗਲੋਬਲ ਸਕੂਲ ਨੇ ਜ਼ਿਲ੍ਹਾ ਪੱਧਰੀ ਖੇਡਾਂ 'ਚ ਜਿੱਤੇ ਮੈਡਲ



ਕੋਟ ਈਸੇ ਖਾਂ (ਅਰੋੜਾ)-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਕਰਾਟੇ ਤੇ ਤਾਈਕਮਾਂਡੋ ਟੂਰਨਾਮੈਂਟ 'ਚ ਗੋਲਡ ਮੈਡਲ ਜਿੱਤ ਕੇ ਇਲਾਕੇ 'ਚ ਸਕੂਲ ਦਾ ਨਾਮ ਚਮਕਾਇਆ।ਇਹ ਹਾਕੀ ਮੁਕਾਬਲੇ ਖਾਲਸਾ ਭੁਪਿੰਦਰਾ ਸੀਨੀਅਰ ਸੈਕੰਡਰੀ ਸਕੂਲ ਮੋਗਾ ਵਿਖੇ ਕਰਵਾਏ ਗਏ ਸਨ।ਇਨ੍ਹਾਂ ਮੁਕਾਬਲਿਆਂ ਵਿੱਚ ਵੱਖ ਵੱਖ 8 ਜ਼ੋਨਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਨ੍ਹਾਂ ਮੁਕਾਬਲਿਆਂ ਵਿੱਚ ਪਾਥਵੇਜ਼ ਗਲੋਬਲ ਸਕੂਲ ਦੇ ਵਿਦਿਆਰਥੀਆਂ ਨੇ ਕੋਟ ਈਸੇ ਖਾਂ ਜ਼ੋਨ ਵੱਲੋਂ ਭਾਗ ਲਿਆ ਤੇ ਕੁੱਲ 9 ਮੈਡਲ ਪਾਥਵੇਜ਼ ਦੀ ਝੋਲੀ ਪਾਏ, ਜਿਸ ਵਿੱਚ ਚਾਰ ਗੋਲਡ, ਇੱਕ ਸਿਲਵਰ ਤੇ ਚਾਰ ਕਾਂਸੇ ਦੇ ਮੈਡਲ ਸ਼ਾਮਲ ਹਨ।ਇਸ ਮੌਕੇ ਸਕੂਲ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ, ਸਿਮਰਨਜੀਤ ਸਿੰਘ ਸਿੱਧੂ ਤੇ ਮਾਨਯੋਗ ਪ੍ਰਿੰਸੀਪਲ ਡਾ. ਪੰਕਜ ਧਮੀਜਾ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਅਤੇ ਇਸ ਜਿੱਤ ਦਾ ਸਿਹਰਾ ਬੱਚਿਆਂ ਦੀ ਸਖਤ ਮਿਹਨਤ ਤੇ ਕ੍ਰਿਕਟ ਕੋਚ ਵਿਕਰਮ ਗੋਇਲ, ਐੱਚ. ਓ. ਡੀ. ਫਿਜੀਕਲ ਐਜੂਕੇਸ਼ਨ ਡਿਪਾਰਟਮੈਂਟ ਰਾਜਵੀਰ ਸਿੰਘ, ਡੀਪੀਈ ਪਰਮਿੰਦਰ ਕੌਰ ਤੇ ਡੀਪੀਈ ਦਲਜੀਤ ਕੌਰ, ਕਰਾਟੇ ਕੋਚ ਹਰਦੀਪ ਸਿੰਘ ਦੇ ਸਿਰ ਬੰਨ੍ਹਿਆਂ।

ਬੇਰੁਜ਼ਗਾਰ ਅਧਿਆਪਕ ਸਰਕਾਰ ਖਿਲਾਫ ਸੰਘਰਸ਼ ਕਰਨ ਲਈ ਮਜਬੂਰ : ਖੁਡਾਲ

ਬਰੇਟਾ (ਗੀਤਵਾਲ)-ਪੰਜਾਬ ਸਰਕਾਰ ਵੱਲੋਂ ਸਿੱਖਿਆ ਵਿਭਾਗ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਦੇ ਦਾਅਵੇ ਕੀਤੇ ਜਾ ਰਹੇ ਹਨ, ਅਖ਼ਬਾਰਾਂ ਵਿੱਚ ਵੱਡੇ-ਵੱਡੇ ਇਸ਼ਤਿਹਾਰ ਦਿੱਤੇ ਜਾ ਰਹੇ ਹਨ, ਪਰ 2364 ਤੇ 5994 ਪ੍ਰਾਇਮਰੀ ਅਧਿਆਪਕਾਂ ਦੀਆਂ ਦੋ ਭਰਤੀਆਂ ਲੰਮੇ ਸਮੇਂ ਤੋਂ ਸਰਕਾਰ ਦੀ ਬੇਰੁਖੀ ਤੇ ਅਣਗਹਿਲੀ ਕਾਰਨ ਸਿਰੇ ਨਹੀਂ ਲੱਗ ਸਕੀਆਂ।ਇਨ੍ਹਾਂ ਭਰਤੀ ਵਿਚਲੇ ਸਕਰੂਟਨੀ ਕਰਵਾ ਚੁੱਕੇ ਬੇਰੁਜ਼ਗਾਰ ਅਧਿਆਪਕ ਜਿੱਥੇ ਓਵਰ ਏਜ ਹੋ ਰਹੇ ਹਨ, ਉਥੇ ਉਹ ਸਰਕਾਰ ਦਾ ਪਿੱਟ ਸਿਆਪਾ ਕਰਨ ਲਈ ਵੀ ਮਜਬੂਰ ਹਨ।ਇਸ ਸੰਬੰਧੀ ਗੱਲਬਾਤ ਕਰਦਿਆਂ ਅਧਿਆਪਕ ਆਗੂ ਜਸਵੀਰ ਸਿੰਘ ਖੁਡਾਲ ਤੇ ਦਰਸ਼ਨ ਸਿੰਘ ਮੱਲ ਸਿੰਘ ਵਾਲਾ ਨੇ ਕਿਹਾ ਕਿ ਸਾਰੀ ਪ੍ਰਕਿਰਿਆ ਪੂਰੀ ਹੋਣ ਦੇ ਬਾਵਜੂਦ ਸਰਕਾਰ ਨਿਯੁਕਤੀ ਪੱਤਰ ਦੇਣ ਤੋਂ ਆਨਾ-ਕਾਨੀ ਕਰ ਰਹੀ ਹੈ।ਇਸ ਦੇ ਰੋਸ ਵਜੋਂ ਬੇਰੁਜ਼ਗਾਰ 2364 ਅਧਿਆਪਕ ਯੂਨੀਅਨ ਦੇ ਦੋ ਆਗੂ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਇਮਾਰਤ 'ਤੇ ਪੈਟਰੋਲ ਦੀਆਂ ਬੋਤਲਾਂ ਲੈ ਕੇ ਕਈ ਦਿਨਾਂ ਤੋਂ ਚੜ੍ਹੇ ਹੋਏ ਹਨ ਅਤੇ 5994 ਅਧਿਆਪਕ ਯੂਨੀਅਨ ਵੱਲੋਂ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਲਗਾਤਾਰ ਧਰਨਾ ਲਗਾਇਆ ਹੋਇਆ ਹੈ।ਸਰਕਾਰ ਨੂੰ ਅੜੀਅਲ ਵਤੀਰੇ ਨੂੰ ਛੱਡ ਕੇ ਅਧਿਆਪਕਾਂ ਨੂੰ ਤੁਰੰਤ ਨਿਯੁਕਤੀ ਪੱਤਰ ਦੇਣੇ ਚਾਹੀਦੇ ਹਨ ਤਾਂ ਜੋ ਸਿੰਗਲ ਟੀਚਰ ਸਕੂਲਾਂ ਵਿੱਚ ਸਿੱਖਿਆ ਦੇ ਪੱਧਰ ਵਿੱਚ ਸੁਧਾਰ ਹੋ ਸਕੇ।ਇਸ ਮੌਕੇ ਹਰਜਿੰਦਰ ਸਿੰਘ ਹਸਨਪੁਰ, ਜੰਟਾ ਸਿੰਘ ਰਿਉਂਦ ਕਲਾਂ ਤੇ ਹੋਰ ਅਧਿਆਪਕ ਸਾਥੀ ਹਾਜ਼ਰ ਸਨ।

ਸਪੀਕਰ ਨੇ 50 ਲੱਖ ਰੁਪਏ ਦੀ ਲਾਗਤ ਵਾਲੀ ਜੈਟਿੰਗ ਕਮ-ਸੁਪਰ ਸੱਕਸ਼ਨ ਮਸ਼ੀਨ ਕੀਤੀ ਲੋਕ ਅਰਪਿਤ

ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ)

ਸ਼ਹਿਰ ਦੇ ਸੀਵਰੇਜ ਸਿਸਟਮ ਤੇ ਸਾਫ਼ ਸਫ਼ਾਈ ਨੂੰ ਯਕੀਨੀ ਬਣਾਉਣ ਲਈ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਨਗਰ ਕੌਂਸਲ ਵਿਖੇ ਲਗਭਗ 50 ਲੱਖ ਰੁਪਏ ਦੀ ਲਾਗਤ ਵਾਲੀ ਜੈਟਿੰਗ ਮਸ਼ੀਨ-ਕਮ-ਸੁਪਰ ਸੱਕਸ਼ਨ ਮਸ਼ੀਨ ਨੂੰ ਹਰੀ ਝੰਡੀ ਦੇ ਕੇ ਲੋਕ ਅਰਪਿਤ ਕੀਤਾ।ਉਨ੍ਹਾਂ ਕਿਹਾ ਕਿ ਹੁਣ ਸ਼ਹਿਰ ਵਿੱਚ ਕਿਤੇ ਵੀ ਸੀਵਰੇਜ ਦੀਆਂ ਪਾਈਪਾਂ ਵਿੱਚ ਰੁਕਾਵਟ ਪੈਦਾ ਨਹੀਂ ਹੋਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪਹਿਲਾਂ ਬਾਰਿਸ਼ਾਂ ਦੌਰਾਨ ਸ਼ਹਿਰ ਦੀਆਂ ਨੀਵੀਆਂ ਥਾਂਵਾਂ 'ਤੇ ਗੰਦਾ ਪਾਣੀ ਖੜ ਜਾਣ ਕਾਰਨ ਲੋਕਾਂ ਨੂੰ ਭਾਰੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਇਸ ਮਸ਼ੀਨ ਦੀ ਅਣਹੋਂਦ ਕਾਰਨ ਲੋਕ ਪਿਛਲੇ ਲੰਮੇ ਸਮੇਂ ਤੋਂ ਸੰਤਾਪ ਭੋਗ ਰਹੇ ਸਨ, ਕਿਉਂ ਜੋ ਅਜਿਹੀਆਂ ਸੱਕਸ਼ਨ ਮਸ਼ੀਨਾਂ ਰਾਹੀਂ ਸੀਵਰੇਜ ਵਿੱਚ ਆਈ ਰੁਕਾਵਟ ਨੂੰ ਦੂਰ ਕਰਨ ਲਈ ਬਾਹਰੋਂ ਮੰਗਵਾਉਣਾ ਪੈਂਦਾ ਸੀ। ਉਨ੍ਹਾਂ ਦੱਸਿਆ ਕਿ ਇਸ ਕੰਮ ਵਿੱਚ ਅਕਸਰ ਹੀ ਨਾ-ਸਹਿਣਯੋਗ ਦੇਰੀ ਦੀ ਸਮੱਸਿਆ ਨਾਲ ਜੂਝਣਾ ਪੈਂਦਾ ਸੀ, ਇੰਨਾ ਹੀ ਨਹੀਂ ਇਸ ਸਾਰੀ ਮਸ਼ੀਨ ਮੰਗਵਾਉਣ ਦੀ ਪ੍ਰਕਿਰਿਆ ਨੂੰ ਕਈ ਕਿਸਮ ਦੀਆਂ ਫ਼ਾਈਲਾਂ, ਦਫ਼ਤਰਾਂ, ਟੈਂਡਰ ਦੀ ਪ੍ਰਕਿਰਿਆ ਵਿੱਚੋਂ ਗੁਜ਼ਰਨਾ ਪੈਂਦਾ ਸੀ।ਸਪੀਕਰ ਸੰਧਵਾਂ ਨੇ ਕਿਹਾ ਕਿ ਲੰਮੇ ਸਮੇਂ ਤੋਂ ਲੋਕਾਂ ਲਈ ਸਿਰ ਦਰਦ ਬਣੀ ਇਹ ਸਮੱਸਿਆ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸੁਲਝਾ ਦਿੱਤੀ ਗਈ ਹੈ।ਉਨ੍ਹਾਂ ਇੱਕ ਵਾਰ ਫਿਰ ਮੁੜ ਦੁਹਰਾਇਆ ਕਿ ਪੰਜਾਬ ਸਰਕਾਰ ਕੋਲ ਫੰਡਾਂ ਦੀ ਕੋਈ ਘਾਟ ਨਹੀਂ ਹੈ ਅਤੇ ਲੋਕਾਂ ਦੀ ਹਰ ਕਿਸਮ ਦੀ ਸਮੱਸਿਆ ਦੂਰ ਕਰਨ ਲਈ ਸਰਕਾਰ ਵਚਨਬੱਧ ਹੈ।ਸ਼ਹਿਰ ਦੇ ਬਾਸ਼ਿੰਦਿਆਂ ਨੂੰ ਮੁਖਾਤਬ ਹੁੰਦਿਆਂ ਉਨ੍ਹਾਂ ਬੇਨਤੀ ਕੀਤੀ ਕਿ ਲੋਕ ਆਪਣੇ ਘਰਾਂ ਵਿੱਚ ਬਾਥਰੂਮ/ਟਾਇਲਟ ਦੀਆਂ ਪਾਈਪਾਂ ਵਿੱਚ ਪਲਾਸਟਿਕ ਦੇ ਲਿਫਾਫ਼ੇ ਤੇ ਨਾ-ਗਲਣਯੋਗ ਚੀਜ਼ਾਂ ਨੂੰ ਨਾ ਸੁੱਟਣ। ਉਹਨਾਂ ਆਖਿਆ ਕਿ ਅਜਿਹੀਆਂ ਚੀਜ਼ਾਂ ਪਾਈਪ ਲਾਈਨ ਵਿੱਚ ਜਾਣ ਕਾਰਨ ਪਾਈਪਾਂ ਵਿੱਚ ਰੁਕਾਵਟ ਪੈਦਾ ਕਰਨ ਵਿੱਚ ਅਹਿਮ ਯੋਗਦਾਨ ਨਿਭਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਕੋਸ਼ਿਸ਼ ਕਰਨੀ ਚਾਹੀਦੀ ਹੈ ਕਿ ਪਾਣੀ ਦੇ

2-SEP-PAGE-8.qxd 9/1/2024 9:43 PM Page 1

'ਖੇਡਾਂ ਨਾਲ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਹੁੰਦਾ'

ਨਵਾਂਸ਼ਹਿਰ (ਮਨੋਜ ਲਾਡੀ, ਕੁਲਵਿੰਦਰ ਸਿੰਘ ਦੁਰਗਾਪੁਰੀਆ) ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਸੁਰੇਸ਼ ਕੁਮਾਰ ਦੀ ਅਗਵਾਈ ਵਿਚ 68ਵੀਂਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਦੇ ਮੁਕਾਬਲੇ ਜਿਲ੍ਹੇ ਦੇ ਵੱਖ ਵੱਖ ਸਕੂਲਾਂ ਵਿੱਚ ਚੱਲ ਰਹੇ ਹਨ।ਇਹਨਾਂ ਜਿਲ੍ਹਾ ਪੱਧਰੀ ਸਕੂਲੀ ਖੇਡਾਂ ਦਾ ਚੌਥੇ ਦਿਨ ਖਿਡਾਰੀਆ ਨੂੰ ਆਸ਼ੀਰਵਾਦ ਅਮਰਜੀਤ ਖਟਕੜ ਜਨਰਲ ਸਕੱਤਰ ਟੂਰਨਾਮੈਂਟ ਕਮੇਟੀ, ਦਵਿੰਦਰ ਕੌਰ ਜਿਲ੍ਹਾ ਖੇਡ ਕੋਆਰਡੀਨੇਟਰ, ਪ੍ਰਿੰ. ਰਜਨੀਸ਼ ਕੁਮਾਰ ਅਤੇ ਦਲਜੀਤ ਸਿੰਘ ਬੋਲਾ ਵੱਲੋਂ ਕੀਤਾ ਗਿਆ। ਇਸ ਮੌਕੇ ਉਹਨਾਂ ਕਿਹਾ ਖੇਡਾਂ ਨਾਲ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਹੁੰਦਾ ਹੈ।ਜਿਲ੍ਹਾ ਪੱਧਰੀ ਸਕੂਲ ਖੇਡ ਮੁਕਾਬਲ਼ਿਆ ਬਾਰੇ ਜਾਣਕਾਰੀ ਦਿੰਦੇ ਹੋਏ ਦਵਿੰਦਰ ਕੌਰ ਜਿਲ੍ਹਾ ਖੇਡ ਕੋਆਰਡੀਨੇਟਰ ਸਕੂਲ ਨੇ ਦੱਸਿਆ ਕਿ ਅੱਜ ਤੱਕ ਜਿਹਨਾਂ ਖੇਡਾਂ ਦੇ ਮੁਕਾਬਲੇ ਮੁਕੰਮਲ ਹੋਏ ਉਹਨਾਂ ਵਿੱਚੋਂ ਖੋ ਖੋ ਲੜਕੀਆ 14 ਸਾਲ ਵਿੱਚ ਜੋਨ ਸੜੋਆ ਨੇ ਪਹਿਲਾ, ਜੋਨ ਨਵਾਂਸ਼ਹਿਰ ਨੇ ਦੂਸਰਾ, 17 ਸਾਲ ਵਿੱਚ ਮੁਕੰਦਪੁਰ ਜੋਨ ਨੇ ਪਹਿਲਾ, ਸੜੋਆ ਜੋਨ ਨੇ ਦੂਸਰਾ, 19 ਸਾਲ ਵਿੱਚ ਸੜੋਆ ਜੋਨ ਨੇ ਪਹਿਲਾਂ, ਬਲਾਚੌਰ ਜੋਨ ਨੇ ਦੂਸਰਾ, ਸਤਰੰਜ ਲੜਕੇ 14 ਸਾਲ ਵਿੱਚ ਸੜੋਆ ਜੋਨ ਪਹਿਲੇ, ਬੰਗਾ ਜੋਨ ਦੂਸਰੇ, 17 ਸਾਲ ਵਿੱਚ ਕਾਠਗੜ ਜੋਨ ਪਹਿਲੇ, ਨਵਾਂਸ਼ਹਿਰ ਜੋਨ ਦੂਸਰੇ, 19 ਸਾਲ ਵਿੱਚ ਕਾਠਗੜ ਜੋਨ ਪਹਿਲੇ, ਔੜ ਜੋਨ ਦੂਸਰੇ, ਸਤਰੰਜ ਲੜਕੀਆ 14 ਸਾਲ ਵਿੱਚ ਰਾਹੋਂ ਜੋਨ ਪਹਿਲੇ, ਮੁਕੰਦਪੁਰ ਜੋਨ ਦੂਸਰੇ, 17 ਸਾਲ ਵਿੱਚ ਸੜੋਆ ਜੋਨ ਪਹਿਲੇ, ਨਵਾਂਸ਼ਹਿਰ ਜੋਨ ਦੂਸਰੇ, 19 ਸਾਲ ਵਿੱਚ ਰਾਹੋਂ ਜੋਨ ਪਹਿਲੇ ਨਵਾਂਸ਼ਹਿਰ ਜੋਨ ਦੂਸਰੇ, ਟੇਬਲ ਟੈਨਿਸ ਲੜਕੇ 14 ਸਾਲ ਵਿੱਚ ਸੜੋਆ ਜੋਨ ਪਹਿਲੇ,ਨਵਾਂਸਹਿਰ ਜੋਨ ਦੂਸਰੇ,17 ਸਾਲ ਵਿੱਚ ਜਾਡਲਾ ਜੋਨ ਪਹਿਲੇ, ਰਾਹੋਂ ਜੋਨ ਦੂਸਰੇ, 19 ਸਾਲ ਵਿੱਚ ਬੰਗਾ ਜੋਨ ਪਹਿਲੇ, ਮੁਕੰਦਪੁਰ ਜੋਨ ਦੂਸ਼ਰੇ, ਟੇਬਲ ਟੈਨਿਸ ਲੜਕੀਆਂ 14 ਸਾਲ ਵਿੱਚ ਰਾਹੋਂ ਜੋਨ ਪਹਿਲੇ, ਜਾਡਲਾ ਜੋਨ ਦੂਸਰੇ, 17 ਸਾਲ ਵਿੱਚ ਸੜੋਆ ਜੋਨ ਪਹਿਲੇ, ਰਾਹੋਂ ਜੋਨ ਦੂਸਰੇ, 19 ਸਾਲ ਵਿੱਚ ਰਾਹੋਂ ਜੋਨ ਪਹਿਲੇ, ਔੜ ਜੋਨ ਦੂਸਰੇ, ਵਾਲੀਵਾਲ ਲੜਕੀਆ 14 ਸਾਲ ਵਿੱਚ ਜਾਡਲਾ ਜੋਨ ਪਹਿਲੇ, ਔੜ ਜੋਨ ਦੂਸਰੇ, 17 ਸਾਲ ਵਿੱਚ ਔੜ ਕਾਠਗੜ ਜੋਨ ਦੂਸ਼ਰੇ, 19 ਸਾਲ ਵਿੱਚ ਜਾਡਲਾ ਜੋਨ ਪਹਿਲੇ, ਰਾਹੋਂ ਜੋਨ ਦੂਸਰੇ ਸਥਾਨ 'ਤੇ ਰਿਹਾ। ਇਸ ਮੌਕੇ ਪ੍ਰਿੰਸੀਪਲ ਰਜਨੀਸ ਕੁਮਾਰ, ਮੁੱਖ ਅਧਿਆਪਕ ਲਖਵੀਰ ਸਿੰਘ, ਦਲਜੀਤ ਸਿੰਘ ਬੋਲਾ ਮੀਤ ਪ੍ਰਧਾਨ ਕਮ ਮੁੱਖ ਅਧਿਆਪਕ ਜੇ.ਐਸ.ਐਫ .ਐਚ ਖਲਾਸਾ ਸਕੂਲ, ਅਮਰਪ੍ਰੀਤ ਸਿੰਘ ਜੌਹਲ ਬੀ.ਐਨ.ਓ, ਗੁਰਪ੍ਰੀਤ ਬਲਾਕ ਨੋਡਲ ਅਫਸਰ ਸੜੋਆ, ਦਲਜੀਤ ਸਿੰਘ ਬੋਲਾ ਮੁੱਖ ਅਧਿਆਪਕ ਜੇ.ਐਸ.ਐਫ .ਐਚ ਖਲਾਸਾ ਸਕੂਲ, ਦਵਿੰਦਰ ਕੌਰ ਜਿਲ੍ਹਾ ਖੇਡ ਕੋਆਰਡੀਨੇਟਰ ਹਾਜ਼ਰ ਸਨ।

ਕੌਮੀ ਜਾਂਚ ਏਜੰਸੀ ਵੱਲੋਂ ਕਿਸਾਨ ਆਗੂਆਂ ਤੇ ਜਮਹੂਰੀ ਕਾਰਕੁੰਨਾਂ 'ਤੇ ਮਾਰੇ ਛਾਪਿਆਂ ਦਾ ਜ਼ੋਰਦਾਰ ਵਿਰੋਧ ਕਰੋ : ਜਮਹੂਰੀ ਅਧਿਕਾਰ ਸਭਾ

ਸ਼ਾਹਕੋਟ (ਗਿਆਨ ਸੈਦਪੁਰੀ) ਕੇਂਦਰ ਦੀ ਭਾਜਪਾ ਹਕੂਮਤ ਦੇ ਇਸ਼ਾਰਿਆਂ 'ਤੇ ਕੌਮੀ ਜਾਂਚ ਏਜੰਸੀ ਵੱਲੋਂ ਪੰਜਾਬ, ਹਰਿਆਣਾ ਅਤੇ ਉੱਤਪ ਪ੍ਰਦੇਸ਼ ਵਿਚ ਲੋਕ ਪੱਖੀ ਵਕੀਲਾਂ, ਕਿਸਾਨ ਆਗੂਆਂ ਅਤੇ ਜਮਹੂਰੀ ਕਾਰਕੁੰਨਾਂ ਦੇ ਘਰਾਂ ਉੱਪਰ ਮਾਰੇ ਛਾਪਿਆਂ ਦੀ ਨਿਖੇਧੀ ਕਰਦਿਆ ਇਨਕਲਾਬੀ ਜਮਹੂਰੀ ਜਨਤਕ ਜਥੇਬੰਦੀਆਂ, ਇਨਸਾਫ ਪਸੰਦ ਲੋਕਾਂ ਅਤੇ ਜਮਹੂਰੀ ਕਾਰਕੁੰਨਾਂ ਨੂੰ ਇਸਦਾ ਜ਼ੋਰਦਾਰ ਵਿਰੋਧ ਕਰਨ ਦਾ ਸੱਦਾ ਦਿਤਾ।ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਡਾ. ਜਗਜੀਤ ਸਿੰਘ ਚੀਮਾ, ਮੀਤ ਪ੍ਰਧਾਨ ਜਸਵਿੰਦਰ ਸਿੰਘ ਭੋਗਲ, ਸਕੱਤਰ ਡਾ. ਮੰਗਤ ਰਾਏ, ਵਿੱਤ ਸਕੱਤਰ ਮਾਸਟਰ ਕਰਨੈਲ ਸਿੰਘ, ਸ਼ੈਲਸ, ਮਾਸਟਰ ਲਵਿੰਦਰ ਸਿੰਘ, ਮਾਸਟਰ ਗੁਰਮੀਤ ਸਿੰਘ ਕੋਟਲੀ, ਪਰਮਜੀਤ ਪਡਿਆਣਾ, ਗੁਰਦੇਵ ਸਿੰਘ, ਗੁਰਮੇਲ ਸਿੰਘ ਬੋਪਾਰਾਏ ਅਤੇ ਜੋਗਿੰਦਰ ਸਿੰਘ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਹਕੂਮਤ ਨੇ ਹਰ ਲੋਕ ਪੱਖੀ ਆਵਾਜ਼ ਨੂੰ ਦਬਾਉਣ ਲਈ ਕੌਮੀ ਜਾਂਚ ਏਜੰਸੀ ਕੋਲੋ ਚੰਡੀਗੜ੍ਹ ਵਿਚ ਲੋਕ ਪੱਖੀ ਵਕੀਲਾਂ ਮਨਦੀਪ, ਆਰਤੀ ਅਤੇ ਅਜੇ ਕੁਮਾਰ, ਭਾਰਤੀ ਕਿਸਾਨ ਯੂਨੀਅਨ (ਕ੍ਰਾਂਤੀਕਾਰੀ) ਦੀ ਇਕਾਈ ਪੰਜਾਬ ਦੀ ਸੂਬਾ ਜਨਰਲ ਸਕੱਤਰ ਸੁਖਵਿੰਦਰ ਕੌਰ ਰਾਮਪੁਰਾ, ਹਰਿਆਣਾ ਦੇ ਉੱਘੇ ਜਮਹੂਰੀ ਕਾਰਕੁੰਨ ਵਕੀਲ ਪੰਕਜ ਤਿਆਗੀ, ਇਲਾਹਾਬਾਦ ਵਿਚ ਇਨਕਲਾਬੀ ਛਾਤਰ ਮੋਰਚਾ ਦੇ ਪ੍ਰਧਾਨ ਦਵਿੰਦਰ ਆਜ਼ਾਦ ਦੇ ਘਰ ਛਾਪਾਮਾਰੀ ਕਰਵਾ ਕੇ ਆਪਣੀ ਫਿਰਕੂ ਸੋਚ ਨੂੰ ਅੱਗੇ ਵਧਾਉਣ ਅਤੇ ਲੋਕਾਂ ਵਿਚ ਡਰ ਪੈਦਾ ਕਰਨ ਲਈ ਇਹ ਕੋਝੀ ਕਾਰਵਾਈ ਕੀਤੀ ਹੈ। ਆਗੂਆਂ ਨੇ ਕਿਹਾ ਕਿ ਜੋ ਵਿਅਕਤੀ ਭਾਜਪਾ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਵਿਰੋਧ ਕਰਨ ਅਤੇ ਜਮਹੂਰੀ ਵਿਰੋਧ ਨੂੰ ਦਹਿਸ਼ਤਜੁਦਾ ਕਰਨ ਤੇ ਲੋਕ ਪੱਖੀ ਜਮਹੂਰੀ ਆਵਾਜ਼ਾਂ ਨੂੰ ਕੁਚਲਣ ਲਈ ਭਾਜਪਾ ਹਕੂਮਤ ਕੌਮੀ ਜਾਂਚ ਏਜੰਸੀ ਨੂੰ ਹਥਿਆਰ ਵਜੋ ਵਰਤ ਰਹੀ ਹੈ। ਉਨ੍ਹਾਂ ਲੋਕ ਪੱਖੀ ਬੁੱਧੀਜੀਵੀਆਂ, ਕਿਸਾਨ ਆਗੂਆਂ, ਵਕੀਲਾਂ, ਇਨਕਲਾਬੀ ਜਮਹੂਰੀ ਜਨਤਕ ਜਥੇਬੰਦੀਆਂ ਅਤੇ ਜਮਹੂਰੀ ਕਾਰਕੁੰਨਾਂ ਨੂੰ ਸਰਕਾਰ ਦੇ ਭੈੜੇ ਮਨਸੂਬਿਆਂ ਨੂੰ ਮਾਤ ਪਾਉਣ ਲਈ ਇਕ ਜੁੱਟ ਹੋ ਕੇ ਜ਼ੋਰਦਾਰ ਵਿਰੋਧ ਕਰਨ ਦਾ ਸੱਦਾ ਦਿਤਾ।

ਉਸਮਾਨਪੁਰ ਤੋਂ ਚਕਲੀ ਸੂਜਾਤ-ਜਲਵਾਹਾ ਨੂੰ ਜਾਂਦੀ ਸੜਕ ਦੀ ਹਾਲਤ ਤਰਸਯੋਗ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਪਿੰਡ ਉਸਮਾਨਪੁਰ ਤੋਂ ਪਿੰਡ ਚਕਲੀ ਸੂਜਾਤ, ਜਲਵਾਹਾ ਨੂੰ ਜਾਂਦੀ ਸੜਕ ਦੀ ਹਾਲਤ ਤਰਸਯੋਗ ਬਣੀ ਹੋਈ ਹੈ।ਜਾਣਕਾਰੀ ਦਿੰਦੇ ਹੋਏ ਪਿੰਡ ਚਕਲੀ ਸੂਜਾਤ ਦੇ ਡਾ ਸਤਪਾਲ ਨੇ ਕਿਹਾ ਕਿ ਇਹ ਸੜਕ ਕਈ ਥਾਵਾਂ ਤੋਂ ਟੁੱਟੀ ਹੋਈ ਹੈ।ਇਸ ਦੇ ਨਾਲ ਹੀ ਕਈ ਥਾਵਾਂ 'ਤੇ ਸੜਕਾਂ ਦੇ ਨਾਂਅ 'ਤੇ ਨਿਸ਼ਾਨ ਵੀ ਖਤਮ ਹੋ ਕੇ ਖੱਡੇ ਦਾ ਰੂਪ ਧਾਰਨ ਕਰ ਗਏ ਹਨ।ਪਰ ਪ੍ਰਸ਼ਾਸਨ ਅਤੇ ਲੋਕ ਨਿਰਮਾਣ ਵਿਭਾਗ ਅਣਜਾਣ ਬਣਿਆ ਹੋਇਆ ਹੈ।ਪਿੰਡ ਉਸਮਾਨ ਪੁਰ ਤੋਂ ਪਿੰਡ ਚਕਲੀ ਸੂਜਾਤ, ਜਲਵਾਹਾ ਨੂੰ ਜਾਣ ਵਾਲੀ ਇਹ ਸੜਕ ਹੈ ਜਿੱਥੋਂ ਰੋਜ਼ਾਨਾ ਦਰਜਨ ਦੇ ਕਰੀਬ ਪਿੰਡਾਂ ਦੇ ਲੋਕ ਲੰਘਦੇ ਹਨ।ਇੱਥੋਂ ਤੱਕ ਕਿ ਤੁਰਨਾ ਵੀ ਮੁਸ਼ਕਲ ਹੋ ਗਿਆ ਹੈ।ਇਸ ਦੇ ਨਾਲ ਹੀ ਬਰਸਾਤ ਕਾਰਨ ਸੜਕਾਂ 'ਤੇ ਭਾਰੀ ਮਾਤਰਾ 'ਚ ਪਾਣੀ ਜਮ੍ਹਾਂ ਹੋਣ ਕਾਰਨ ਕਈ ਪਿੰਡਾਂ ਦੇ ਬੱਚਿਆਂ ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਗੰਦੇ ਪਾਣੀ 'ਚੋਂ ਲੰਘਣਾ ਪੈਂਦਾ ਹੈ।ਟੁੱਟੀਆਂ ਸੜਕਾਂ ਕਾਰਨ ਸੜਕ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ। ਇਲਾਕੇ ਦੇ ਲੋਕਾਂ ਨੇ ਸਰਕਾਰ ਤੋਂ ਤੁਰੰਤ ਸੜਕਾਂ ਦੀ ਮੁੜ ਉਸਾਰੀ ਦੀ ਮੰਗ ਕੀਤੀ ਹੈ।

ਸਰਕਾਰ ਵੱਲੋਂ ਨਿਸਚਿਤ ਖ਼ੂਨ ਯੂਨਿਟ ਦੀਆਂ ਟੈਸਟ ਫੀਸਾਂ ਨੂੰ ਬੀ ਡੀ ਸੀ ਬਲੱਡ ਸੈਂਟਰ ਪ੍ਰਵਾਨ ਕਰੇਗਾ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)- ਸਰਕਾਰ ਵੱਲੋਂ ਪ੍ਰਾਯੋਜਿਤ ਸਕੀਮਾਂ ਤਹਿਤ ਨਿਸ਼ਚਿਤ ਖ਼ੂਨ ਯੂਨਿਟਾਂ ਦੀਆਂ ਟੈਸਟ ਫੀਸਾਂ ਨਿੱਜੀ ਹਸਪਤਾਲਾਂ ਦੇ ਲਾਭਪਾਤਰੀਆਂ ਨੂੰ ਵੀ ਬੀ.ਡੀ.ਸੀ.ਬਲੱਡ ਸੈਂਟਰ ਪ੍ਰਵਾਨ ਕਰਿਆ ਕਰੇਗਾ ਜਿਸ ਨਾਲ ਈ ਐਸ ਆਈ, ਟੀ ਸੀ ਐਸ ਐਚ, ਆਯੂਸ਼ਮਾਨ ਆਦਿ ਸਕੀਮਾਂ ਤਹਿਤ ਨਿੱਜੀ ਹਸਪਤਾਲਾਂ ਦੇ ਲਾਭਪਾਤਰੀਆਂ ਨੂੰ ਵੀ ਇਸ ਫੈਸਲੇ ਨਾਲ ਸਹੂਲਤ ਮਿਲਿਆ ਕਰੇਗੀ।ਜਿਕਰਯੋਗ ਹੈ ਕਿ ਇਹ ਸਹੂਲਤ ਸਰਕਾਰੀ ਹਸਪਤਾਲਾਂ ਦੇ ਲਾਭਪਾਤਰੀਆਂ ਨੂੰ ਪਹਿਲਾਂ ਹੀ ਉਪਲੱਬਧ ਹੈ।ਇਹ ਫੈਸਲਾ ਐਸ ਕੇ ਸਰੀਨ ਐਡਵੋਕੇਟ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵੱਲੋਂ ਸਰਵਸੰਮਤੀ ਨਾਲ ਲਿਆ ਗਿਆ। ਮੀਟਿੰਗ ਦਾ ਸੰਚਾਲਨ ਕਰਦਿਆਂ ਸਕੱਤਰ ਜੇ ਐਸ ਗਿੱਦਾ ਨੇ ਕੀਤਾ।ਮੀਟਿੰਗ ਵਿੱਚ ਕਮੇਟੀ ਦੇ ਤਕਨੀਕੀ ਸਲਾਹਕਾਰ ਡਾ. ਅਜੇ ਬੱਗਾ ਨੇ ਦੱਸਿਆ ਕਿ ਥੈਲੇਸੀਮੀਆ ਮਰੀਜ਼ਾਂ ਨੂੰ ਬਗੈਰ ਟੈਸਟ ਫੀਸਾਂ ਤੋਂ ਖ਼ੂਨ ਦੀ ਦਿੱਤੀ ਜਾ ਰਹੀ ਸੇਵਾ ਤੋਂ ਪ੍ਰਭਾਵਿਤ ਹੋ ਕੇ ਦਾਨੀ ਸ਼ਖ਼ਸੀਅਤਾਂ ਅੱਗੇ ਆਈਆਂ ਹਨ ਥੈਲੇਸੀਮੀਆ ਤੋਂ ਪੀੜਤ ਬੱਚਿਆਂ ਲਈ ਦੋ ਦਾਨੀ ਸ਼ਖ਼ਸੀਅਤਾਂ ਨੇ ਵੀਹ ਹਜ਼ਾਰ ਰੁਪਏ ਬੱਚਾ ਸਲਾਨਾ ਖਰਚ ਦੇਣ ਲਈ ਆਪਣੀ ਪੇਸ਼ਕਸ਼ ਦਰਜ਼ ਕਰਵਾਈ ਹੈ।ਮੀਟਿੰਗ ਵਲੋਂ ਪਿਛਲੀ ਮੀਟਿੰਗ ਉਪ੍ਰੰਤ ਆਯੋਜਿਤ ਕੀਤੇ ਗਏ ਸਵੈ-ਇਛੁੱਕ ਖ਼ੂਨਦਾਨ ਕੈਂਪਾਂ ਵਿੱਚਲੇ ਖ਼ੂਨਦਾਨੀਆਂ , ਪ੍ਰੇਰਕਾਂ ਤੇ ਆਯੋਜਿਕਾਂ ਦਾ ਧੰਨਵਾਦ ਕੀਤਾ ਅਤੇ ਨਵੇਂ ਪ੍ਰੇਰਕਾਂ ਨੂੰ ਰਜਿਸਟਰਡ ਕੀਤਾ ਗਿਆ।ਮੀਟਿੰਗ ਵਿੱਚ ਪ੍ਰਧਾਨ ਐਸ ਕੇ ਸਰੀਨ, ਸਕੱਤਰ ਜੇ ਐਸ ਗਿੱਦਾ, ਪੀ ਆਰ ਕਾਲੀਆ, ਅੰਜੂ ਸਰੀਨ, ਡਾ. ਅਜੇ ਬੱਗਾ ਤੇ ਮਨਮੀਤ ਸਿੰਘ ਮੈਨੇਜਰ ਹਾਜ਼ਰ ਸਨ।

ਅੰਮ੍ਰਿਤਾ ਪ੍ਰੀਤਮ ਦੇ ਜਨਮ ਦਿਵਸ ਨੂੰ ਸਮਰਪਤ ਪ੍ਰੋਗਰਾਮ ਕਰਵਾਇਆ

ਕਰਤਾਰਪੁਰ (ਹਰਮੇਸ਼ ਦੱਤ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚਲਾਏ ਜਾ ਰਹੇ ਮਾਤਾ ਗੁਜਰੀ ਖ਼ਾਲਸਾ ਕਾਲਜ, ਕਰਤਾਰਪੁਰ ਵਿਖੇ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਗਿੱਲ ਦੀ ਯੋਗ ਅਗਵਾਈ ਹੇਠ ਅਤੇ ਪੰਜਾਬੀ ਵਿਭਾਗ ਦੇ ਮੁਖੀ ਪ੍ਰੋ. ਸੁਖਵੀਰ ਰੂਬੀ ਦੀ ਦੇਖ-ਰੇਖ ਹੇਠ ਕਾਲਜ ਦੀ ਪੰਜਾਬੀ ਸਾਹਿਤ ਸਭਾ ਦੁਆਰਾ ਅੰਮ੍ਰਿਤਾ ਪ੍ਰੀਤਮ ਦੇ ਜਨਮਦਿਨ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਪ੍ਰੋ. ਸੁਖਵੀਰ ਰੂਬੀ ਨੇ ਦੱਸਿਆ ਕਿ ਅੰਮ੍ਰਿਤਾ ਪ੍ਰੀਤਮ ਪੰਜਾਬੀ ਸਾਹਿਤ ਜਗਤ ਦੀ ਉੱਘੀ ਕਵਿਤਰੀ ਹੋਈ ਹੈ ਜਿਸ ਨੇ ਮਾਂ-ਬੋਲੀ ਪੰਜਾਬੀ ਦੀ ਵਿਲੱਖਣ ਸੇਵਾ ਕੀਤੀ। ਉਨ੍ਹਾਂ ਦੱਸਿਆ ਕਿ ਅੰਮ੍ਰਿਤਾ ਪ੍ਰੀਤਮ ਦੀਆਂ ਬਹੁਤ ਸਾਰੀਆਂ ਰਚਨਾਵਾਂ ਵੱਖ-ਵੱਖ ਭਾਸ਼ਾਵਾਂ ਵਿਚ ਅਨੁਵਾਦਤ ਵੀ ਹੋ ਚੁੱਕੀਆਂ ਹਨ ਅਤੇ ਸਾਹਿਤ ਜਗਤ ਵਿਚ ਉਹਨਾਂ ਦੀਆਂ ਪ੍ਰਾਪਤੀਆਂ ਨੂੰ ਵੇਖਦੇ ਹੋਏ ਸਮੇਂ-ਸਮੇਂ ਵੱਖ-ਵੱਖ ਅਵਾਰਡ ਤੇ ਸਨਮਾਨ ਦੇ ਕੇ ਉਹਨਾਂ ਨੂੰ ਨਵਾਜਿਆ ਗਿਆ। ਇਸ ਸਮੇਂ ਕਾਲਜ ਦੇ ਵਿਦਿਆਰਥੀਆਂ ਦੁਆਰਾ ਕਵਿਤਾ ਉਚਾਰਣ ਮੁਕਾਬਲੇ ਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ। ਕਵਿਤਾ ਉਚਾਰਣ ਮੁਕਾਬਲੇ ਵਿਚ ਰਮਨਦੀਪ ਕੌਰ, ਸੁਮਨ, ਮਨਦੀਪ ਕੌਰ ਤੇ ਪੇਂਟਿੰਗ ਮੁਕਾਬਲੇ ਵਿਚ ਸੁਖਪ੍ਰੀਤ ਸਿੰਘ, ਕੁਲਦੀਪ ਕੌਰ ਤੇ ਦਿਲਪ੍ਰੀਤ ਸਿੰਘ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਅੰਮ੍ਰਿਤਾ ਪ੍ਰੀਤਮ ਦੇ ਪ੍ਰਸਿੱਧ ਨਾਵਲ 'ਪਿੰਜਰ' ਦੀ ਕਹਾਣੀ ਦਾ ਮੰਚਨ ਕਰਵਾਇਆ ਗਿਆ। ਇਸ ਮੌਕੇ ਪ੍ਰੋ. ਕਮਲੇਸ਼ ਰਾਣੀ ਨੇ ਅੰਮ੍ਰਿਤਾ ਪ੍ਰੀਤਮ ਦੇ ਜੀਵਨ ਤੇ ਸਾਹਿਤ ਰਚਨਾ ਸੰਬੰਧੀ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਸਾਹਿਤ ਪੜ੍ਹਨ ਲਈ ਪ੍ਰੇਰਿਤ ਕੀਤਾ। ਅੰਤ ਵਿਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਗਏ।

ਲਾਇਨਜ਼ ਕਲੱਬ ਰਾਇਲ ਦੀ ਹੋਈ ਇੰਸਟਾਲੇਸ਼ਨ ਸੈਰੇਮਨੀ

ਫਗਵਾੜਾ (ਡਾ. ਰਮਨ) ਲਾਇਨਜ ਕਲੱਬ ਫਗਵਾੜਾ ਰਾਇਲ ਦੀ ਸਾਲ 2024-25 ਲਈ ਚੁਣੀ ਗਈ ਨਵੀਂ ਟੀਮ ਦੀ ਇੰਸਟਾਲੇਸ਼ਨ ਸੈਰੇਮਨੀ ਲਾਇਨ ਪਰਮਿੰਦਰ ਸਿੰਘ ਕੁੰਦੀ ਦੀ ਪ੍ਰਧਾਨਗੀ ਹੇਠ ਸਥਾਨਕ ਬੰਗਾ ਰੋਡ ਸਥਿਤ ਰਿਜੋਰਟ ਵਿਖੇ ਕਰਵਾਈ ਗਈ। ਸਮਾਗਮ ਦੌਰਾਨ ਲਾਇਨਜ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਗਵਰਨਰ ਲਾਇਨ ਰਸ਼ਪਾਲ ਸਿੰਘ ਬੱਚਾਜੀਵੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਨਵ ਨਿਯੁਕਤ ਪ੍ਰਧਾਨ ਲਾਇਨ ਵਿਕਾਸ ਕੋਛੜ ਤੋਂ ਇਲਾਵਾ ਲਾਇਨ ਮੁਕੇਸ਼ ਭਾਟੀਆ ਸਕੱਤਰ, ਲਾਇਨ ਕਪਿਲ ਦੇਵ ਸੁਧੀਰ ਕੈਸ਼ੀਅਰ ਅਤੇ ਲਾਇਨ ਡੀ.ਐਸ. ਭੰਮਰਾ ਪੀ.ਆਰ.ਓ. ਨੂੰ ਅਹੁਦੇ ਦੀ ਸਹੁੰ ਚੁਕਵਾਈ। ਪੁਰਾਣੇ ਅਤੇ ਨਵੇਂ ਪ੍ਰਧਾਨ ਦੀ ਕੁਰਸੀ ਐਕਸਚੇਂਜ ਦੀ ਰਸਮ ਵੀ ਮੁੱਖ ਮਹਿਮਾਨ ਵਲੋਂ ਪੂਰੀ ਕਰਵਾਈ ਗਈ ਅਤੇ ਨਵੀਂ ਟੀਮ ਨੂੰ ਚਾਰਜ ਸੰਭਾਲਿਆ। ਲਾਇਨ ਜੀ.ਐਸ. ਭਾਟੀਆ ਐਮ.ਜੇ.ਐਫ. ਨੇ ਕਲੱਬ ਵਿਚ ਸ਼ਾਮਲ ਹੋਏ 14 ਨਵੇਂ ਮੈਂਬਰਾਂ ਨੂੰ ਪਿਨ ਲਗਾਈ। ਪਾਸਟ ਡਿਸਟ੍ਰਿਕਟ ਗਵਰਨਰ ਲਾਇਨ ਹਰੀਸ਼ ਬੰਗਾ ਐਮ.ਜੇ.ਐਫ. ਨੇ ਵੀ ਕਲੱਬ ਮੈਂਬਰਾਂ ਨੂੰ ਇੰਟਰਨੈਸ਼ਨਲ ਪਿਨ ਲਗਾ ਕੇ ਨਵੀਂ ਟੀਮ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ। ਇਸ ਮੌਕੇ ਡਿਸਟ੍ਰਿਕਟ (ਕਨਵੈਨਸ਼ਨ) ਚੇਅਰਮੈਨ ਲਾਇਨ ਕੇ.ਐਸ. ਸਿੱਧੂ ਅਤੇ ਪ੍ਰੋਜੈਕਟ ਡਾਇਰੈਕਟਰ ਲਾਇਨ ਆਰ.ਐਸ. ਪਨੇਸਰ ਤੋਂ ਇਲਾਵਾ ਲਾਇਨ ਬਲਵਿੰਦਰ ਸਿੰਘ ਸੱਗੂ, ਲਾਇਨ ਕੁਲਵਿੰਦਰ ਸਿੰਘ ਸੈਂਹਬੀ, ਲਾਇਨ ਮਨਜੀਤ ਸਿੰਘ ਮੱਕੜ, ਲਾਇਨ ਚਮਨ ਲਾਲ ਸ਼ਰਮਾ, ਲਾਇਨ ਮਨਪ੍ਰੀਤ ਸਿੰਘ ਭੰਮਰ

2-SEP-PAGE-9.qxd 9/1/2024 9:42 PM Page 1

ਮੀਂਹ ਹਨੇਰੀ ਨਾਲ ਗ਼ਰੀਬ ਪਰਵਾਰ ਦੇ ਕਮਰੇ ਦੀ ਛੱਤ ਡਿੱਗੀ

ਕਾਲਾ ਸੰਘਿਆਂ (ਮਨਜੀਤ ਮਾਨ) ਸਿਆਣੇ ਆਖਦੇ ਹੁੰਦੇ ਸੀ ਕਿ ਚਾਹੇ ਗਰਮੀ ਹੋਵੇ, ਸਰਦੀ ਹੋਵੇ ਜਾਂ ਬਰਸਾਤਾਂ ਹੋਣ ਗ਼ਰੀਬ ਬੰਦੇ ਲਈ ਕਿਸੇ ਆਫ਼ਤ ਤੋਂ ਘੱਟ ਨਹੀਂ ਹੁੰਦੇ ਭਾਵ ਗ਼ਰੀਬ ਮਜ਼ਦੂਰ ਲਈ ਹਰ ਰੁੱਤ ਦੀ ਕਰੋਪੀ ਨੁਕਸਾਨਦੇਹ ਹੁੰਦੀ ਤੇ ਬੀਤੇ ਦਿਨੀਂ ਪਏ ਭਾਰੀ ਮੀਂਹ ਨਾਲ਼ ਲੋਕਾਂ ਨੂੰ ਅੱਤ ਦੀ ਗਰਮੀ ਤੋਂ ਤਾਂ ਰਾਹਤ ਮਿਲੀ, ਪਰ ਇਸ ਮੀਂਹ ਨਾਲ਼ ਸਥਾਨਕ ਕਸਬੇ ਦੇ ਨਜ਼ਦੀਕੀ ਪਿੰਡ ਸੰਧੂ ਚੱਠਾ ਦੇ ਗ਼ਰੀਬ ਮਜ਼ਦੂਰ ਪਰਵਾਰ ਦੇ ਕਮਰੇ ਦੀ ਛੱਤ ਡਿੱਗਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਜਾਣਕਾਰੀ ਅਨੁਸਾਰ ਵੀਰਵਾਰ ਤੜਕਸਾਰ ਤੋਂ ਸ਼ੁਰੂ ਹੋਏ ਭਾਰੀ ਮੀਂਹ ਨਾਲ਼ ਸੰਧੂ ਚੱਠਾ ਵਾਸੀ ਅਮਰੀਕ ਸਿੰਘ ਪੁੱਤਰ ਸੋਹਣ ਸਿੰਘ ਦੀ ਪਤਨੀ ਮਮਤਾ ਨੇ ਦੱਸਿਆ ਕਿ ਮੈਂ ਤੇਜ਼ ਬਾਰਿਸ਼ ਕਾਰਨ ਆਪਣੇ ਬੇਟੇ ਅਤੇ ਬੇਟੀ ਨਾਲ਼ ਇਸੇ ਕਮਰੇ ਵਿੱਚ ਬੈਠੀ ਸੀ ਕਿ ਦੁਪਹਿਰ ਕਰੀਬ 3 ਵਜੇ ਅਚਾਨਕ ਕਮਰੇ ਵਿੱਚੋਂ ਇੱਟਾਂ ਡਿੱਗਣੀਆਂ ਸ਼ੁਰੂ ਹੋ ਗਈਆਂ ਅਤੇ ਇਕ ਪਾਸੇ ਤੋਂ ਛੱਤ ਦੇ ਗਾਡਰ ਤੇ ਟੀ ਆਰ ਵੀ ਡਿੱਗ ਗਏ।ਮਮਤਾ ਨੇ ਦੱਸਿਆ ਕਿ ਛੱਤ ਦੀਆਂ ਇੱਟਾਂ ਮੇਰੇ ਪੈਰਾਂ ਤੇ ਲੱਤਾਂ ਤੇ ਵੱਜੀਆਂ ਜਿਸ ਨਾਲ਼ ਮੇਰੇ ਮਾਮੂਲੀ ਸੱਟ ਲੱਗੀ ਪਰ ਮੇਰੇ ਬੱਚੇ ਵਾਲ ਵਾਲ ਬਚ ਗਏ। ਘਟਨਾ ਦੀ ਸੂਚਨਾ ਮਿਲ਼ਣ ਤੇ ਇਲਾਕੇ ਦੇ ਪਟਵਾਰੀ ਹਰਪ੍ਰੀਤ ਸਿੰਘ ਮੌਕੇ ਤੇ ਪੁੱਜੇ ਤੇ ਕਾਗ਼ਜ਼ੀ ਕਾਰਵਾਈ ਕਰਕੇ ਸ਼ੁਰੂ ਕੀਤੀ ਤਾਂ ਕਿ ਸਰਕਾਰ ਵੱਲੋਂ ਪਰਿਵਾਰ ਨੂੰ ਕੋਈ ਮੁਆਵਜ਼ਾ ਮਿਲ ਸਕੇ।ਮੌਕੇ 'ਤੇ ਆਏ ਪਿੰਡ ਦੇ ਮੈਂਬਰ ਪੰਚਾਇਤ ਡਾ. ਸਤਪਾਲ ਤੇ ਹੋਰ ਪਤਵੰਤਿਆਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪਿੰਡ ਵਿੱਚ ਕਰੀਬ 5-6 ਘਰ ਹੋਰ ਵੀ ਅਜਿਹੇ ਨੇ ਜਿਹੜੇ ਆਰਥਿਕ ਤੌਰ 'ਤੇ ਬਹੁਤ ਕਮਜ਼ੋਰ ਹਨ ਤੇ ਉਨ੍ਹਾਂ ਦੇ ਮਕਾਨਾਂ ਦੀ ਹਾਲਤ ਵੀ ਕਾਫੀ ਖ਼ਸਤਾ ਹੈ ਅਤੇ ਕਿਸੇ ਸਮੇਂ ਵੀ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ। ਲੋਕਾਂ ਨੇ ਸਰਕਾਰ ਤੇ ਪ੍ਰਸ਼ਾਸਨ ਤੋਂ ਇਸ ਪਰਿਵਾਰ ਸਮੇਤ ਹੋਰ ਖ਼ਸਤਾ ਹਾਲਤ ਵਾਲੇ ਘਰਾਂ ਲਈ ਮਾਲੀ ਸਹਾਇਤਾ ਦੀ ਅਪੀਲ ਕੀਤੀ।

ਨਕਸਲੀ ਘੋਲ ਦੇ 7 ਸ਼ਹੀਦਾਂ ਦੀ ਯਾਦ 'ਚ 9 ਨੂੰ ਕਾਨਫਰੰਸ

ਕਾਲਾ ਸੰਘਿਆਂ (ਮਨਜੀਤ ਮਾਨ) 1973 ਕਾਲਾ ਸੰਘਿਆਂ ਦੇ ਘੋਲ ਦੇ ਸ਼ਹੀਦਾਂ ਨੂੰ ਸਮਰਪਿਤ ਸਾਲਾਨਾ ਸ਼ਰਧਾਂਜਲੀ ਸਮਾਗਮ ਕਰਵਾਉਣ ਸੰਬੰਧੀ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ - ਲੈਨਿਨਵਾਦੀ) ਨਿਊ ਡੈਮੋਕਰੇਸੀ ਦੀ ਮੀਟਿੰਗ ਕਾਲਾ ਸੰਘਿਆਂ ਵਿਖੇ ਸੁਰਿੰਦਰ ਸਿੰਘ ਗ਼ਦਰੀ ਦੇ ਗ੍ਰਹਿ ਕਾਲਾ ਸੰਘਿਆਂ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਅਮਰਜੀਤ ਸਿੰਘ ਜਵਾਲਾਪੁਰ ਵੱਲੋਂ ਕੀਤੀ ਗਈ।ਇਸ ਉਪਰੰਤ ਪਾਰਟੀ ਦੇ ਆਗੂਆਂ ਅਮਰਜੀਤ ਸਿੰਘ ਜਵਾਲਾਪੁਰ ਤੇ ਸੁਰਿੰਦਰ ਸਿੰਘ ਗ਼ਦਰੀ ਬਾਬਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨਕਲਾਬੀ ਘੋਲਾਂ ਵਿੱਚ ਸ਼ਹੀਦ ਹੋਏ 7 ਸ਼ਹੀਦ ਸਾਥੀਆਂ ਤੇਜ਼ਾ ਸਿੰਘ ਕਾਲਾ ਸੰਘਿਆਂ, ਜੋਗਿੰਦਰ ਸਿੰਘ ਜਿੰਦ, ਸਵਰਨ ਸਿੰਘ ਢੱਡਾਂ, ਤਰਸੇਮ ਸਿੰਘ ਟੁੱਟ ਸ਼ੇਰ ਸਿੰਘ, ਗੁਰਦੀਪ ਸਿੰਘ ਦੀਪਾ ਗੋਬਿੰਦਪੁਰ, ਗੁਰਦਿਆਲ ਸਿੰਘ ਕਾਲਾ ਸੰਘਿਆਂ ਤੇ ਬਿਕਰਮਜੀਤ ਸਿੰਘ ਬਿੱਲੂ ਸਾਦਿਕਪੁਰ ਦੀ ਯਾਦ ਵਿੱਚ ਸਾਲਾਨਾ ਸ਼ਹੀਦੀ ਸਮਾਗਮ 9 ਸਤੰਬਰ ਨੂੰ ਕਾਲਾ ਸੰਘਿਆਂ ਵਿਖੇ ਪਾਰਟੀ ਵੱਲੋਂ ਹਮਖਿਆਲੀ ਜਥੇਬੰਦੀਆਂ ਦੇ ਸਹਿਯੋਗ ਨਾਲ ਮਨਾਈ ਜਾ ਰਹੀ ਹੈ, ਜਿਸ ਦੌਰਾਨ ਪਹਿਲਾਂ ਸ਼ਹੀਦੀ ਯਾਦਗਾਰ ਉੱਤੇ ਅਕੀਦਤ ਭੇਟ ਕੀਤੀ ਜਾਵੇਗੀ, ਉਪਰੰਤ ਵਿਸ਼ਾਲ ਸਿਆਸੀ ਕਾਨਫਰੰਸ ਦਾ ਆਯੋਜਨ ਕੀਤਾ ਜਾਵੇਗਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪਾਰਟੀ ਦੇ ਆਗੂ ਬਲਵਿੰਦਰ ਸਿੰਘ ਭੁੱਲਰ, ਤਰਸੇਮ ਸਿੰਘ ਬੰਨੋਮੱਲ, ਨਿਰਮਲ ਸਿੰਘ ਸ਼ੇਰਪੁਰ ਸੱਧਾ, ਸਾਬਕਾ ਸਰਪੰਚ ਕਾਮਰੇਡ ਲੁਭਾਇਆ ਸਿੰਘ ਕਾਲਾ ਸੰਘਿਆਂ, ਸੁਰਿੰਦਰ ਸਿੰਘ ਗ਼ਦਰੀ ਬਾਬਾ, ਕੁਲਵਿੰਦਰ ਸਿੰਘ, ਟਹਿਲ ਸਿੰਘ, ਕਸ਼ਮੀਰ ਸਿੰਘ ਆਦਿ ਹਾਜ਼ਰ ਸਨ।

ਵਿਦਿਆਰਥਣਾਂ ਨੇ ਜ਼ਿਲ੍ਹਾ ਪੱਧਰੀ ਖੇਡਾਂ 'ਚ ਮਾਰੀਆਂ ਮੱਲਾਂ

ਰਾਹੋਂ (ਕੁਲਵਿੰਦਰ ਸਿੰਘ ਰਾਹੋਂ) ਜਿਲ੍ਹਾ ਪੱਧਰੀ ਖੇਡਾਂ 'ਚ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ਼ ਰਾਹੋਂ ਦੀਆਂ ਵਿਦਿਆਰਥਣਾਂ ਨੇ ਵਧ ਚੜ੍ਹ ਕੇ ਭਾਗ ਲਿਆ।ਪ੍ਰਿੰਸੀਪਲ ਬਲਜਿੰਦਰ ਸਿੰਘ ਨੇ ਦੱਸਿਆ ਕਿ ਇਸ ਵਾਰ ਵਿਦਿਆਰਥਣਾਂ ਨੇ ਵੱਖ-ਵੱਖ ਵਰਗਾਂ ਦੀਆਂ ਟੀਮਾਂ ਵਿੱਚ ਭਾਗ ਲਿਆ।ਵੇਟ ਲਿਫਟਿੰਗ ਮੁਕਾਬਲੇ ਵਿੱਚ ਗੁਰਜੋਤ ਕੌਰ ਨੇ ਗੋਲਡ, ਹਰਸ਼ਪ੍ਰੀਤ ਕੌਰ ਨੇ ਗੋਲਡ, ਹਰਲੀਨ ਕੌਰ, ਮਹਿਕਪ੍ਰੀਤ ਕੌਰ ਅਤੇ ਪ੍ਰਭਲੀਨ ਕੌਰ ਨੇ ਸਿਲਵਰ ਮੈਡਲ ਹਾਸਲ ਕੀਤਾ ।ਕਿੱਕ ਬਾਕਸਿੰਗ ਮੁਕਾਬਲੇ ਰੀਨਾ ਨੇ ਗੋਲਡ, ਰੱਜੋ ਨੇ ਸਿਲਵਰ ਅਤੇ ਸਵਾਤੀ ਨੇ ਬ੍ਰੌਂਜ਼ ਮੈਡਲ ਹਾਸਲ ਕੀਤਾ।ਚੌਸ ਦੇ ਵਰਗ 14 ਵਿੱਚ ਅਤੇ ਵਰਗ 19 ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਟੇਬਲ ਟੈਨਿਸ ਦੇ ਵਰਗ 19 ਵਿੱਚ ਤਿੰਨ ਵਿਦਿਆਰਥਣਾਂ ਦੀ ਰਾਜ ਪੱਧਰੀ ਖੇਡਾਂ ਵਾਸਤੇ ਚੋਣ ਹੋਈ।ਫੁੱਟਬਾਲ ਦੇ ਵਰਗ 19 ਵਿੱਚ ਨਵਾਂਸ਼ਹਿਰ ਨੂੰ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ। ਹੈਂਡਵਾਲ ਦੇ ਵਰਗ 17 ਦੂਸਰਾ ਸਥਾਨ ਹਾਸਲ ਕੀਤਾ।ਖੋ-ਖੋ ਦੇ ਵਰਗ 17 ਦੀ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ।ਇਸ ਮੌਕੇ ਉਨ੍ਹਾਂ ਸਮੂਹ ਖੇਡ ਇੰਚਾਰਜ਼ ਸਹਿਬਾਨ ਨੂੰ ਵਧਾਈ ਦਿੱਤੀ ਅਤੇ ਅਗਲੀ ਤਿਆਰੀ ਲਈ ਮਿਹਨਤ ਕਰਨ ਲਈ ਕਿਹਾ।

ਇਸ ਮੌਕੇ ਦਵਿੰਦਰ ਕੌਰ, ਸਤਨਾਮ ਸਿੰਘ, ਰਾਜਨ ਰਾਣਾ, ਅਜੀਤ ਸਿੰਘ, ਸੁਖਮਿੰਦਰ ਕੌਰ, ਸਤਿੰਦਰ ਕੌਰ, ਗਗਨਦੀਪ, ਅਲਕਾ ਅਰੋੜਾ, ਸੋਨਾ ਸ਼ਰਮਾ, ਰਵਦੀਪ ਕੌਰ, ਸਤਿੰਦਰਪਾਲ ਕੌਰ, ਸੰਦੀਪ ਕੌਰ, ਨੀਲਮ ਰਾਣੀ, ਰਘਵਿੰਦਰ ਕੌਰ, ਕਮਲਦੀਪ, ਕਰਮਜੀਤ ਕੌਰ, ਬਲਵਿੰਦਰ ਕੌਰ, ਪ੍ਰੀਤੀ ਲਿਆਲ, ਜਸਵੀਰ ਰਾਜ, ਰੇਨੂੰ, ਨਿਧੀ ਉੱਮਟ, ਰਾਕੇਸ਼ ਰਾਣੀ, ਨਿਰਮਜੀਤ ਕੌਰ, ਮਨਦੀਪ ਕੌਰ, ਸੰਗੀਤਾ ਰਾਣੀ, ਰਮਨਦੀਪ ਸਿੰਘ, ਆਦਿ ਹਾਜ਼ਰ ਸਨ।

ਸੋਮ ਪ੍ਰਕਾਸ਼ ਨੇ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ ਦੇ ਉੱਚ ਅਧਿਕਾਰੀਆਂ ਨਾਲ ਕੀਤੀ ਮੀਟਿੰਗ

ਫਗਵਾੜਾ (ਡਾ. ਰਮਨ)- ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ ਦੇ ਉੱਚ ਅਧਿਕਾਰੀਆਂ ਨਾਲ ਫਗਵਾੜਾ ਸ਼ਹਿਰ ਵਿੱਚ ਨੈਸ਼ਨਲ ਹਾਈਵੇ ਦੇ ਨਾਲ ਸਬੰਧਤ ਸਮੱਸਿਆਵਾਂ ਬਾਰੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਅਤੇ ਉੱਚ ਅਧਿਕਾਰੀਆਂ ਨਾਲ ਮਿਲ ਕੇ ਸ਼ਹਿਰ ਦਾ ਦੌਰਾ ਕੀਤਾ ਜਿਸ ਵਿਚ ਉਹਨਾਂ ਵਲੋਂ ਚਾਚੋਕੀ ਫਗਵਾੜਾ ਫਲਾਈ ਓਵਰ ਦੇ ਨੀਚੇ ਇਕੱਠੇ ਹੋਣ ਵਾਲੇ ਬਰਸਾਤੀ ਪਾਣੀ ਦੇ ਅਤੇ ਹਰਗੋਬਿੰਦ ਨਗਰ ਫਲਾਈ ਓਵਰ ਦੇ ਨੀਚੇ ਇਕੱਠੇ ਹੋਣ ਵਾਲੇ ਪਾਣੀ ਦੀ ਸਮੱਸਿਆ ਬਾਰੇ ਜਾਣੂ ਕਰਵਾਇਆ ਉਹਨਾਂ ਵੱਲੋਂ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ ਦੇ ਉੱਚ ਅਧਿਕਾਰੀਆਂ ਨੂੰ ਜਲਦ ਤੋਂ ਜਲਦ ਇਹਨਾਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਕਿਹਾ ਇਸ ਤੋਂ ਇਲਾਵਾ ਸੋਮ ਪ੍ਰਕਾਸ਼ ਨੇ ਉੱਚ ਅਧਿਕਾਰੀਆਂ ਨੂੰ ਇਹ ਵੀ ਜਾਣੂ ਕਰਵਾਇਆ ਕਿ ਹਦੀਆਬਾਦ ਸਾਈਡ ਤੋਂ ਫਗਵਾੜਾ ਅਤੇ ਫਗਵਾੜਾ ਹੁਸ਼ਿਆਰਪੁਰ ਰੋਡ ਸਾਈਡ ਤੋਂ ਹਦੀਆਬਾਦ ਜਾਣ ਵਾਲੇ ਲੋਕਾਂ ਨੂੰ ਕਾਫੀ ਘੁੰਮ ਕੇ ਜਾਣਾ ਪੈਂਦਾ ਹੈ ਉਹਨਾਂ ਵਲੋਂ ਨੈਸ਼ਨਲ ਹਾਈਵੇ ਨੂੰ ਇਸ ਸਮੱਸਿਆ ਨੂੰ ਵੀ ਜਲਦ ਤੋਂ ਜਲਦ ਹੱਲ ਕਰਨ ਲਈ ਵੀ ਕਿਹਾ ਗਿਆ। ਇਸ ਮੌਕੇ ਉਨ੍ਹਾਂ ਨਾਲ ਅਵਤਾਰ ਸਿੰਘ ਮੰਡ, ਪਰਮਜੀਤ ਸਿੰਘ ਪੰਮਾ ਚਾਚੋਕੀ ਤੇ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ ਦੇ ਉੱਚ ਅਧਿਕਾਰੀਆਂ ਦੀ ਟੀਮ ਵੀ ਹਾਜ਼ਰ ਸੀ।

ਵਿਸ਼ੇਸ਼ ਮੁੱਖ ਸਕੱਤਰ ਵੱਲੋਂ ਕੇਂਦਰੀ ਮੰਤਰੀ ਜੇ ਪੀ ਨੱਢਾ ਨਾਲ ਮੁਲਾਕਾਤ

ਚੰਡੀਗੜ੍ਹ, (ਕ੍ਰਿਸ਼ਨ ਗਰਗ)—ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਅਨੁਸਾਰ ਆਗਾਮੀ ਹਾੜ੍ਹੀ ਸੀਜ਼ਨ ਲਈ ਪੰਜਾਬ ਦੇ ਕਿਸਾਨਾਂ ਨੂੰ ਖਾਦਾਂ ਦੀ ਲੋੜੀਂਦੀ ਸਪਲਾਈ ਯਕੀਨੀ ਬਣਾਉਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਿਸ਼ੇਸ਼ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਨਵੀਂ ਦਿੱਲੀ ਵਿਖੇ ਕੇਂਦਰੀ ਰਸਾਇਣ ਅਤੇ ਖਾਦ ਮੰਤਰੀ ਜੇਪੀ ਨੱਢਾ ਨਾਲ ਮੁਲਾਕਾਤ ਕੀਤੀ।ਮੁਲਾਕਾਤ ਦੌਰਾਨ, ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਅਤੇ ਪੰਜਾਬ ਮਾਰਕਫੈੱਡ ਦੇ ਸੀਨੀਅਰ ਅਧਿਕਾਰੀਆਂ ਨਾਲ ਕੇ.ਏ.ਪੀ. ਸਿਨਹਾ ਨੇ ਹਾੜ੍ਹੀ ਸੀਜ਼ਨ 2024-25 ਲਈ ਸੂਬੇ ਦੀਆਂ ਖਾਦ ਸਬੰਧੀ ਜ਼ਰੂਰਤਾਂ 'ਤੇ ਚਾਨਣਾ ਪਾਇਆ। ਜ਼ਿਕਰਯੋਗ ਹੈ ਕਿ ਪੰਜਾਬ ਵਿੱਚ ਲਗਭਗ 35 ਲੱਖ ਹੈਕਟੇਅਰ ਰਕਬੇ 'ਤੇ ਕਣਕ ਦੀ ਬਿਜਾਈ ਕੀਤੀ ਜਾਣੀ ਹੈ, ਜਿਸ ਲਈ ਲਗਭਗ 5.50 ਲੱਖ ਮੀਟ੍ਰਿਕ ਟਨ ਡਾਇਮੋਨੀਅਮ ਫਾਸਫੇਟ (ਡੀ.ਏ.ਪੀ.) ਖਾਦ ਦੀ ਲੋੜ ਹੈ। ਸਿਨਹਾ ਨੇ ਦੱਸਿਆ ਕਿ ਨੱਢਾ ਨੇ ਭਰੋਸਾ ਦਿੱਤਾ ਹੈ ਕਿ ਡੀ.ਏ.ਪੀ. ਖਾਦ ਅਤੇ ਹੋਰ ਫਾਸਫੇਟਿਕ ਖਾਦਾਂ ਦੀ ਸਪਲਾਈ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਮੰਗ ਅਨੁਸਾਰ ਅਗਲੇ ਦੋ ਮਹੀਨਿਆਂ ਵਿੱਚ ਪੰਜਾਬ ਨੂੰ ਲੋੜੀਂਦੀ ਮਾਤਰਾ ਵਿੱਚ ਖਾਦ ਦੀ ਸਪਲਾਈ ਕਰ ਦਿੱਤੀ ਜਾਵੇਗੀ।ਇਸ ਦੌਰਾਨ ਸ੍ਰੀ ਕੇ.ਏ.ਪੀ. ਸਿਨਹਾ ਨੇ ਪੰਜਾਬ ਵਿੱਚ ਖਾਦਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਕੇਂਦਰੀ ਰਸਾਇਣ ਅਤੇ ਖਾਦ ਮੰਤਰਾਲੇ ਦੇ ਸਕੱਤਰ ਰਜਤ ਕੁਮਾਰ ਮਿਸ਼ਰਾ ਨਾਲ ਵੀ ਮੀਟਿੰਗ ਕੀਤੀ।

68ਵੀਆਂ ਦੋ ਰੋਜ਼ਾ ਜ਼ਿਲ੍ਹਾ ਪੱਧਰੀ ਕੁਸ਼ਤੀਆਂ ਦੀ ਸ਼ੁਰੂਆਤ

ਫਗਵਾੜਾ (ਡਾ. ਰਮਨ) ਸਿੱਖਿਆ ਵਿਭਾਗ ਪੰਜਾਬ ਵੱਲੋਂ ਰਾਏਪੁਰ ਡੱਬਾ ਉਲੰਪਿਕ ਰੈਸਲਿੰਗ ਅਕੈਡਮੀ ਪਰਮ ਨਗਰ ਖੋਥੜਾ ਰੋਡ ਫਗਵਾੜਾ ਵਿਖੇ ਅਕੈਡਮੀ ਦੇ ਸੰਚਾਲਕ ਪੀ ਆਰ ਸੌਂਧੀ ਸਾਬਕਾ ਇੰਟਰਨੈਸ਼ਨਲ ਕੁਸ਼ਤੀ ਕੋਚ ਅਤੇ ਰਾਮ ਗੋਪਾਲ ਕੋ ਕਨਵੀਨਰ ਦੀ ਅਗਵਾਈ ਹੇਠ ਕਰਵਾਈਆਂ ਜਾ ਰਹੀਆਂ 68ਵੀਆਂ ਲੜਕੇ ਤੇ ਲੜਕੀਆਂ ਦੀਆਂ ਦੋ ਰੋਜਾ ਜਿਲ੍ਹਾ ਪੱਧਰੀ ਅੰਡਰ 14,17,19 ਕੁਸ਼ਤੀਆਂ ਗਰੀਕੋ ਰੋਮਨ ਅਤੇ ਫਰੀ ਸਟਾਇਲ ਮੁਕਾਬਲਿਆਂ ਦਾ ਉਦਘਾਟਨ ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਵਲੋਂ ਕੀਤਾ ਗਿਆ।ਜਿਲ੍ਹਾ ਪੱਧਰ ਦੇ ਜੇਤੂ ਪਹਿਲਵਾਨ ਰਾਜ ਪੱਧਰੀ ਮੁਕਾਬਲਿਆਂ ਲਈ ਕੁਆਲੀਫਾਈ ਕਰਨਗੇ।ਇਸ ਮੌਕੇ ਰਵਿੰਦਰ ਨਾਥ ਕੁਸ਼ਤੀ ਕੋਚ ਫਗਵਾੜਾ, ਪ੍ਰੋਮ ਰਾਏ ਡੀ.ਪੀ.ਈ., ਗੁਰਪਾਲ ਸਿੰਘ ਡੀ.ਪੀ.ਈ., ਰਣਜੀਤ ਸਿੰਘ ਡੀ.ਪੀ.ਈ., ਪੰਜਾਬ ਕੇਸਰੀ ਪਹਿਲਵਾਨ ਅਮਰੀਕ ਸਿੰਘ ਮੇਹਲੀ, ਵਿਸ਼ਾਲ ਨੰਨਾ ਢੱਡਵਾਲ, ਸੱਬਾ ਸੰਘਾ ਤੋਂ ਇਲਾਵਾ ਵੱਖ-ਵੱਖ ਸਕੂਲਾਂ ਤੋਂ ਆਏ ਅਧਿਆਪਕ ਇੰਚਾਰਜ ਸਾਹਿਬਾਨ ਆਦਿ ਹਾਜ਼ਰ ਸਨ ।

ਹੈਰੋਇਨ ਸਮੇਤ ਗ੍ਰਿਫ਼ਤਾਰ

ਨਵਾਂਸ਼ਹਿਰ (ਮਨੋਜ ਲਾਡੀ) ਥਾਣਾ ਸਦਰ ਨਵਾਂਸ਼ਹਿਰ ਦੀ ਪੁਲਸ ਵੱਲੋਂ ਇਕ ਵਿਅਕਤੀ ਨੂੰ 5 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ।ਜਿਸ ਵਿੱਚ ਜਾਂਚ ਅਧਿਕਾਰੀ ਐੱਸ ਆਈ ਬਲਵੀਰ ਰਾਮ ਨੇ ਦੱਸਿਆ ਕਿ ਕਾਬੂ ਕੀਤੇ ਵਿਅਕਤੀ ਦੀ ਪਛਾਣ ਗਗੀਸ਼ ਵਾਸੀ ਦੌਸੋਲਾ ਥਾਣਾ ਅਲਮੋਰਾ ਜਿਲ੍ਹਾ ਅਲਮੌਰਾ ਉੱਤਰਾਖੰਡ ਹਾਲ ਵਾਸੀ ਬਲਾਚੌਰ ਵਜੋਂ ਹੋਈ ਹੈ।ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਂ ਖਿਲਾਫ ਸਬੰਧਤ ਥਾਣਿਆ ਵਿੱਚ ਐੱਨ. ਡੀ. ਪੀ. ਐੱਸ ਤਹਿਤ ਮਾਮਲਾ ਦਰਜ ਕਰ ਕੇ ਅਗਲੇਰੀ ਕਰਵਾਈ ਸ਼ੁਰੂ ਕਾਰ ਦਿੱਤੀ ਗਈ ਹੈ।

ਜੋਤਦੀਪ ਸਿੰਘ ਰਠੋਰ ਬਣੇ ਜ਼ਿਲ੍ਹਾ ਪ੍ਰੈੱਸ ਸਕੱਤਰ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਵੱਲੋਂ ਇੰਜੀਨੀਅਰ ਜੋਤਦੀਪ ਸਿੰਘ ਰਠੋਰ ਨੂੰ ਪਾਰਟੀ ਦਾ ਜਿਲ੍ਹਾ ਨਵਾਂਸ਼ਹਿਰ ਲਈ ਪ੍ਰੈਸ ਸਕੱਤਰ ਨਿਯੁਕਤ ਕੀਤਾ ਹੈ।ਇਸ ਮੌਕੇ ਰਠੋਰ ਨੇ ਕਿਹਾ ਕਿ ਉਹ ਆਪਣੇ ਅਹੁਦੇ 'ਤੇ ਪੂਰੀ ਸਮਝਦਾਰੀ ਨਾਲ ਸਮਾਜ ਸੇਵਾ ਭਾਵਨਾ ਅਤੇ ਨਿਸ਼ਕਾਮ ਸੇਵਾ ਭਾਵਨਾ ਨਾਲ ਕੰਮ ਕਰਨਗੇ।ਇਸ ਨਿਯੁਕਤੀ ਤੇ ਸਤਿੰਦਰ ਸਿੰਘ ਖਾਲਸਾ ਜ਼ਿਲ੍ਹਾ ਜਨਰਲ ਸਕੱਤਰ ਨਵਾਂਸ਼ਹਿਰ ਨੇ ਪਾਰਟੀ ਪ੍ਰਧਾਨ, ਸਿਮਰਨਜੀਤ ਸਿੰਘ ਮਾਨ, ਕੁਸ਼ਲ ਪਾਲ ਸਿੰਘ, ਜਸਵੀਰ ਸਿੰਘ ਖਾਲਸਾ ਦਾ ਧੰਨਵਾਦ ਕੀਤਾ।

ਖਰੜ ਤੋਂ ਮੋਰਿੰਡਾ ਮਾਰਗ ਦਾ ਨਾਂਅ ਸ਼ਹੀਦ ਕਾਂਸ਼ੀ ਰਾਮ ਮੜੌਲੀ ਮਾਰਗ ਰੱਖਿਆ ਜਾਵੇ

ਖਰੜ (ਹਰਨਾਮ ਸਿੰਘ ਡੱਲਾ) ਗ਼ਦਰੀ ਬਾਬੇ ਵਿਚਾਰਧਾਰਕ ਮੰਚ ਪੰਜਾਬ ਦੀ ਵਿਸ਼ੇਸ਼ ਇਕੱਤਰਤਾ ਨਗਰ ਕੌਂਸਲ ਪਾਰਕ ਖਰੜ ਵਿਖੇ ਹਰਨਾਮ ਸਿੰਘ ਡੱਲਾ ਦੀ ਪ੍ਰਧਾਨਗੀ ਹੇਠ ਹੋਈ।ਜਿਸ ਵਿੱਚ ਸਰਬ ਸੰਤਵੀਰ, ਸੁਖਵਿੰਦਰ ਸਿੰਘ ਦੁਮਣਾ, ਪ੍ਰਕਾਸ਼ ਸਿੰਘ ਰੰਗੀ, ਭੁਪਿੰਦਰ ਮਦਨਹੇੜੀ, ਸੁਰਿੰਦਰ ਸਿੰਘ ਬਡਾਲਾ, ਸੇਵਾ ਸਿੰਘ ਭਾਗੋਮਾਜਰਾ, ਯੋਗ ਰਾਜ, ਬਲਵਿੰਦਰ ਸਿੰਘ ਕੁਰਾਲੀ, ਦਿਨੇਸ਼ ਪ੍ਰਸਾਦ, ਡਾਕਟਰ ਜਰਨੈਲ

2-SEP-PAGE-10.qxd 9/1/2024 9:33 PM Page 1

ਜੈਦ ਪੱਤੀ ਦੀਆਂ ਗਲੀਆਂ 'ਚ ਖੜ੍ਹੇ ਗੰਦੇ ਪਾਣੀ ਕਾਰਨ ਲੋਕ ਪ੍ਰੇਸ਼ਾਨ

■ ਸੀਵਰੇਜ ਵਿਭਾਗ ਤੇ ਨਗਰ ਕੌਂਸਲ ਗੂੜ੍ਹੀ ਨੀਂਦੇ ਸੁੱਤੇ

ਲੌਂਗੋਵਾਲ (ਕੁਲਦੀਪ ਅੱਤਰੀ/ਪ੍ਰਦੀਪ ਸਿੰਘ ਸੱਪਲ)-ਸਥਾਨਕ ਜੈਦ ਪੱਤੀ ਵਿੱਚ ਕਾਫੀ ਸਮੇਂ ਤੋਂ ਸੀਵਰੇਜ ਵਿਭਾਗ ਦੀ ਕਾਰਗੁਜ਼ਾਰੀ ਦਾ ਮਾੜਾ ਹਾਲ ਹੈ।ਇੱਕ ਪ੍ਰੈੱਸ ਬਿਆਨ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਹਰਜੀਤ ਸਿੰਘ ਗਿੱਲ ਸਾਬਕਾ ਕੌਂਸਲਰ, ਕਿਸਾਨ ਯੂਨੀਅਨ ਆਗੂ ਰਾਜਿੰਦਰ ਸਿੰਘ ਰਾਜਾ, ਦਰਸ਼ਨ ਸਿੰਘ ਪੀ.ਏ., ਸ਼ਹੀਦ ਕਰਤਾਰ ਸਿੰਘ ਸਰਾਭਾ ਕਲੱਬ ਦੇ ਪ੍ਰਧਾਨ ਬਲਵਿੰਦਰ ਸਿੰਘ, ਸੁਖਵਿੰਦਰ ਸਿੰਘ ਦੁੱਲਟ, ਹਰਦੀਪ ਸਿੰਘ ਖਹਿਰਾ ਨੇ ਕਿਹਾ ਕਿ ਸਮੁੱਚਾ ਸ਼ਹਿਰ ਗੰਦੇ ਪਾਣੀ ਦੀ ਮਾਰ ਹੇਠ ਹੋਣ ਕਰਕੇ ਲੌਂਗੋਵਾਲ ਦੀਆਂ ਗਲੀਆਂ ਵਿੱਚ ਖੜਾ ਰਹਿੰਦਾ ਹੈ, ਪਰ ਇਹ ਗੰਦਾ ਪਾਣੀ ਭਿਆਨਕ ਬੀਮਾਰੀਆਂ ਨੂੰ ਸੱਦਾ ਦੇ ਰਿਹਾ ਹੈ ਅਤੇ ਪੀਣ ਵਾਲਾ ਪਾਣੀ ਵੀ ਗੰਦਾ ਮਿਲ ਰਿਹਾ ਹੈ।

ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਗੁਰਤੇਗ ਸਿੰਘ ਲੌਂਗੋਵਾਲ, ਕੌਂਸਲਰ ਗੁਰਮੀਤ ਸਿੰਘ ਲੱਲੀ ਤੇ ਹੋਰ ਮੋਹਤਬਰਾਂ ਦਾ ਕਹਿਣਾ ਹੈ ਕਿ ਸੀਵਰੇਜ ਬੋਰਡ ਦੇ ਐੱਸ.ਡੀ.ਓ. ਤੇ ਜੇ. ਈ. ਨੇ ਲੌਂਗੋਵਾਲ ਵਿੱਚ ਅਜੇ ਤੱਕ ਆ ਕੇ ਪਬਲਿਕ ਨੂੰ ਆਪਣੀ ਸ਼ਕਲ ਵੀ ਨਹੀਂ ਦਿਖਾਈ।

ਇਸ ਤੋਂ ਇਲਾਵਾ ਪੱਤੀ ਜੈਦ ਦੇ ਲੋਕਾਂ ਨੇ ਕਿਹਾ ਕਿ ਕਈ ਦਿਨਾਂ ਤੋਂ ਪਾਣੀ ਖੜ੍ਹਾ ਹੋਣ ਕਰਕੇ ਬੱਚਿਆਂ ਨੂੰ ਸਕੂਲ ਜਾਣ ਲਈ ਇਸ ਗੰਦੇ ਪਾਣੀ ਵਿੱਚੋਂ ਦੀ ਲੰਘਣਾ ਪੈਂਦਾ ਹੈ ਅਤੇ ਗਲੀਆਂ ਵਿੱਚ ਪਾਣੀ ਕਰਕੇ ਇਸ ਮੁਹੱਲੇ ਵਿੱਚ ਮੱਛਰ ਫੈਲ ਚੁੱਕਾ ਹੈ ਅਤੇ ਘਰ-ਘਰ ਹਰੇਕ ਵਿਅਕਤੀ ਨੂੰ ਬੁਖਾਰ ਵੀ ਹੋ ਚੁੱਕਾ ਹੈ।ਮਾਸਟਰ ਜੁਝਾਰ ਸਿੰਘ ਨੇ ਕਿਹਾ ਕਿ ਉਹ ਪਿਛਲੇ 15-20 ਦਿਨਾਂ ਤੋਂ ਗੰਦਾ ਪਾਣੀ ਪੀਣ ਲਈ ਮਜਬੂਰ ਹਨ।ਮੁਹੱਲਾ ਨਿਵਾਸੀਆਂ ਦਾ ਕਹਿਣਾ ਹੈ ਕਿ ਉਹ ਕਈ ਵਾਰ ਸੀਵਰੇਜ ਬੋਰਡ ਤੇ ਨਗਰ ਕੌਂਸਲ ਅਧਿਕਾਰੀਆਂ ਨੂੰ ਇਸ ਗੰਦੇ ਪਾਣੀ ਦਾ ਹੱਲ ਕਰਨ ਲਈ ਮਿਲ ਚੁੱਕੇ ਹਨ ਪਰ ਅਜੇ ਤੱਕ ਕੋਈ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ।ਮੁਹੱਲਾ ਨਿਵਾਸੀਆਂ ਨੇ ਕਿਹਾ ਕਿ ਅਜੇ ਤੱਕ ਸੀਵਰੇਜ ਵਿਭਾਗ ਤੇ ਨਗਰ ਕੌਂਸਲ ਦੇ ਅਧਿਕਾਰੀਆਂ ਨੇ ਮੁਹੱਲੇ ਦੀ ਸਾਰ ਵੀ ਨਹੀਂ ਲਈ।ਜੇਕਰ ਅਧਿਕਾਰੀਆਂ ਵੱਲੋਂ ਗੰਦੇ ਪਾਣੀ ਦੀ ਨਿਕਾਸੀ ਦਾ ਪੱਕਾ ਹੱਲ ਨਾ ਕੀਤਾ ਗਿਆ ਤਾਂ ਉਹ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।

ਕੁਲਦੀਪ ਸਿੰਘ ਜੋਗਾ ਨੇ ਪਰਵਾਰ ਸਮੇਤ ਸੀ ਪੀ ਆਈ ਦਾ ਫੜਿਆ ਪੱਲਾ

ਮਾਨਸਾ/ਜੋਗਾ (ਆਤਮਾ ਸਿੰਘ ਪਮਾਰ)-ਪੂਰੇ ਸੂਬੇ 'ਚ ਚਰਚਿਤ ਤੇ ਕਾਮਰੇਡ ਜੰਗੀਰ ਸਿੰਘ ਜੋਗਾ ਦੇ ਪਿੰਡ ਜੋਗਾ 'ਚ ਸੀ ਪੀ ਆਈ ਵੱਲੋਂ ਲੰਮੇ ਸਮੇਂ ਤੋਂ ਆਪਣੇ ਚੰਗੇ ਕਾਰਜਾਂ ਤੇ ਪਾਰਟੀ ਨੀਤੀਆਂ ਨੂੰ ਲਾਗੂ ਕਰਨ ਵਿਚ ਦ੍ਰਿੜ੍ਹਤਾ ਨਾਲ ਕੰਮ ਕੀਤਾ ਜਾ ਰਿਹਾ ਹੈ।ਬੇਸ਼ੱਕ ਚੰਗਾ ਕੰਮ ਕਰਨ ਤੇ ਪਾਰਟੀ ਪ੍ਰਤੀ ਕੁਝ ਲੋਕਾਂ ਵੱਲੋਂ ਹਰ ਤਰ੍ਹਾਂ ਦੇ ਹੱਥਕੰਡੇ ਅਪਣਾ ਕੇ ਪਾਰਟੀ ਨੂੰ ਤੋੜਨ ਦੀਆਂ ਕੋਸ਼ਿਸ਼ਾਂ ਜਾਰੀ ਹਨ, ਪ੍ਰੰਤੂ ਪਾਰਟੀ ਨੀਤੀ ਅਨੁਸਾਰ ਲੀਡਰਸ਼ਿਪ ਵਲੋਂ ਦੂਸਰੀ ਵਾਰ ਨਗਰ ਪੰਚਾਇਤ ਲਈ ਪੂਰੀ ਤਰ੍ਹਾਂ ਸਹਿਮਤ ਹੋ ਕੇ ਸੇਵਾ ਕਰਨ ਦਾ ਮਾਣ ਬਖਸ਼ਿਆ ਹੈ।ਕੁਲਦੀਪ ਸਿੰਘ ਪੁੱਤਰ ਭੋਲਾ ਸਿੰਘ ਜੋਗਾ ਨੇ ਪਾਰਟੀ ਨੀਤੀਆਂ ਤੇ ਸਿਧਾਂਤਾਂ ਨੂੰ ਅਪਣਾਉਂਦਿਆਂ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਪੂਰੇ ਪਰਵਾਰ ਸਮੇਤ ਸੀ ਪੀ ਆਈ ਦਾ ਪੱਲਾ ਫੜ ਲਿਆ ਹੈ।ਇਸ ਮੌਕੇ ਹਾਜ਼ਰ ਜ਼ਿਲ੍ਹਾ ਲੀਡਰਸ਼ਿਪ ਕ੍ਰਿਸ਼ਨ ਸਿੰਘ ਚੌਹਾਨ, ਏਟਕ ਆਗੂ ਐਡਵੋਕੇਟ ਕੁਲਵਿੰਦਰ ਉੱਡਤ ਤੇ ਸੀ ਪੀ ਆਈ ਦੇ ਸੀਨੀਅਰ ਆਗੂ ਤੇ ਨਗਰ ਪੰਚਾਇਤ ਜੋਗਾ ਦੇ ਪ੍ਰਧਾਨ ਗੁਰਮੀਤ ਸਿੰਘ ਜੋਗਾ ਨੇ ਕੁਲਦੀਪ ਸਿੰਘ ਦਾ ਪਾਰਟੀ 'ਚ ਸ਼ਾਮਲ ਹੋਣ ਲਈ ਸਵਾਗਤ ਕੀਤਾ ਅਤੇ ਪਾਰਟੀ ਵੱਲੋਂ ਹਰ ਤਰ੍ਹਾਂ ਮਾਣ ਸਨਮਾਨ ਦੇਣ ਦਾ ਵਿਸ਼ਵਾਸ ਵੀ ਦਿਵਾਇਆ।

ਆਗੂਆਂ ਨੇ ਅਜੋਕੇ ਦੌਰ ਵਿੱਚ ਖੱਬੇ ਪੱਖੀ ਵਿਚਾਰਧਾਰਾ ਨੂੰ ਮਜ਼ਬੂਤ ਕਰਨ ਦੀ ਲੋੜ ਦੱਸਿਆ ਤਾਂ ਜੋ ਇਸ ਦੌਰ ਦੌਰਾਨ ਫਾਸ਼ੀਵਾਦੀ ਉਭਾਰ ਨੂੰ ਰੋਕਣ ਤੇ ਭਾਈਚਾਰਕ ਸਾਂਝ ਮਜ਼ਬੂਤ ਕੀਤਾ ਜਾ ਸਕੇ।ਇਸ ਸਮੇਂ ਸੁਖਰਾਜ ਸਿੰਘ ਜੋਗਾ ਸਕੱਤਰ ਜੋਗਾ ਕੌਂਸਲਰ ਤੇ ਪਾਰਟੀ ਵਰਕਰ ਵੀ ਸ਼ਾਮਲ ਸਨ।

ਪਿਓ-ਪੁੱਤ ਦੀ ਕੁੱਟਮਾਰ ਦੇ ਮਾਮਲੇ 'ਚ ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪਿੰਡ ਭਰਪੂਰਗੜ੍ਹ ਵਿਖੇ ਬਿਜਲੀ ਦੀ ਕੁੰਡੀ ਲਗਾਉਣ ਤੋਂ ਰੋਕਣ 'ਤੇ ਪਿਓ-ਪੁੱਤ ਦੀ ਕੀਤੀ ਗਈ ਕੁੱਟਮਾਰ ਦੇ ਕਥਿਤ ਮਾਮਲੇ 'ਚ ਅਮਲੋਹ ਪੁਲਸ ਵੱਲੋਂ ਚਾਰ ਵਿਅਕਤੀਆਂ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਜਸ਼ਨਪ੍ਰੀਤ ਸਿੰਘ ਵਾਸੀ ਪਿੰਡ ਭਰਪੂਰਗੜ੍ਹ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੋਸ਼ ਲਗਾਏ ਕਿ ਗੁਰਤੇਗ ਸਿੰਘ ਦਾ ਉਨ੍ਹਾਂ ਦੇ ਪਿੰਡ ਵਿੱਚ ਲੱਕੜ ਦਾ ਆਰਾ ਹੈ, ਜਿਸ ਨੂੰ ਉਨ੍ਹਾਂ ਨੇ ਬਿਜਲੀ ਦੀ ਕੁੰਡੀ ਲਗਾਉਣ ਤੋਂ ਰੋਕਿਆ ਸੀ, ਜਿਸ ਦੀ ਰੰਜਿਸ਼ ਵਜੋਂ ਗੁਰਤੇਗ ਸਿੰਘ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਸ਼ਿਕਾਇਤਕਰਤਾ ਤੇ ਉਸ ਦੇ ਪਿਤਾ ਦੀ ਕਿਰਪਾਨਾਂ ਤੇ ਡੰਡਿਆਂ ਨਾਲ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ।

ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਗੁਰਤੇਗ ਸਿੰਘ, ਹਰਵੀਰ ਸਿੰਘ, ਤੇਲੂ ਰਾਮ ਤੇ ਸਨੀ ਵਾਸੀਆਨ ਪਿੰਡ ਭਰਪੂਰਗੜ੍ਹ ਵਿਰੁੱਧ ਥਾਣਾ ਅਮਲੋਹ ਵਿਖੇ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

ਗੋਵਾਲ 'ਚ ਚੋਰੀਆਂ ਤੋਂ ਅੱਕੇ ਲੋਕਾਂ ਨੇ ਰਾਤ ਨੂੰ ਲਾਇਆ ਧਰਨਾ

ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲੇ)-ਕਸਬੇ ਵਿਚ ਵਾਪਰ ਰਹੀਆਂ ਚੋਰੀ ਅਤੇ ਲੁੱਟ ਖੋਹ ਦੀਆਂ ਘਟਨਾਵਾਂ ਨੇ ਜਿਥੇ ਕਸਬੇ ਦੇ ਲੋਕਾਂ ਦੀ ਨੀਂਦ ਹਰਾਮ ਕਰਕੇ ਰੱਖ ਦਿੱਤੀ ਹੈ, ਉਥੇ ਇਹ ਮਾਮਲੇ ਦਿਨੋ ਦਿਨ ਗੰਭੀਰ ਹੁੰਦੇ ਜਾ ਰਹੇ ਹਨ। ਤਾਜ਼ਾ ਘਟਨਾ ਉਸ ਵੇਲੇ ਵਾਪਰੀ ਜਦੋਂ ਸੁਨਾਮੀ ਪੱਤੀ ਦੇ ਰਹਿਣ ਵਾਲੇ ਗੁਰਚਰਨ ਸਿੰਘ ਚਰਨਾ ਦੇ ਘਰੋਂ ਔਰਤ ਨੂੰ ਧਮਕਾ ਕੇ ਅਣਪਛਾਤੇ ਸੋਨਾ ਲੁੱਟ ਕੇ ਲੈ ਗਏ।ਜਦ ਕਈ ਘੰਟੇ ਪੁਲਸ ਨਾ ਪੁੱਜੀ ਅੱਕੇ ਲੋਕਾਂ ਨੇ ਰਾਤ ਨੂੰ ਹੀ ਡਰੇਨ ਦਾ ਪੁਲ ਜਾਮ ਕਰ ਦਿੱਤਾ ਅਤੇ ਸਰਕਾਰ ਤੇ ਪੁਲਸ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਜਨਤਕ ਆਗੂ ਜੁਝਾਰ ਲੌਂਗੋਵਾਲ, ਕਮਲਜੀਤ ਸਿੰਘ ਵਿੱਕੀ, ਪ੍ਰਿਥੀ ਸਿੰਘ, ਕੌਂਸਲਰ ਬਲਵਿੰਦਰ ਸਿੰਘ ਕਾਲਾ ਅਤੇ ਸਤਿਗੁਰ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਦੇ ਰਾਜ ਵਿਚ ਅਪਰਾਧਕ ਘਟਨਾਵਾਂ ਦਾ ਦਿਨੋ ਦਿਨ ਪਸਾਰਾ ਹੋ ਰਿਹਾ ਹੈ ਅਤੇ ਪੁਲਸ ਹਰ ਵਾਰ ਚੋਰਾਂ ਨੂੰ ਕਾਬੂ ਕਰਨ ਵਿਚ ਅਸਫਲ ਰਹੀ ਹੈ।ਬੁਲਾਰਿਆਂ ਨੇ ਕਿਹਾ ਕਿ ਹਾਲਾਤ ਇਥੋਂ ਤੱਕ ਖਰਾਬ ਹੋ ਚੁੱਕੇ ਹਨ ਕਿ ਹੁਣ ਸਰਕਾਰ ਦੇ ਸਹਾਰੇ ਰਹਿਣ ਦਾ ਸਮਾਂ ਨਹੀਂ ਹੈ, ਲੋਕਾਂ ਨੂੰ ਆਪਣੀ ਰਾਖੀ ਆਪ ਹੀ ਕਰਨੀ ਪਵੇਗੀ। ਦੇਰ ਰਾਤ ਤੱਕ ਚੱਲੇ ਇਸ ਧਰਨੇ ਨੂੰ ਪੁਲਸ ਅਧਿਕਾਰੀਆਂ ਦੇ ਜਲਦ ਕਰਵਾਈ ਦੇ ਭਰੋਸੇ ਤੋਂ ਬਾਅਦ ਭਾਵੇਂ ਚੁੱਕ ਲਿਆ ਗਿਆ ਪਰ ਲੋਕਾਂ 'ਚ ਰੋਸ ਬਰਕਰਾਰ ਹੈ।

ਭਗਤ ਨਾਮਦੇਵ ਸਦਭਾਵਨਾ ਯਾਤਰਾ ਨਵੰਬਰ 'ਚ ਪੰਜਾਬ ਆਵੇਗੀ : ਪੰਧਰੀਨਾਥ ਬੋਕਾਰੇ

ਮੋਗਾ (ਇਕਬਾਲ ਸਿੰਘ ਖਹਿਰਾ)-ਅੰਮ੍ਰਿਤਸਰ-ਨਾਨਕ ਸਾਈਂ ਫਾਊਂਡੇਸ਼ਨ ਦੀ ਹਜ਼ੂਰ ਸਾਹਿਬ-ਅੰਮ੍ਰਿਤਸਰ ਭਗਤ ਨਾਮਦੇਵ ਸਦਭਾਵਨਾ ਘੁੰਮਣ ਯਾਤਰਾ ਨਵੰਬਰ ਮਹੀਨੇ ਪੰਜਾਬ ਆਵੇਗੀ। ਇਹ ਜਾਣਕਾਰੀ ਨਾਨਕ ਸਾਈਂ ਫਾਊਂਡੇਸ਼ਨ ਦੇ ਮੁਖੀ ਪੰਧਰੀਨਾਥ ਬੋਕਾਰੇ ਨੇ ਦਿੱਤੀ। ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਅਤੇ ਸੰਤ ਸ਼੍ਰੋਮਣੀ ਭਗਤ ਨਾਮਦੇਵ ਮਹਾਰਾਜ ਦੇ 754 ਵੇਂ ਪ੍ਰਕਾਸ਼ ਪੁਰਬ ਮੌਕੇ ਇਸ ਸਾਲ ਵੀ ਨਾਨਕ ਸਾਈਂ ਫਾਊਂਡੇਸ਼ਨ (ਮਹਾਰਾਸ਼ਟਰ) ਵੱਲੋਂ ਦਸਵੀਂ ਭਗਤ ਨਾਮਦੇਵ ਘੁੰਮਣ ਸਦਭਾਵਨਾ ਯਾਤਰਾ ਦਾ ਆਯੋਜਨ ਕੀਤਾ ਗਿਆ ਹੈ। 15 ਨਵੰਬਰ ਤੋਂ 25 ਨਵੰਬਰ ਤੱਕ ਇਹ ਯਾਤਰਾ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਦੇ ਵੱਖ-ਵੱਖ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰੇਗੀ। ਇਸ ਯਾਤਰਾ ਵਿੱਚ 200 ਸ਼ਰਧਾਲੂ ਹਿੱਸਾ ਲੈਣਗੇ। ਇਸ ਫੇਰੀ ਦਾ ਮੁੱਖ ਉਦੇਸ਼ ਮਹਾਰਾਸ਼ਟਰ ਅਤੇ ਪੰਜਾਬ ਦਰਮਿਆਨ ਭਾਈਚਾਰਕ ਸਾਂਝ ਨੂੰ ਮਜ਼ਬੂਤ ??ਕਰਨਾ ਹੈ। ਧਾਰਮਿਕ, ਸਮਾਜਿਕ ਅਤੇ ਸੱਭਿਆਚਾਰਕ ਸਬੰਧਾਂ ਨੂੰ ਜੋੜਨਾ ਅਤੇ ਵਿਸ਼ਵ ਸ਼ਾਂਤੀ ਲਈ ਪ੍ਰਾਰਥਨਾ ਕਰਨੀ।

ਪੰਜਾਬ ਕਾਨਵੈਂਟ ਸਕੂਲ ਦੇ ਪਹਿਲਵਾਨਾਂ ਜ਼ਿਲ੍ਹਾ ਪੱਧਰੀ ਖੇਡਾਂ 'ਚ ਜਿੱਤੇ ਮੈਡਲ

ਬਾਘਾ ਪੁਰਾਣਾ (ਮਨੀ ਸਿੰਗਲਾ)-ਇਲਾਕੇ ਦੀ ਨਾਮਵਰ ਸੰਸਥਾ ਪੰਜਾਬ ਕਾਨਵੈਂਟ ਸਕੂਲ ਬਾਘਾ ਪੁਰਾਣਾ ਦੀ ਪੀ.ਸੀ.ਐੱਸ. ਸਪੋਰਟਸ ਅਕੈਡਮੀ ਜਿੱਥੇ ਖੇਡਾਂ ਵਿੱਚ ਝੰਡੇ ਗੱਡ ਰਹੀ ਹੈ, ਉੱਥੇ ਹੀ ਇਹ ਸੰਸਥਾ ਵਿੱਦਿਅਕ ਖੇਤਰ ਵਿੱਚ 100% ਨਤੀਜੇ ਦੇ ਰਹੀ ਹੈ ਅਤੇ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਵੀ ਹਾਮੀ ਭਰਦੀ ਹੈ।ਸੈਸ਼ਨ 2024-25 ਦੀਆਂ ਜ਼ਿਲ੍ਹਾ ਪੱਧਰੀ ਖੇਡਾਂ ਸ.ਸ.ਸ. ਸਕੂਲ ਧੂੜਕੋਟ ਰਣਸੀਂਹ ਵਿੱਚ ਹੋਈਆਂ, ਜਿਨ੍ਹਾਂ ਵਿੱਚੋਂ ਕੁਸ਼ਤੀਆਂ ਅੰਡਰ-14 ਸਾਲ ਵਿੱਚੋਂ ਏਕਮਜੋਤ ਸਿੰਘ 48 ਕਿੱਲੋ ਭਾਰ ਵਰਗ 'ਚੋਂ ਪਹਿਲਾ, ਫਤਿਹ ਸਿੰਘ 68 ਕਿੱਲੋ ਭਾਰ ਵਰਗ 'ਚੋਂ ਪਹਿਲਾ ਤੇ ਇੰਦਰਜੀਤ ਸਿੰਘ 38 ਕਿੱਲੋ ਭਾਰ ਵਰਗ 'ਚੋਂ ਤੀਜਾ ਸਥਾਨ ਹਾਸਲ ਕਰਕੇ ਸਕੂਲ ਅਤੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ।ਇਸ ਸਮੇਂ ਸਕੂਲ ਦੇ ਡਾਇਰੈਕਟਰ ਅਜੇਪਾਲ ਸਿੰਘ ਤੇ ਪ੍ਰਿੰਸੀਪਲ ਮੈਡਮ ਨੀਲਿਮਾ ਨੇ ਜੇਤੂ ਖਿਡਾਰੀਆਂ ਤੇ ਹੈੱਡ ਡੀ.ਪੀ.ਈ. ਜਸਵਿੰਦਰ ਸਿੰਘ ਤੇ ਕੋਚ ਗੁਰਸੇਵਕ ਸਿੰਘ (ਪਹਿਲਵਾਨ) ਫੂਲੇਵਾਲਾ, ਡੀ.ਪੀ.ਈ. ਅਮਰਜੀਤ ਸਿੰਘ ਤੇ ਡੀ.ਪੀ.ਈ. ਮੈਡਮ ਵੀਰਪਾਲ ਕੌਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਹੱਲਾਸ਼ੇਰੀ ਦਿੱਤੀ।ਇਸ ਮੌਕੇ ਚੇਅਰਮੈਨ ਆਰ ਕੇ ਗੁਪਤਾ, ਵਾਈਸ ਚੇਅਰਮੈਨ ਰਮਨ ਕੁਮਾਰ (ਰਿੰਪੀ ਮਿੱਤਲ), ਮੈਂਬਰ ਬਲਵਿੰਦਰ ਸਿੰਘ, ਪਰਮਜੀਤ ਸਿੰਘ, ਰਚਨਾ ਮਿੱਤਲ ਨੇ ਵੀ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ।

ਜੱਸਾ ਪੱਟੀ ਨੇ ਜਿੱਤਿਆ ਛੌੜੀਆਂ ਬੇਟ ਦਾ ਦੰਗਲ ਮੇਲਾ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਨੇੜਲੇ ਪਿੰਡ ਛੌੜੀਆਂ ਬੇਟ ਵਿਖੇ ਬਾਬਾ ਗੁੱਗਾ ਜ਼ਾਹਰ ਪੀਰ ਦੀ ਯਾਦ ਵਿੱਚ ਛਿੰਝ ਕਮੇਟੀ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਦੰਗਲ ਮੇਲਾ ਕਰਵਾਇਆ ਗਿਆ, ਜਿਸ ਵਿੱਚ 150 ਤੋਂ ਵੱਧ ਪਹਿਲਵਾਨਾਂ ਨੇ ਕੁਸ਼ਤੀ ਦੇ ਜੌਹਰ ਦਿਖਾਏ। ਦੰਗਲ ਮੇਲੇ ਪਹਿਲੀ ਝੰਡੀ ਦੀ ਕੁਸ਼ਤੀ ਜੱਸਾ ਪੱਟੀ ਨੇ ਗਣੇਸ਼ ਪੱਤ ਮਹਾਰਾਸ਼ਟਰ ਨੂੰ ਹਰਾ ਕੇ ਜਿੱਤੀ, ਜਦਕਿ ਦੂਜੀ ਝੰਡੀ ਦੀ ਕੁਸ਼ਤੀ 'ਚ ਭੁਪਿੰਦਰ ਅਜਨਾਲਾ ਨੇ ਰਮੇਸ਼ ਮਥੁਰਾ ਨੂੰ ਹਰਾਇਆ। ਤੀਸਰੇ ਨੰਬਰ 'ਤੇ ਮਿਰਜ਼ਾ ਇਰਾਨ ਨੇ ਰੋਜ਼ੀ ਕਪੂਰਥਲਾ ਨੂੰ ਚਿੱਤ ਕੀਤਾ, ਚੌਥੀ ਕੁਸ਼ਤੀ 'ਚ ਤਾਲਿਬ ਬਾਬਾ ਫਲਾਹੀ ਨੇ ਬਿੰਨੀਆ ਜੰਮੂ ਨੂੰ ਹਰਾਇਆ, ਪੰਜਵੀਂ ਝੰਡੀ ਦੀ ਕੁਸ਼ਤੀ ਭੋਲਾ ਬਾਰਨ ਤੇ ਰਵੀ ਮਹਿਰਾ ਵਿਚਕਾਰ ਹੋਈ। ਪਹਿਲੀ ਕੁਸ਼ਤੀ ਦੇ ਜੇਤੂ ਪਹਿਲਵਾਨ ਨੂੰ 2.40 ਲੱਖ ਰੁਪਏ ਨਕਦ, ਦੂਜੇ ਨੰਬਰ ਵਾਲੇ ਪਹਿਲਵਾਨ ਨੂੰ ਸਿਮਰਨਜੀਤ ਸਿੰਘ ਆਸਟ੍ਰੇਲੀਆ ਭਾਣਜਾ ਭਗਤ ਸਿੰਘ ਛੌੜੀਆਂ ਵੱਲੋਂ ਬੁਲਿਟ ਮੋਟਰਸਾਈਕਲ, ਤੀਜੀ ਨੰਬਰ ਵਾਲੇ ਪਹਿਲਵਾਨ ਨੂੰ ਸਾਧੂ ਰਾਮ ਹੰਸ, ਹੈਪੀ ਹੰਸ ਯੂ.ਐੱਸ.ਏ, ਜੱਸਾ ਸਪੋਰ ਤੇ ਬਬਲੂ ਹੰਸ ਵੱਲੋਂ ਬੁਲਿਟ ਮੋਟਰਸਾਈਕਲ, ਚੌਥੇ ਪਹਿਲਵਾਨ ਨੂੰ ਗੁਰਮੀਤ ਸਿੰਘ ਫਰਾਂਸ ਨੇ ਮੋਟਰਸਾਈਕਲ ਤੇ ਗੋਪੀ ਯੂ.ਐੱਸ.ਏ ਪੁੱਤਰ ਕਰਨੈਲ ਸਿੰਘ ਵੱਲੋਂ ਝੋਟੀ ਦਿੱਤੀ ਗਈ। ਇਸ ਤੋਂ ਇਲਾਵਾ ਪੰਜਵੀਂ ਝੰਡੀ ਦੀ ਕੁਸ਼ਤੀ 'ਚ ਭੋਲਾ ਬਾਰਨ ਤੇ ਰਵੀ ਦੇਹਰਾ ਨੂੰ ਨਕਦ ਰਾਸ਼ੀ ਨਾਲ ਸਨਮਾਨਤ ਕੀਤਾ। ਪ੍ਰਬੰਧਕ ਕਮੇਟੀ ਨੇ ਉਚੇਚੇ ਤੌਰ 'ਤੇ ਦੀਪਾ ਬਾਬਾ ਫਲਾਹੀ ਨੂੰ ਸੋਨੇ ਦੀ ਮੁੰਦਰੀ ਨਾਲ ਸਨਮਾਨਤ ਕੀਤਾ।

ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਨੂੰ ਲੋਕ ਭਲਾਈ ਲਈ ਕੀਤਾ ਸਨਮਾਨਤ

ਮੋਗਾ (ਇਕਬਾਲ ਸਿੰਘ ਖਹਿਰਾ)-ਸੰਤ ਨਿਰੰਕਾਰੀ ਸਤਿਸੰਗ ਭਵਨ ਬ੍ਰਾਂਚ ਮੋਗਾ ਦੇ ਸੰਜੋਯਕ ਰਾਕੇਸ਼ ਕੁਮਾਰ ਲੱਕੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਦੀ ਅਗਵਾਈ ਹੇਠ ਸੇਵਾ ਕਰ ਰਹੇ ਨਿਰੰਕਾਰੀ ਮਿਸ਼ਨ ਦੇ ਸਮਾਜਿਕ ਵਿੰਗ ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਨੂੰ ਦਿ

2nd-Set-PAGE-11-Majha-24.qxd 9/1/2024 9:59 PM Page 1

ਕਿਰਤੀ ਕਿਸਾਨ ਯੂਨੀਅਨ ਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਰੈਲੀ ਲਈ ਤਿਆਰੀਆਂ ਮੁਕੰਮਲ

ਗੁਰਦਾਸਪੁਰ (ਜਨਕ ਮਹਾਜਨ)-ਕਿਰਤੀ ਕਿਸਾਨ ਯੂਨੀਅਨ ਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਕਿਸਾਨਾਂ ਦੀਆਂ ਭਾਖਦੀਆਂ ਮੰਗਾਂ ਤੇ 2 ਸਤੰਬਰ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਰੈਲੀ ਤੇ ਮੁਜ਼ਾਹਰੇ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਦਰਜਨਾਂ ਪਿੰਡਾਂ ਵਿੱਚ ਕਿਸਾਨਾਂ ਨੂੰ ਲਾਮਬੰਦ ਕਰਨ ਲਈ ਮੀਟਿੰਗਾਂ ਦਾ ਦੌਰ ਚੱਲ ਰਿਹਾ ਹੈ।ਵੱਡੀ ਗਿਣਤੀ ਵਿੱਚ ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਵਿੱਚ ਚੰਡੀਗੜ੍ਹ ਰੈਲੀ ਦੇ ਮੁਜ਼ਾਹਰੇ ਵਿੱਚ ਸ਼ਮੂਲੀਅਤ ਕਰਨਗੇ ।

ਉਕਤ ਮੀਟਿੰਗਾਂ ਨੂੰ ਸੰਬੋਧਨ ਕਰਦੇ ਹੋਏ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਸਤਬੀਰ ਸਿੰਘ ਸੁਲਤਾਨੀ, ਤਰਲੋਕ ਸਿੰਘ ਬਹਿਰਾਮਪੁਰ ਅਤੇ ਲਖਵਿੰਦਰ ਸਿੰਘ ਲੱਖਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਪੰਜਾਬ ਦੇ ਹੱਕਾਂ ਉੱਤੇ ਡਾਕਾ ਮਾਰ ਕੇ ਪੰਜਾਬ ਦੇ ਡੈਮਾਂ ਦਾ ਕੰਟਰੋਲ ਪੰਜਾਬ ਕੋਲੋਂ ਖੋਹ ਕੇ ਆਪਣੇ ਹੱਥ ਵਿੱਚ ਲੈ ਗਈ ਹੈ ।

ਦਰਿਆਈ ਪਾਣੀਆਂ ਦੀ ਵੰਡ ਦਾ ਅਧਿਕਾਰ ਵੀ ਉਸ ਨੇ ਆਪਣੇ ਹੱਥ ਵਿੱਚ ਕਰ ਲਿਆ ਅਤੇ ਪੰਜਾਬ ਦੇ ਦਰਿਆਵਾਂ ਦਾ ਪਾਣੀ ਦੂਸਰੇ ਰਾਜਾਂ ਨੂੰ ਦੇਣ ਦੀਆਂ ਸਾਜ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਪੰਜਾਬ ਦੀ ਆਰਥਿਕਤਾ ਨੂੰ ਕਮਜ਼ੋਰ ਕਰਨ ਲਈ ਭਾਰਤ ਪਾਕਿਸਤਾਨ ਵਿੱਚ ਸੜਕ ਰਾਹੀਂ ਅਟਾਰੀ ਅਤੇ ਹੁਸੈਨੀ ਵਾਲਾ ਬਾਰਡਰਾਂ ਰਾਹੀਂ ਹੁੰਦਾ ਵਪਾਰ ਵੱਖ ਵੱਖ ਬਹਾਨਿਆਂ ਹੇਠ ਕੇਂਦਰ ਸਰਕਾਰ ਨੇ ਬੰਦ ਕਰ ਦਿੱਤਾ ਹੈ ਪਰ ਵੱਡੇ ਕਾਰਪੋਰੇਟ ਅਡਾਨੀ ਅਤੇ ਅੰਬਾਨੀ ਦੀਆਂ ਗੁਜਰਾਤ ਅਤੇ ਬੁੰਬਈ ਬੰਬੇ ਬੰਦਰਗਾਹਾਂ ਤੋਂ ਸਮੁੰਦਰ ਰਸਤੇ ਪਾਕਿਸਤਾਨ ਨਾਲ ਵਪਾਰ ਚਾਲੂ ਕੀਤਾ ਹੋਇਆ ਹੈ ।

ਬਾਸਮਤੀ ਦੀ ਬਰਾਮਦ ਉੱਤੇ ਸ਼ਰਤਾਂ ਲਾ ਕੇ ਦੂਸਰੇ ਦੇਸ਼ਾਂ ਨੂੰ ਭੇਜਣ ਤੇ ਪਾਬੰਦੀ ਲਾ ਦਿੱਤੀ ਹੈ ਪਰ ਪੰਜਾਬ ਸਰਕਾਰ ਕੇਂਦਰ ਵੱਲੋਂ ਕੀਤੇ ਗਏ ਹਮਲਿਆਂ ਖਿਲਾਫ ਬਿਲਕੁਲ ਚੁੱਪ ਧਾਰੀ ਬੈਠੇ ਹੈ। ਇਸ ਲਈ ਕਿਸਾਨ ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਰਸਾਇਣ ਅਧਾਰਤ ਕਾਰਪੋਰੇਟ ਪੱਖੀ ਖੇਤੀ ਮਾਡਲ ਬਦਲ ਕੇ ਕਿਸਾਨ ਤੇ ਕੁਦਰਤ ਪੱਕੀ ਖੇਤੀ ਮਾਡਲ ਲਾਗੂ ਕੀਤਾ ਜਾਵੇ, ਨਹਿਰੀ ਢਾਂਚੇ ਦਾ ਵਿਸਥਾਰ ਕੀਤਾ ਜਾਵੇ ਅਤੇ ਹਰ ਖੇਤ ਤੱਕ ਨਹਿਰੀ ਪਾਣੀ ਅਤੇ ਹਰ ਘਰ ਤੱਕ ਸਾਫ ਪੀਣ ਵਾਲਾ ਪਾਣੀ ਪਹੁੰਚਦਾ ਕੀਤਾ ਜਾਵੇ ।

ਪੰਜਾਬ ਦੇ ਦਰਿਆਵਾਂ ਦਾ ਪਾਣੀ ਰਿਪੇਰੀਅਨ ਸਿਧਾਂਤ ਅਨੁਸਾਰ ਵੰਡਿਆ ਜਾਵੇ, ਪੰਜਾਬ ਦੇ ਡੈਮਾਂ ਦਾ ਕੰਟਰੋਲ ਪੰਜਾਬ ਦੇ ਹਵਾਲੇ ਕੀਤਾ ਜਾਵੇ ਅਤੇ ਬਾਸਮਤੀ ਦੀ ਬਰਾਮਦ ਤੇ ਲਾਈ ਰੋਕ ਖਤਮ ਕੀਤੀ ਜਾਵੇ ਅਤੇ ਪੰਜਾਬ ਤੇ ਕੇਂਦਰ ਸਰਕਾਰ ਬਾਸਮਤੀ ਦੀ ਐਮਐਸਪੀ ਤੈਅ ਕਰਕੇ ਖੁਦ ਖਰੀਦੇ।

ਸਿਵਲ ਸਰਜਨ ਡਾ. ਭਾਰਤ ਭੂਸ਼ਣ ਨੇ ਕੀਤੀ ਸੀ ਐੱਚ ਸੀ ਕਲਾਨੌਰ ਦੀ ਅਚਨਚੇਤ ਚੈਕਿੰਗ

ਕਲਾਨੌਰ, (ਮਨਦੀਪ ਕੋਹਲੀ)- ਸਿਵਲ ਸਰਜਨ ਗੁਰਦਾਸਪੁਰ ਡਾਕਟਰ ਭਾਰਤ ਭੂਸ਼ਣ ਅਤੇ ਡਾਕਟਰ ਰੋਮੀ ਰਾਜਾ ਮਹਾਜਨ ਡੀਐੱਮਸੀ ਗੁਰਦਾਸਪੁਰ ਵੱਲੋਂ ਸੀਐੱਚਸੀ ਕਲਾਨੌਰ ਦੀ ਅਚਨਚੇਤ ਚੈਕਿੰਗ ਕੀਤੀ ਗਈ, ਇਸ ਦੌਰਾਨ ਸਿਵਲ ਸਰਜਨ ਗੁਰਦਾਸਪੁਰ ਵੱਲੋਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਜਾ ਰਹੇ ਡਾਕਟਰਾਂ ਦੀ ਘਾਟ ਨੂੰ ਲੈ ਕੇ ਧਰਨੇ ਵਿੱਚ ਪਹੁੰਚ ਕੇ ਉਹਨਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ ਅਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਨੂੰ ਸਰਕਾਰ ਤੱਕ ਪਹੁੰਚਾਉਣ ਦਾ ਭਰੋਸਾ ਦਿੱਤਾ। ਹਸਪਤਾਲ ਦੇ ਸਾਰੇ ਹੀ ਵੱਖ-ਵੱਖ ਵਿਭਾਗਾਂ ਵਿੱਚ ਜਾ ਕੇ ਜਾਇਜ਼ਾ ਲਿਆ ਅਤੇ ਹਸਪਤਾਲ ਦੀ ਸਾਫ ਸਫਾਈ ਸਬੰਧੀ ਦਿਸ਼ਾ ਨਿਰਦੇਸ਼ ਐੱਸ ਐੱਮ ਓ ਅਤੇ ਨਰਸਿੰਗ ਸਟਾਫ਼ ਨੂੰ ਦਿੱਤੇ ਗਏ। ਇਸ ਮੌਕੇ ਸਿਵਲ ਸਰਜਨ ਵੱਲੋਂ ਵਾਰਡ ਵਿੱਚ ਜਾ ਕੇ ਮਰੀਜ਼ਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ ਗਈਆਂ ਅਤੇ ਪੰਜਾਬ ਸਰਕਾਰ ਵੱਲੋਂ ਮਰੀਜ਼ਾਂ ਨੂੰ ਜੋ ਮੁਫ਼ਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਉਹਨਾਂ ਬਾਰੇ ਵਾਰਡ ਵਿੱਚ ਜਾ ਕੇ ਮਰੀਜ਼ਾਂ ਨੂੰ ਦੱਸਿਆ।ਇਸ ਮੌਕੇ ਡਾਕਟਰ ਰੋਮੀ ਰਾਜਾ ਮਹਾਜਨ ਡੀਐੱਮਸੀ ਵੱਲੋਂ ਐੱਸ ਐੱਮ ਓ, ਚੀਫ ਫਾਰਮੇਸੀ ਅਫਸਰ ਨੂੰ ਹਦਾਇਤ ਦਿੱਤੀ ਗਈ ਕਿ ਦਵਾਈਆਂ ਅਤੇ ਲੈਬ ਟੈਸਟਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਲ ਨਹੀਂ ਆਉਣੀ ਚਾਹੀਦੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਵਿਸ਼ਾਲ ਜੱਗੀ, ਡਾ. ਨਵਨੀਤ ਢਿੱਲੋਂ, ਪ੍ਰਭਜੀਤ ਸਿੰਘ, ਰਣਬੀਰ ਸਿੰਘ ਰਾਣਾ, ਸੁਖਜਿੰਦਰ ਸਿੰਘ ਫਾਰਮੇਸੀ ਅਫਸਰ, ਗੁਰਪ੍ਰੀਤ ਪਾਲ ਬੀਈਈ, ਪ੍ਰਭਜੋਤ ਸਿੰਘ ਹੈਲਥ ਇੰਸਪੈਕਟਰ, ਗੁਰਮੇਜ ਸਿੰਘ, ਕੁਲਜੀਤ ਕੌਰ ਨਰਸਿੰਗ ਸਟਾਫ ਵੀ ਹਾਜ਼ਰ ਸਨ।

ਸੀ ਪੀ ਆਈ ਮੈਂਬਰਾਂ ਵੱਲੋਂ ਪਿੰਡ-ਪਿੰਡ ਮੀਟਿੰਗਾਂ ਦਾ ਦੌਰ ਜਾਰੀ

* ਪੰਜਾਬ ਦੀ ਧਰਤੀ ਬੜੀ ਮਹਾਨ ਹੈ ਕਿਉਂਕਿ ਇਹ ਗੁਰੂਆਂ ਪੀਰਾਂ ਦੀ ਧਰਤੀ ਹੈ: ਮਾੜੀਮੇਘਾ

ਭਿੱਖੀਵਿੰਡ (ਨਜ਼ਸ)—ਸੀ. ਪੀ. ਆਈ. ਵੱਲੋਂ ਪਿੰਡ ਬਾਠ, ਭਾਈ ਲੱਧੂ, ਕਲਸੀਆਂ ਤੇ ਭਗਵਾਨਪੁਰਾ ਵਿਖੇ ਪਾਰਟੀ ਮੈਂਬਰਾਂ ਤੇ ਹਮਦਰਦਾਂ ਦੀਆਂ ਮੀਟਿੰਗਾਂ ਸੀ. ਪੀ. ਆਈ. ਦੇ ਬਲਾਕ ਸਕੱਤਰ ਨਰਿੰਦਰ ਸਿੰਘ ਅਲਗੋਂ, ਮੀਤ ਸਕੱਤਰ ਟਹਿਲ ਸਿੰਘ ਲੱਧੂ ਤੇ ਰਛਪਾਲ ਸਿੰਘ ਬਾਠ ਦੀ ਅਗਵਾਈ ਹੇਠ ਕੀਤੀਆਂ ਗਈਆਂ।ਸੰਬੋਧਨ ਦੌਰਾਨ ਸੀ. ਪੀ. ਆਈ. ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਸਾਡੀ ਪੰਜਾਬ ਦੀ ਧਰਤੀ ਬੜੀ ਮਹਾਨ ਹੈ ਕਿਉਂਕਿ ਇਹ ਗੁਰੂਆਂ ਪੀਰਾਂ ਦੀ ਧਰਤੀ ਹੈ।ਗੁਰੂਆਂ ਦੀ ਧਰਤੀ ਕਰਕੇ ਇਹ ਸਾਰੇ ਸੰਸਾਰ ਵਿੱਚ ਸੋਨੇ ਦੀ ਚਿੜੀ ਕਹਾਉਂਦੀ ਸੀ।ਵਾਕਿਆ ਹੀ ਸਾਡੀ ਧਰਤੀ ਮਾਂ ਸੋਨੇ ਦੀ ਚਿੜੀ ਸੀ।ਅੰਗਰੇਜ਼ਾਂ ਦੇ ਆਉਣ ਤੋਂ ਪਹਿਲਾਂ ਸਾਡੀ ਫ਼ਸਲ ਦਾ ਵਪਾਰ ਸਾਰੀ ਦੁਨੀਆ ਵਿੱਚ ਚਲਦਾ ਸੀ।ਇਹ ਵਪਾਰ ਸੋਨੇ ਰਾਹੀਂ ਹੁੰਦਾ ਸੀ।ਇਸ ਕਰਕੇ ਦੂਜੇ ਦੇਸ਼ਾਂ ਨੂੰ ਅਨਾਜ ਦਿੰਦੇ ਤੇ ਸੋਨਾ ਲੈਂਦੇ ਸਾਂ।ਵਪਾਰ ਰਾਹੀਂ ਸਾਰੀ ਦੁਨੀਆ ਦਾ ਸੋਨਾ ਭਾਰਤ ਵਿੱਚ ਜਮ੍ਹਾ ਹੋਇਆ ਸੀ। ਅੰਗਰੇਜ਼ ਧਾੜਵੀ ਆਏ ਤੇ ਸਾਡਾ ਸੋਨਾ ਲੁੱਟ ਕੇ ਲੈ ਗਏ।ਮਹਾਰਾਜਾ ਰਣਜੀਤ ਸਿੰਘ ਦਾ ਕੋਹੇਨੂਰ ਦਾ ਹੀਰਾ ਅੰਗਰੇਜ਼ਾਂ ਦੀ ਰਾਣੀ ਦਾ ਤਾਜ ਬਣਿਆ ਜਿਹੜਾ ਹੁਣ ਤੱਕ ਅਸੀਂ ਵਾਪਸ ਨਹੀਂ ਲੈ ਸਕੇ।ਮਾੜੀਮੇਘਾ ਨੇ ਕਿਹਾ ਸਾਡੀਆਂ ਜਿਹੜੀਆਂ ਪੰਜਾਬ ਭਰ ਵਿੱਚ ਮੀਟਿੰਗਾਂ ਹੋ ਰਹੀਆਂ ਇਨ੍ਹਾਂ ਵਿੱਚ ਸਰਕਾਰ ਤੋਂ ਮੰਗਿਆ ਗਿਆ ਹੈ ਕਿ ਹਰੇਕ ਵਿਅਕਤੀ ਨੂੰ ਰੁਜ਼ਗਾਰ ਦਿੱਤਾ ਜਾਵੇ।ਸਿਹਤ ਦਾ ਇਲਾਜ ਮੁਫ਼ਤ ਹੋਵੇ।ਹਰੇਕ ਗ਼ਰੀਬ ਨੂੰ ਘਰ ਬਣਾ ਕੇ ਦਿੱਤੇ ਜਾਣ।ਹਰੇਕ ਬੱਚੇ ਨੂੰ ਵਿੱਦਿਆ ਮੁਫ਼ਤ ਤੇ ਲਾਜ਼ਮੀ ਦਿੱਤੀ ਜਾਵੇ।ਇਸ ਤੋਂ ਇਲਾਵਾ ਚੰਡੀਗੜ੍ਹ ਪੰਜਾਬ ਨੂੰ ਦਿੱਤਾ ਜਾਵੇ। ਦਰਿਆਵਾਂ ਦੇ ਤੇ ਬਾਰਸ਼ ਦੇ ਪਾਣੀ ਦੀ ਸੰਭਾਲ ਕੀਤੀ ਜਾਵੇ।ਚੰਡੀਗੜ੍ਹ ਤੇ ਭਾਖੜਾ ਪ੍ਰੋਜੈਕਟ 'ਚੋਂ ਪੰਜਾਬ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਦੇ ਹੱਕ ਬਹਾਲ ਕੀਤੇ ਜਾਣ।ਚੰਡੀਗੜ੍ਹ ਵਿੱਚ ਪੰਜਾਬੀ ਬੋਲੀ ਦੀ ਪਹਿਲ ਹੋਵੇ।ਤਿੰਨ ਫੌਜਦਾਰੀ ਕਾਨੂੰਨ ਜੋ ਪਹਿਲੀ ਜੁਲਾਈ ਤੋਂ ਲਾਗੂ ਕੀਤੇ ਹਨ ਉਹ ਵਾਪਸ ਲਏ ਜਾਣ।ਮੀਟਿੰਗਾਂ ਨੂੰ ਅਮੋਲਕ ਸਿੰਘ ਸਰਪੰਚ, ਅਮਰਜੀਤ ਸਿੰਘ ਬਾਠ, ਜਸਪਾਲ ਸਿੰਘ ਕਲਸੀਆਂ ਤੇ ਹਰਚੰਦ ਸਿੰਘ ਭਗਵਾਨਪੁਰਾ ਨੇ ਵੀ ਸੰਬੋਧਨ ਕੀਤਾ।

ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਫਾਊਂਡੇਸ਼ਨ ਦੀ ਜ਼ਰੂਰੀ ਇਕੱਤਰਤਾ

ਬਟਾਲਾ (ਤਰਲੋਕ ਬੱਗਾ)-ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਫਾਊਂਡੇਸ਼ਨ ਦੀ ਇੱਕ ਜ਼ਰੂਰੀ ਇਕੱਤਰਤਾ ਉਤਮ ਨਗਰ ਵਿਖੇ ਹੋਈ ਜਿਸ ਵਿੱਚ ਪਿਛਲੇ ਸਮੇਂ ਤੋਂ ਜਥੇਬੰਦੀ ਵੱਲੋਂ ਕੀਤੇ ਗਏ ਕਾਰਜਾਂ ਦੀ ਸਮੀਖਿਆ ਕੀਤੀ ਗਈ। ਇਸ ਮੀਟਿੰਗ ਦੇ ਵਿੱਚ ਜਥੇਬੰਦੀ ਨੂੰ ਵਾਰਡ ਪੱਧਰ ਤੱਕ ਮਜ਼ਬੂਤ ਕਰਨ ਲਈ ਗੰਭੀਰ ਵਿਚਾਰਾਂ ਹੋਈਆਂ। ਇਨ੍ਹਾਂ ਗੰਭੀਰ ਵਿਚਾਰਾਂ ਤੋਂ ਉਪਰੰਤ ਜਥੇਬੰਦੀ ਨੂੰ ਭੰਗ ਕਰਨ ਦਾ ਫੈਸਲਾ ਕੀਤਾ ਗਿਆ ਕਿਉਂਕਿ ਬਹੁਤ ਸਾਰੇ ਹੋਰ ਵੀ ਸੁਹਿਰਦ ਲੋਕ ਇਸ ਜਥੇਬੰਦੀ ਨਾਲ ਜੁੜਨਾ ਚਾਹੁੰਦੇ ਹਨ। ਇਸ ਕਰਕੇ ਪਹਿਲਾਂ ਸਮੁੱਚੀ ਜਥੇਬੰਦੀ ਨੂੰ ਭੰਗ ਕਰਕੇ ਇਸ ਜਥੇਬੰਦੀ ਦਾ ਨਵੇਂ ਸਿਰੇ ਤੋਂ ਵਿਸਥਾਰ ਕੀਤਾ ਜਾਵੇਗਾ, ਇਸ ਸਬੰਧੀ ਜਥੇਬੰਦੀ ਦੇ ਸਰਪ੍ਰਸਤ ਭਾਈ ਗੁਰਦਰਸ਼ਨ ਸਿੰਘ ਨੇ ਦੱਸਿਆ ਕਿ ਕਿਉਂਕਿ ਜਥੇਬੰਦੀ ਦੇ ਕਾਰਜਾਂ ਨੂੰ ਦੇਖਦੇ ਹੋਏ ਬਹੁਤ ਸਾਰੇ ਸੁਹਿਰਦ ਲੋਕ ਇਸ ਜਥੇਬੰਦੀ ਨਾਲ ਜੁੜਨਾ ਚਾਹੁੰਦੇ ਹਨ ਇਸ ਲਈ ਉਨ੍ਹਾਂ ਨੂੰ ਵੱਖੋ-ਵੱਖ ਅਹੁਦਿਆਂ 'ਤੇ ਨਿਯੁਕਤ ਕਰਨ ਲਈ ਜਥੇਬੰਦੀ ਦਾ ਪਹਿਲਾ ਢਾਂਚਾ ਭੰਗ ਕਰਨ ਦਾ ਫੈਸਲਾ ਕੀਤਾ ਹੈ ਅਤੇ ਨਾਲ ਹੀ ਫੈਸਲਾ ਕੀਤਾ ਹੈ ਕਿ ਇੱਕ ਮਹੀਨੇ ਦੇ ਅੰਦਰ-ਅੰਦਰ ਜਥੇਬੰਦੀ ਨੂੰ ਵਾਰਡ ਪੱਧਰ ਤੱਕ ਮਜ਼ਬੂਤ ਕਰਦਿਆਂ ਨਵੀਆਂ ਨਿਯੁਕਤੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਨਾਲ ਹੀ ਦੱਸਿਆ ਕਿ ਜਥੇਬੰਦੀ ਦਾ ਯੂਥ ਵਿੰਗ ਵੀ ਨਾਲ ਹੀ ਤਿਆਰ ਕੀਤਾ ਜਾਵੇਗਾ ਤੇ ਉਸਦੀਆਂ ਨਿਯੁਕਤੀਆਂ ਵੀ ਕੀਤੀਆਂ ਜਾਣਗੀਆਂ। ਜਥੇਬੰਦੀ ਨੂੰ ਨਵੇਂ ਸਿਰੇ ਤੋਂ ਜਥੇਬੰਦ ਕਰਨ ਲਈ ਉਨ੍ਹਾਂ ਨੇ ਇੱਕ ਮੁਢਲੀ ਪੰਚਾਇਤ ਬਣਾਈ ਹੈ ਜਿਸ ਵਿੱਚ ਭਾਈ ਰਣਧੀਰ ਸਿੰਘ, ਭਾਈ ਓਂਕਾਰ ਸਿੰਘ, ਭੁਪਿੰਦਰ ਸਿੰਘ ਪ੍ਰਿੰਸ ਮਾਸਟਰ ਗੁਰਮੀਤ ਸਿੰਘ ਅਤੇ ਭਾਈ ਗੁਰਮੀਤ ਸਿੰਘ ਪੰਜਾਂ ਤੇ ਅਧਾਰਤ ਪੰਚਾਇਤ ਦੀ ਡਿਊਟੀ ਲਗਾਈ ਗਈ ਹੈ ਇਹ ਸਾਰੇ ਵੀਰ ਜਦੋਂ ਤੱਕ ਜਥੇਬੰਦੀ ਦੁਬਾਰਾ ਜਥੇਬੰਦ ਨਹੀਂ ਹੋ ਜਾਂਦੀ ਨਵੀਆਂ ਨਿਯੁਕਤੀਆਂ ਨਹੀਂ ਹੋ ਜਾਂਦੀਆਂ ਉਦੋਂ ਤੱਕ ਜਥੇਬੰਦੀ ਦਾ ਪ੍ਰਬੰਧ ਚਲਾਉਣਗੇ ਅਤੇ ਨਵੀਆਂ ਨਿਯੁਕਤੀਆਂ ਕਰਨ ਦਾ ਵੀ ਇਨ੍ਹਾਂ ਨੂੰ ਪੂਰਾ ਹੱਕ ਹੋਵੇਗਾ। ਉਨ੍ਹਾਂ ਹੋਰ ਦੱਸਿਆ ਕਿ ਜੋ 10 ਸਤੰਬਰ ਨੂੰ ਗੁਰੂ ਨਾਨਕ ਦੇਵ ਸੱਚੇ ਪਾਤਸ਼ਾਹ ਦਾ ਵਿਆਹ ਪੁਰਬ ਆ ਰਿਹਾ ਹੈ। ਉਸ ਵਿਆਹ ਪੁਰਬ ਤੇ ਜਥੇਬੰਦੀ ਦੂਸਰੀਆਂ ਵੱਖ-ਵੱਖ ਹਮਖਿਆਲੀ ਜਥੇਬੰਦੀਆਂ ਨਾਲ ਰਲ ਕੇ ਸੰਗਤਾਂ ਦੀਆਂ ਸੇਵਾ ਕਰੇਗੀ ਅਤੇ ਜਿੱਥੇ ਜਿੱਥੇ ਵੀ ਡਿਊਟੀ ਲੱਗੇਗੀ ਉਹ ਤਨਦੇਹੀ ਨਾਲ ਨਿਭਾਏਗੀ। ਇਸ ਮੀਟਿੰਗ ਵਿੱਚ ਜਥੇਬੰਦੀ ਦੀ ਮੁੱਢਲੀ ਪੰਚਾਇਤ ਹਾਜ਼ਰ ਸੀ।

ਅਲੌਕਿਕ ਨਗਰ ਕੀਰਤਨ ਦਾ ਬਾਸਰਕੇ ਗਿੱਲਾਂ ਤੇ ਗੁ. ਸੰਤ ਨਿਵਾਸ ਬੀੜ ਸਾਹਿਬ ਵਿਖੇ ਨਿੱਘਾ ਸਵਾਗਤ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਧੰਨ ਧੰਨ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਤਾਗੱਦੀ 450 ਸਾਲਾ ਦਿਵਸ ਅਤੇ ਧੰਨ-ਧੰਨ ਸਾਹਿਬ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ-ਜੋਤਿ ਸਮਾਉਣ ਸੰਬਧੀ 450 ਸਾਲਾ ਦਿਵਸ ਮਨਾਉਣ ਦੇ ਸਬੰਧੀ ਤੱਪ ਅਸਥਾਨ ਗੁਰਦੁਆਰਾ ਸ੍ਰੀ ਸੰਨ੍ਹ ਸਾਹਿਬ ਤੋਂ ਸਜਾਏ ਵਿਸ਼ਾਲ ਨਗਰ ਕੀਰਤਨ ਦਾ ਗੁਰਦੁਆਰਾ ਅਮਰਦਾਸ ਜੀ ਬਾਸਰਕੇ ਗਿੱਲਾਂ ਵਿਖੇ ਤੇ ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ ਵਿਖੇ ਪਹੁੰਚਣ 'ਤੇ ਬਾਬਾ ਸੰਤੋਖ ਬੀੜ ਸਾਹਿਬ ਵਾਲਿਆਂ ਤੇ ਜਥੇਦਾਰ ਬਾਬਾ ਭੋਲਾ ਸਿੰਘ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸ੍ਰੀ ਰੁਮਾਲਾ ਸਾਹਿਬ ਭੇਟਾ ਕੀਤਾ ਗਿਆ ਅਤੇ ਪੰਜ ਪਿਆਰੇ ਸਾਹਿਬਾਨ ਅਤੇ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ 'ਚ ਬੈਠੇ ਗ੍ਰੰਥੀ ਸਿੰਘ ਨੂੰ ਸਿਰੋਪਾਓ ਦੇ ਕੇ ਜੀ ਆਇਆਂ ਨੂੰ ਕਿਹਾ। ਨਗਰ ਕੀਰਤਨ ਵਿੱਚ ਸ਼ਾਮਲ ਸਮੂਹ ਸੰਗਤ ਨੂੰ ਠੰਡੇ ਮਿੱਠੇ ਜਲ ਤੇ ਫਲ ਫਰੂਟ ਵਰਤਾਏ ਤੇ ਵਿਸ਼ਾਲ ਨਗਰ ਕੀਰਤਨ ਨੂੰ ਅਗਲੇ ਪੜਾਅ ਲਈ ਰਵਾਨਾ ਕੀਤਾ ।

ਇਸ ਮੌਕੇ ਇੰਦਰਜੀਤ ਸਿੰਘ ਬਾਸਰਕੇ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਰਵਿੰਦਰ ਸਿੰਘ ਵਿਸਕੀ ਢਿੱਲੋਂ ਠੱਠਾ, ਪ੍ਰਤਾਪ ਸਿੰਘ ਠੱਠਾ, ਦਰਸ਼ਨ ਸਿੰਘ ਮੁਹਾਵਾ, ਗੁਰਦਰਸ਼ਨ ਸਿੰਘ ਬਘਿਆੜੀ, ਸਾਬਕਾ ਸਰਪੰਚ ਮੋਤਾ ਸਿੰਘ ਬਘਿਆੜੀ, ਪਲਵਿੰਦਰ ਸਿੰਘ ਐਮਾ, ਮੰਗਾ ਸਿੰਘ, ਰਜਵੰਤ ਸਿੰਘ ਕਸੇਲ, ਰੇਸ਼ਮ ਸਿੰਘ ਬਿੱਲਾ, ਸਤਨਾਮ ਸਿੰਘ, ਰਵੇਲ ਸਿੰਘ, ਜੱਸਾ ਸਿੰਘ ਐਮਾ, ਗੁਰਵੇਲ ਸਿੰਘ ਬਘਿਆੜੀ, ਗੁਰਨਾਮ ਸਿੰਘ ਚੜ੍ਹਦੀ ਕਲਾ, ਕਸ਼ਮੀਰ ਸਿੰਘ ਬਘਿਆੜੀ, ਨਿਰਮਲ ਸਿੰਘ ਬਘਿਆੜੀ, ਵਰਿਆਮ ਸਿੰਘ ਬਘਿਆੜੀ, ਅੰਗਰੇਜ਼ ਸਿੰਘ ਮੁਹਾਵਾ, ਗਿਆਨੀ ਹਰਭਜਨ ਸਿੰਘ ਭੂਸੇ, ਹਰਦੀਪ ਸਿੰਘ ਭੂਸੇ, ਬਾਗਾ ਸਿੰਘ ਜਠੌਲ, ਕਰਮ ਸਿੰਘ ਮੁਹਾਵਾ, ਹਜ਼ਾਰਾ ਸਿੰਘ ਜਠੌਲ, ਗੁਰਵਿੰਦਰ ਸਿੰਘ ਬਘਿਆੜੀ, ਸੁਪਰਡੈਂਟ ਤੇਜਿੰਦਰ ਸਿੰਘ ਕਾਲਜ, ਬਲਗੇਰ ਸਿੰਘ, ਅਮਰਜੀਤ ਸਿੰਘ ਭੂਸੇ, ਦਿਲਰਾਜ ਸਿੰਘ ਭੂਸੇ, ਹਰਦੀਪ ਸਿੰਘ ਭੂਸੇ, ਰਣਜੀਤ ਸਿੰਘ, ਜਗਬੀਰ ਸਿੰਘ, ਹਰਚੰਦ ਸਿੰਘ ਬਘਿਆੜੀ ਆਦਿ ਹਾਜ਼ਰ ਸੰਗਤਾਂ ਹਾਜ਼ਰ ਸਨ।

ਲੋਕ ਮਿਲਣੀ 'ਚ ਕਟਾ

2-SEP-PAGE-12.qxd 9/1/2024 9:41 PM Page 1

ਜਨਮ ਦਿਨ ਮੁਬਾਰਕ

ਅਨੁਰੀਤ ਕੌਰ

ਪਰਵਾਜ, ਲੁਧਿਆਣਾ

ਅੰਮ੍ਰਿਤਪਾਲ ਸਿੰਘ, ਗੁਰਦਾਸਪੁਰ

ਗੁੱਗੋ ਜ਼ਾਹਰ ਪੀਰ ਦੇ ਛਿੰਝ ਮੇਲੇ 'ਤੇ ਪਟਕੇ ਦੀ ਕੁਸ਼ਤੀ ਦੇ ਇਨਾਮ 'ਤੇ ਸੱਜਰੀ ਸੂਈ ਮੱਝ ਦਾ ਇਨਾਮ ਦਿੰਦੇ ਹੋਏ ਜਵਾਹਰਕੇ ਪਰਵਾਰ ਵੱਲੋਂ ਹਰਵਿੰਦਰ ਸਿੰਘ ਥੂ ਕੇ, ਜਥੇਦਾਰ ਕੁਲਵਿੰਦਰ ਸਿੰਘ ਅਤੇ ਛਿੰਝ ਮੇਲੇ 'ਤੇ ਲੰਗਰਾਂ ਦੀ ਸੇਵਾ ਸਵ. ਝਲਵਣ ਸਿੰਘ, ਸਵ. ਗੁਰਦਿਆਲ ਸਿੰਘ ਦੇ ਜਵਾਹਰਕੇ ਪਰਵਾਰ ਲਖਵਿੰਦਰ ਸਿੰਘ ਲੱਖੇ, ਜੱਸਦੀਪ ਸਿੰਘ ਜੱਸਾ, ਜਵਾਹਰਕੇ ਪਰਵਾਰ।
(ਫੋਟੋ ਤੇ ਵੇਰਵਾ : ਬਾਲੀ ਪੱਤਰਕਾਰ ਨੂਰਮਹਿਲ)

ਪੈਨਸ਼ਨਰਜ਼ ਐਸੋਸੀਏਸ਼ਨ ਪੀ ਐੱਸ ਪੀ ਸੀ ਐੱਲ/ਟੀ ਸੀ ਐੱਲ ਵੱਲੋਂ 11 ਨੂੰ ਰੋਸ ਧਰਨਾ

ਨਵਾਂਸ਼ਹਰ (ਮਨੋਜ ਲਾਡੀ) ਪੈਨਸ਼ਨਰਜ਼ ਐਸੋਸੀਏਸ਼ਨ ਪੀ ਐਸ ਪੀ ਸੀ ਐਲ/ਟੀ ਸੀ ਐਲ ਮੰਡਲ ਨਵਾਂਸ਼ਹਿਰ ਦੀ ਮਹੀਨਾਵਾਰ ਮੀਟਿੰਗ ਮੰਡਲ ਅਤੇ ਸਰਕਲ ਪ੍ਰਧਾਨ ਨਰਿੰਦਰ ਕੁਮਾਰ ਮਹਿਤਾ ਦੀ ਅਗਵਾਈ ਵਿੱਚ ਕੀਤੀ ਗਈ, ਜਿਸ ਵਿੱਚ ਸਰਕਲ ਵਿੱਤ ਸਕੱਤਰ ਕੁਲਵਿੰਦਰ ਅਟਵਾਲ, ਮੰਡਲ ਸਕੱਤਰ ਮਦਨ ਲਾਲ ਰਾਮਰਾਏ ਪੁਰ, ਸ਼ਿਵਰਾਜ, ਸਤਪਾਲ ਭਾਟੀਆ, ਨਿਰੰਜਨ ਕੰਗਾਂ, ਪਰੇਮ ਚਣਕੋਆ, ਰਵਿੰਦਰ ਭਾਸਕਰ ਰਾਹੋਂ, ਜੁਗਿੰਦਰ ਸਿੰਘ ਬੇਗਮਪੁਰ, ਸ਼ੰਭੂ ਨਰਾਇਣ ਰਾਹੋਂ ਆਦਿ ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਸਰਕਾਰ ਦੀ ਮੰਗਾਂ ਪ੍ਰਤੀ ਲਾਰਿਆਂ ਦੀ ਟਾਲ ਮਟੋਲ ਨੀਤੀ ਅਤੇ ਬਾਰ-2 ਮੀਟਿੰਗਾਂ ਤਹਿ ਕਰ ਕੇ ਮੀਟਿੰਗਾਂ ਤੋਂ ਭੱਜਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਸਰਕਾਰ ਦੀ ਇਸ ਘੱਟੀਆ ਨੀਤੀ ਖਿਲਾਫ ਮੁਲਾਜਮਾਂ ਅਤੇ ਪੈਨਸ਼ਨਰਜ਼ ਦੇ ਸਾਂਝੇ ਫਰੰਟ ਵੱਲੋਂ ਉਲੀਕੇ ਸ਼ੰਘਰਸ਼ ਮੁਤਾਬਿਕ 3 ਸਤੰਬਰ ਨੂੰ ਚੰਡੀਗੜ੍ਹ ਵਿਖੇ ਸਟੇਟ ਪੱਧਰੀ ਰੈਲੀ ਤੇ ਰੋਸ ਮਾਰਚ ਵਿੱਚ ਹੁੰਮ ਹੁਮਾਕੇ ਸ਼ਮੂਲੀਅਤ ਕੀਤੀ ਜਾਵੇਗੀ।ਇਸ ਉਪਰੰਤ 11 ਸਤੰਬਰ ਨੂੰ ਮੰਡਲ ਨਵਾਂਸ਼ਹਿਰ ਅੱਗੇ ਰੋਸ ਧਰਨਾ ਦਿੱਤਾ ਜਾਵੇਗਾ।ਪੈਨਸ਼ਨਰਜ਼ ਦੀਆਂ ਹੱਕੀ ਅਤੇ ਜਾਇਜ ਮੰਗਾਂ ਨੂੰ ਸਰਕਾਰ ਵੱਲੋਂ ਜਾਇਜ਼ ਕਰਾਰ ਦਿੰਦੇ ਹੋਏ ਵੀ ਮੰਗਾਂ ਦਾ ਹੱਲ ਨਹੀਂ ਕੀਤਾ ਜਾ ਰਿਹਾ ਅਤੇ ਲਾਰਿਆਂ ਵਿਚ ਸਮਾਂ ਲੰਘਾਇਆ ਜਾ ਰਿਹਾ ਹੈ। ਸਟੇਜ ਸਕੱਤਰ ਦੀ ਭੂਮਿਕਾ ਮਦਨ ਲਾਲ ਵੱਲੋਂ ਨਿਭਾਈ ਗਈ।ਇਸ ਮੌਕੇ ਕਪਿਲ ਦੇਵ, ਸੁਰਿੰਦਰ, ਹੁਕਮ ਚੰਦ, ਅਸ਼ੋਕ ਕੁਮਾਰ, ਗੁਰਦੀਪ ਸਿੰਘ ਸੁਪਰਡੈਂਟ, ਗੁਰਦੇਵ ਸਿੰਘ ਰਾਹੋਂ, ਜੁਗਿੰਦਰ ਸਿੰਘ, ਜਗਰੂਪ, ਰਾਮਲੁਭਾਇਆ,ਓਮ ਪ੍ਰਕਾਸ਼ ਅਤੇ ਹੋਰ ਵੀ ਬਹੁਤ ਸਾਰੇ ਪੈਨਸ਼ਨਰਜ਼ ਹਾਜ਼ਰ ਸਨ।

ਜੀ ਟੀ ਯੂ ਵੱਲੋਂ ਭਲਕੇ ਦੀ ਚੰਡੀਗੜ੍ਹ ਰੋਸ ਰੈਲੀ 'ਚ ਭਰਵੀਂ ਸ਼ਮੂਲੀਅਤ ਦਾ ਐਲਾਨ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਬਾਰੇ ਜਥੇਬੰਦੀ ਦੇ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਦੱਸਿਆ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਦਾ ਅਧਿਆਪਕ ਅੱਜ ਅਨੇਕਾਂ ਸਮਸਿਆਵਾਂ ਜਿਵੇਂ ਆਨਲਾਈਨ ਏਸੀ ਆਰ ਦੀ ਸਮੱਸਿਆ, ਮਿਸ਼ਨ ਸਮਰੱਥ ਦੀ ਟੈਸਟਿੰਗ, ਨਾਲ ਦੀ ਨਾਲ ਸੀ ਈ ਪੀ ਦੇ ਪੇਪਰ ਫੋਟੋ ਸਟੇਟ ਕਰਵਾਉਣ ਤੋਂ ਲੈ ਕੇ ਸਮਾਂਬੱਧ ਸੀਮਾ ਵਿਚ ਚੈੱਕ ਕਰਕੇ ਆਨਲਾਈਨ ਕਰਨ ਦਾ ਹੁਕਮ, ਮਿੱਡ -ਡੇ-ਮੀਲ ਦਾ ਮੈਸੇਜ, ਉਨ੍ਹਾ ਮੰਗ ਕੀਤੀ ਕਿ ਬੀ ਐੱਲ ਓ ਸਮੇਤ ਸਮੁੱਚੇ ਗੈਰ-ਵਿੱਦਿਅਕ ਕੰਮਾਂ ਤੋਂ ਅਧਿਆਪਕਾਂ ਨੂੰ ਮੁਕਤ ਕੀਤਾ ਜਾਵੇ। ਅੰਤ ਵਿੱਚ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਨੇ ਕਿਹਾ ਕਿ 3 ਸਤੰਬਰ ਨੂੰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਆਪਣੀਆਂ ਮੰਗਾਂ ਤੇ ਪੰਜਾਬ ਸਰਕਾਰ ਦੇ ਰੁੱਖੇ ਰਵੀਏ ਵਿਰੁੱਧ ਚੰਡੀਗੜ੍ਹ ਵਿਖੇ ਹੋਣ ਜਾ ਰਹੀ ਰੋਸ-ਰੈਲੀ ਅਤੇ ਵਿਧਾਨ ਸਭਾ ਵੱਲ ਨੂੰ ਮਾਰਚ ਵਿੱਚ ਜ਼ਿਲ੍ਹੇ ਤੋਂ ਸੈਂਕੜਿਆਂ ਦੀ ਗਿਣਤੀ ਵਿੱਚ ਅਧਿਆਪਕ ਸ਼ਮੂਲੀਅਤ ਕਰਨਗੇ।ਇਸ ਤੋਂ ਇਲਾਵਾ ਉਹਨਾਂ ਦੱਸਿਆ ਕਿ ਗੌਰਮਿੰਟ ਟੀਚਰਜ਼ ਯੂਨੀਅਨ ਦਾ ਸੂਬਾਈ ਇਜਲਾਸ 22 ਸਤੰਬਰ ਨੂੰ ਰੂਪਨਗਰ ਵਿਖੇ ਹੋਵੇਗਾ।

ਮਜ਼ਦੂਰਾਂ-ਕਿਸਾਨਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ 9 ਨੂੰ ਕੈਬਨਿਟ ਮੰਤਰੀ ਬਲਕਾਰ ਸਿੰਘ ਦੇ ਘਰ ਅੱਗੇ ਧਰਨਾ

ਜਲੰਧਰ (ਰਾਜੇਸ਼ ਥਾਪਾ) ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਤਹਿਸੀਲ ਜਲੰਧਰ ਵੱਲੋਂ ਪਿੰਡ ਜਮਸ਼ੇਰ ਖਾਸ 'ਚ ਭਜਨ ਸਿੰਘ ਗਿੱਲ ਅਤੇ ਬਲਜੀਤ ਕੌਰ ਦੀ ਪ੍ਰਧਾਨਗੀ ਹੇਠ ਪਬਲਿਕ ਮੀਟਿੰਗ ਕੀਤੀ ਗਈ।ਇਕੱਤਰ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਸੂਬਾ ਕਮੇਟੀ ਮੈਂਬਰ ਦਰਸ਼ਨ ਨਾਹਰ ਨੇ ਕਿਹਾ ਕਿ ਖੱਬੀਆਂ ਪਾਰਟੀਆਂ ਵੱਲੋਂ ਪੰਜਾਬ ਦੇ ਲਟਕਦੇ ਮਸਲਿਆਂ ਅਤੇ ਮਜ਼ਦੂਰਾਂ, ਕਿਸਾਨਾਂ ਅਤੇ ਮਿਹਨਤਕਸ਼ ਲੋਕਾਂ ਦੀਆਂ ਸਮੱਸਿਆਂਵਾਂ ਦੇ ਹੱਲ ਲਈ 9 ਸਤੰਬਰ ਨੂੰ ਕੈਬਨਿਟ ਮੰਤਰੀ ਬਲਕਾਰ ਸਿੰਘ ਦੇ ਘਰ ਅੱਗੇ ਧਰਨਾ ਮਾਰ ਕੇ ਮੰਗ ਪੱਤਰ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਨਾਲ ਸਬੰਧਤ ਮਹੱਤਵਪੂਰਨ ਮਸਲਿਆਂ ਪਾਣੀਆਂ ਦੀ ਨਿਆਈਂ ਵੰਡ ਨਾ ਕਰਨ, ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿੱਚ ਸ਼ਾਮਲ ਨਾ ਕਰਨ, ਚੰਡੀਗੜ੍ਹ ਪੰਜਾਬ ਦੇ ਹਵਾਲੇ ਨਾ ਕਰਨ, ਗੁਆਂਢੀ ਰਾਜਾਂ ਵਿਚ ਪੰਜਾਬੀ ਬੋਲੀ ਨੂੰ ਸਨਮਾਨਜਨਕ ਸਥਾਨ ਨਾ ਦੇਣ , ਮਨਰੇਗਾ ਕਾਨੂੰਨ ਤਹਿਤ ਸਾਰੇ ਪਰਿਵਾਰ ਨੂੰ ਸਾਰਾ ਸਾਲ ਕੰਮ, 700 ਰੁਪਏ ਦਿਹਾੜੀ ਕਰਨ, 8 ਘੰਟੇ ਤੋਂ 12 ਘੰਟੇ ਦੀ ਕੰਮ ਦੀ ਦਿਹਾੜੀ ਕਰਨ ਵਾਲਾ ਨੋਟੀਫਿਕੇਸ਼ਨ ਰੱਦ ਕਰਨ ਆਦਿ ਲਈ ਲਹੂ- ਵੀਟਵੇਂ ਸੰਘਰਸ਼ਾਂ ਦਾ ਸੱਦਾ ਦਿੱਤਾ।ਤਹਿਸੀਲ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਨਵੀਂ ਵਿਦਿਅਕ ਨੀਤੀ ਰੱਦ ਕੀਤੀ ਜਾਵੇ ਸਮੁੱਚੀ ਵਸੋਂ ਨੂੰ ਇਕਸਾਰ ਮਿਆਰੀ ਸਿੱਖਿਆ ਅਤੇ ਸਿਹਤ ਸਹੂਲਤਾਂ ਮੁਫ਼ਤ ਦੇਣ ਦਾ ਪ੍ਰਬੰਧ ਕਰਨ, ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣਾ, 2500 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦੇਣਾ, ਬੇਘਰਿਆਂ ਨੂੰ ਰਿਹਾਇਸ਼ੀ ਪਲਾਟ ਸ਼ਹਿਰਾਂ ਵਿੱਚ 5 ਮਰਲੇ ਅਤੇ ਪਿੰਡਾਂ ਵਿੱਚ 10 ਮਰਲੇ ਅਤੇ ਮਕਾਨ ਬਣਾਉਣ ਲਈ ਢੁਕਵੀਂ ਗ੍ਰਾਂਟ ਦੇਣ, ਪੰਜਾਬ ਵਿੱਚ ਖੇਤੀ ਅਧਾਰਤ ਸਨਅਤਾਂ ਲਾ ਕੇ ਰੁਜ਼ਗਾਰ ਦੇ ਵਸੀਲੇ ਪੈਦਾ ਕਰਨ, ਮਹਿੰਗਾਈ ਨੂੰ ਰੋਕਣ ਲਈ ਸਰਵਜਨਕ ਜਨਤਕ ਵੰਡ ਪ੍ਰਣਾਲੀ ਮਜ਼ਬੂਤ ਕਰਕੇ ਨਿੱਤ ਵਰਤੋਂ ਦੀਆਂ ਜ਼ਰੂਰੀ ਵਸਤਾਂ ਸਸਤੇ ਭਾਅ ਤੇ ਮੁੱਹਈਆ ਕਰਵਾਈਆਂ ਜਾਣ ਅਤੇ ਪੀਣ ਵਾਲੇ ਸਾਫ ਸੁਥਰੇ ਪਾਣੀ ਦਾ ਮੁਫ਼ਤ ਪ੍ਰਬੰਧ ਕੀਤਾ ਜਾਵੇ। ਮੀਟਿੰਗ ਵਿੱਚ ਪਰਮਜੀਤ ਜਮਸ਼ੇਰ, ਤਰਸੇਮ ਕਾਦੀਆਂ, ਰਾਕੇਸ਼ ਚਿੱਤੇਆਣੀ, ਹਾਜ਼ਰ ਸਨ।

ਪੈਨਸ਼ਰਜ਼ ਯੂਨੀਅਨ ਪੰਜਾਬ ਦਾ ਵਫਦ ਪ੍ਰਨੀਤ ਕੌਰ ਨੂੰ ਮਿਲਿਆ

ਮੋਹਾਲੀ (ਗੁਰਜੀਤ ਬਿੱਲਾ) ਪੰਚਾਇਤੀ ਰਾਜ ਪੈਨਸ਼ਰਜ਼ ਯੂਨੀਅਨ ਪੰਜਾਬ ਦਾ ਵਫਦ ਡਾਇਰੈਕਟਰ ਪੰਚਾਇਤ ਵਿਭਾਗ ਪੰਜਾਬ ਦੇ ਮੁੱਖ ਦਫ਼ਤਰ ਵਿਕਾਸ ਭਵਨ ਵਿਖੇ ਪੰਚਾਇਤ ਸਮਿਤੀਆਂ/ ਜ਼ਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰਾਂ ਦੀਆਂ ਸਮੱਸਿਆਵਾਂ ਬਾਰੇ ਪੈਨਸ਼ਨ ਸੈਲ ਦੇ ਮੁੱਖੀ ਸਹਾਇਕ ਡਾਇਰੈਕਟਰ ਸ੍ਰੀਮਤੀ ਪ੍ਰਨੀਤ ਕੌਰ ਨੂੰ ਉਹਨਾਂ ਦੇ ਦਫ਼ਤਰ ਵਿੱਚ ਮਿਲਿਆ।ਇਸ ਮੁਲਾਕਾਤ ਸਮੇਂ ਸਹਾਇਕ ਡਾਇਰੈਕਟਰ ਸਾਹਿਬਾਂ ਨੇ ਵਫਦ ਨੂੰ ਭਰੋਸਾ ਦਿਵਾਇਆ ਕਿ ਸਤੰਬਰ ਮਹੀਨੇ ਦੀ ਪੈਨਸ਼ਨ ਤੱਕ ਲਗਭਗ ਸਾਰਿਆਂ ਹੀ ਪੈਨਸ਼ਨਾਂ ਨੂੰ ਛੇਵੇਂ ਪੇ ਕਮਿਸ਼ਨ ਅਨੁਸਾਰ ਪੈਨਸ਼ਨ ਪਾਉਣੀ ਸ਼ੁਰੂ ਕਰ ਦਿੱਤੀ ਜਾਵੇਗੀ।ਜਥੇਬੰਦੀ ਦੇ ਆਗੂਆਂ ਕੁਲਵੰਤ ਕੌਰ ਬਾਠ, ਲਛਮਨ ਸਿੰਘ ਗਰੇਵਾਲ, ਗੁਰਮੀਤ ਸਿੰਘ ਭਾਂਖਰਪੁਰ, ਜਗੀਰ ਢਿਲੋਂ ਆਦਿ ਨੇ ਸਹਾਇਕ ਡਾਇਰੈਕਟਰ ਸਾਹਿਬਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਪੈਨਸ਼ਨਰਾਂ ਦੀਆਂ ਸਮਸਿਆਵਾਂ ਨੂੰ ਤੇਜੀ ਨਾਲ ਨਿਪਟਾਇਆ ਜਾਵੇ।ਇਸ ਸੰਬੰਧ ਵਿੱਚ ਜਥੇਬੰਦੀ ਵਲੋਂ 10 ਸਤੰਬਰ ਨੂੰ ਡਾਇਰੈਕਟਰ ਪੰਚਾਇਤ ਵਿਭਾਗ ਪੰਜਾਬ ਦੇ ਮੁੱਖ ਦਫ਼ਤਰ ਸਾਹਮਣੇ ਧਰਨਾ ਵੀ ਦਿੱਤਾ ਜਾਵੇਗਾ।ਪ੍ਰੈਸ ਲਈ ਜਾਣਕਾਰੀ ਗੁਰਮੀਤ ਸਿੰਘ ਭਾਂਖਰਪੁਰ (ਜਨਰਲ ਸਕੱਤਰ) ਅਤੇ ਸਕੱਤਰ ਜਗੀਰ ਢਿਲੋਂ ਵਲੋਂ ਜਾਰੀ ਕੀਤੀ ਗਈ ਹੈ।

ਮੀਂਹ ਕਾਰਨ ਗਰੀਬ ਪਰਵਾਰ ਦਾ ਮਕਾਨ ਡਿੱਗਾ

ਫਿਲੌਰ (ਨਿਰਮਲ)- ਬੀਤੇ ਦਿਨੀਂ ਭਾਰੀ ਮੀਂਹ ਫਿਲੌਰ ਦੇ ਮੁਹੱਲਾ ਸੰਤੋਖਪੁਰਾ ਦੇ ਗਰੀਬ ਪਰਵਾਰ ਲਈ ਆਫ਼ਤ ਬਣ ਕੇ ਆਇਆ। ਭਾਰੀ ਮੀਂਹ ਕਾਰਨ ਬੀਤੇ ਦਿਨੀਂ ਮਾਧੋ ਰਾਮ ਪੁੱਤਰ ਕਰਮਾ ਰਾਮ ਦੇ ਮਕਾਨ ਦੀ ਛੱਤ ਡਿੱਗ ਪਈ ਤੇ ਪਰਵਾਰ ਦਾ ਇੱਕ ਮੈਂਬਰ ਪਵਿੱਤਰ ਕੁਮਾਰ ਗੰਭੀਰ ਰੂਪ ਵਿੱਚ ਜਖਮੀ ਹੋ ਗਿਆ ਜਿਸ ਨੂੰ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ ਤੇ ਇਲਾਜ ਤੋਂ ਬਾਅਦ ਛੁੱਟੀ ਕਰ ਦਿੱਤੀ ਗਈ।ਪਰਵਾਰ ਦੀ ਸਾਰ ਲੈਣ ਆਏ ਦਿਹਾਤੀ ਮਜਦੂਰ ਸਭਾ ਦੇ ਤਹਿਸੀਲ ਫਿਲੌਰ ਦੇ ਪ੍ਰਧਾਨ ਜਰਨੈਲ ਫਿਲੌਰ ਅਤੇ ਹੋਰ ਆਗੂਆ ਮਾਸਟਰ ਹੰਸ ਰਾਜ, ਡਾਕਟਰ ਸੰਦੀਪ ਕੁਮਾਰ ਤੇ ਕਰਨੈਲ ਸਿੰਘ ਸੰਤੋਖਪੁਰਾ ਨੇ ਮੰਗ ਕੀਤੀ ਕਿ ਗਰੀਬ ਪਰਵਾਰ ਨੂੰ ਮਕਾਨ ਲਈ ਮੁਆਵਜ਼ਾ ਦਿੱਤਾ ਜਾਵੇ ਤੇ ਜਖ਼ਮੀ ਦਾ ਫਿਲਹਾਲ ਕਰਵਾਇਆ ਜਾਵੇ।ਇਸ ਮੌਕੇ ਕਾਮਰੇਡ ਜਰਨੈਲ ਫਿਲੌਰ ਨੇ ਦੱਸਿਆ ਕਿ ਪੀੜਤ ਪਰਵਾਰ ਦੀ ਹਾਲਤ ਗਰੀਬੀ ਕਾਰਨ ਬਹੁਤ ਖਰਾਬ ਹੈ, ਰੁਜਗਾਰ ਦਾ ਕੋਈ ਸਾਧਨ ਨਹੀਂ ਹੈ, ਇੱਕ ਮੈਂਬਰ ਪਹਿਲਾਂ ਹੀ ਗੰਭੀਰ ਬਿਮਾਰੀ ਤੋਂ ਪੀੜਤ ਹੈ, ਦੂਸਰਾ ਜਖਮੀ ਹੋ ਗਿਆ।ਪਰਵਾਰ ਦਾ ਮੁਖੀ ਮੇਲਿਆ ਤੇ ਖਿਡੌਣੇ ਵੇਚ ਕੇ ਆਪਣਾ ਪਰਵਾਰ ਦਾ ਗੁਜ਼ਾਰਾ ਬੜੀ ਮੁਸ਼ਕਿਲ ਨਾਲ ਕਰਦਾ ਹੈ। ਇਸ ਮੌਕੇ ਪਰਵਾਰ ਦੇ ਮੈਂਬਰ ਸੁਦਰਸ਼ਨ ਕੁਮਾਰ, ਪਵਿੱਤਰ ਕੁਮਾਰ, ਸਿਮਰਜੀਤ ਕੌਰ ਸੀਮਾ, ਖੁਸ਼ੀ ਤੋਂ ਇਲਾਵਾ ਸਰੋਜ ਰਾਣੀ, ਨਿੱਕਾ ਸੰਧੂ, ਮੱਖਣ ਰਾਮ, ਹਰੀ ਪਾਲ, ਦੇਵ ਰਾਮ, ਨਛੱਤਰ ਫੌਜੀ ਤੇ ਤੇਜੂ ਰਾਮ ਹਾਜ਼ਰ ਸਨ।

ਸੀ ਪੀ ਨੇ ਪੁਲਸ-ਜਨਤਾ ਤਾਲਮੇਲ ਲਈ ਮਿਸ਼ਨ ਸਹਿਯੋਗ ਦੀ ਕੀਤੀ ਸ਼ੁਰੂਆਤ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਉੱਭੀ) ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਲੋਕਾਂ ਅਤੇ ਪੁਲਸ ਦਰਮਿਆਨ ਸੰਬੰਧਾਂ ਨੂੰ ਮਜ਼ਬੂਤ ਕਰਨ ਲਈ ਬਿਹਤਰ ਪੁਲਸ ਪਬਲਿਕ ਭਾਈਵਾਲੀ ਦੇ ਉਦੇਸ਼ ਨਾਲ 'ਸਹਿਯੋਗ' ਦੀ ਸ਼ੁਰੂਆਤ ਕੀਤੀ।ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਪੁਲਸ ਕਮਿਸ਼ਨਰ ਨੇ ਕਿਹਾ ਕਿ ਇਸ ਦਾ ਉਦੇਸ਼ ਪੁਲਸ ਅਤੇ ਜਨਤਾ ਦਰਮਿਆਨ ਬਿਹਤਰ ਤਾਲਮੇਲ ਨੂੰ ਯਕੀਨੀ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਇਹ ਮੁਹਿੰਮ ਚਾਰ ਹਫ਼ਤਿਆਂ ਤੱਕ ਚਲਾਈ ਜਾਵੇਗੀ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਲਈ ਵਧੇਰੇ ਜਾਣਕਾਰੀ ਦੇ ਪ੍ਰਸਾਰ 'ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ। ਸਵਪਨ ਸ਼ਰਮਾ ਨੇ ਦੱਸਿਆ ਕਿ ਕਮਿਸ਼ਨਰੇਟ ਪੁਲਸ ਦੇ 20 ਅਧਿਕਾਰੀ ਰੋਜ਼ਾਨਾ ਦੇ ਆਧਾਰ 'ਤੇ ਗੈਰ ਸਰਕਾਰੀ ਸੰਗਠਨਾਂ ਨਾਲ ਮੀਟਿੰਗਾਂ ਕਰਕੇ ਸ਼ਹਿਰ ਦੀ ਬਿਹਤਰੀ ਲਈ ਰਣਨੀਤੀ ਉਲੀਕਣਗੇ।ਪੁਲਸ ਕਮਿਸ਼ਨਰ ਨੇ ਕਿਹਾ ਕਿ ਇਸ ਦਾ ਉਦੇਸ਼ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆਉਣਾ ਹੈ ਜਿਸ ਲਈ ਲੋਕਾਂ ਨੂੰ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮੂਲ ਮੰਤਵ ਪੁਲਸ ਅਤੇ ਜਨਤਾ ਦਰਮਿਆਨ ਬਿਹਤਰ ਤਾਲਮੇਲ ਅਤੇ ਸੰਚਾਰ ਨੂੰ ਯਕੀਨੀ ਬਣਾਉਣਾ ਹੈ। ਸਵਪਨ ਸ਼ਰਮਾ ਨੇ ਕਿਹਾ ਕਿ ਆਮ ਲੋਕਾਂ ਰਾਹੀਂ ਵੱਧ ਤੋਂ ਵੱਧ ਜਾਣਕਾਰੀ ਪ੍ਰਾਪਤ ਕਰਨ ਲਈ ਫੀਡਬੈਕ ਇਸ ਮੁਹਿੰਮ ਦਾ ਸਭ ਤੋਂ ਮਹੱਤਵਪੂਰਨ ਪਹਿਲੂ ਹੈ।ਪੁਲਸ ਕਮਿਸ਼ਨਰ ਨੇ ਲੋਕਾਂ ਤੋਂ ਵੱਧ ਤੋਂ ਵੱਧ ਸਹਿਯੋਗ ਅਤੇ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਸ਼ਹਿਰ ਅਤੇ ਇਸ ਦੇ ਵਸਨੀਕਾਂ ਨੂੰ ਦਰਪੇਸ਼ ਜ਼ਿਆਦਾਤਰ ਸਮੱਸਿਆਵਾਂ ਦਾ ਹੱਲ ਕਰਨਾ ਸਮੇਂ ਦੀ ਲੋੜ ਹੈ।

ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਰਾਸ਼ਟਰੀ ਖੇਡ ਦਿਵਸ ਮਨਾਇਆ

ਸੁਲਤਾਨਪੁਰ ਲੋਧੀ (ਹਨੀ) ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿੱਚ ਰਾਸ਼ਟਰੀ ਖੇਡ ਦਿਵਸ ਮਨਾਇਆ ਗਿਆ।ਜੋ ਮੇਜਰ ਧਿਆਨ ਚੰਦ ਦੇ ਖੇਡਾਂ ਦੇ ਖੇਤਰ ਵਿੱਚ ਬੇਮਿਸਾਲ ਯੋਗਦਾਨ ਅਤੇ ਉਨ੍ਹਾਂ ਦੇ ਜਨਮ ਦਿਨ ਨੂੰ ਸਮਰਪਿਤ ਰਿਹਾ।ਇਸ ਦੌਰਾਨ ਸਕੂਲ ਵਿੱਚ ਸਪੋਰਟਸ ਨਾਲ ਸੰਬੰਧਿਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ